@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

कौमी पत्रिका
Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Tuesday, 27 October 2026

VISIT:
www.qaumipatrika.org
Email: qpatrika@gmail.com

Punjabi National Daily

ਨਵੀਂ ਦਿੱਲੀ: ਮੰਗਲਵਾਰ 27 ਅਕਤੂਬਰ 2026, 13 ਕੱਤਕੁ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 354, qpatrika@gmail.com ਫੋਨ : 9971359517 www.qaumipatrika.org

ਪ੍ਰਧਾਨ ਮੰਤਰੀ ਮੋਦੀ ਨੇ ਮਹਾਰਿਸ਼ੀ ਵਾਲਮੀਕਿ ਦੀ ਜਯੰਤੀ 'ਤੇ ਉਨ੍ਹਾਂ ਦੀ ਅਨਮੋਲ ਵਿਰਾਸਤ ਨੂੰ ਭੇਟ ਕੀਤੀ ਸ਼ਰਧਾਂਜਲੀ

ਕੌਮੀ ਪਤ੍ਰਿਕਾ
ਸਿਮੀ ਕੌਰ ਬੱਬਰ

ਨਵੀਂ ਦਿੱਲੀ 26 ਅਕਤੂਬਰ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਮਹਾਰਿਸ਼ੀ ਵਾਲਮੀਕਿ ਜਯੰਤੀ 'ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਭਾਰਤ ਦੀ ਸੱਭਿਆਚਾਰਕ ਵਿਰਾਸਤ ਵਿੱਚ ਇਸ ਮਹਾਨ ਰਿਸ਼ੀ ਦੇ ਯੋਗਦਾਨ ਨੂੰ ਉਜਾਗਰ ਕੀਤਾ ਅਤੇ ਉਨ੍ਹਾਂ ਦੀਆਂ ਸਦੀਵੀ ਸਿੱਖਿਆਵਾਂ ਨੂੰ ਪੀੜ੍ਹੀਆਂ ਤੱਕ ਮਨੁੱਖਤਾ ਲਈ ਮਾਰਗਦਰਸ਼ਕ ਚਾਨਣ ਮੁਨਾਰਾ ਦੱਸਿਆ। ਪ੍ਰਧਾਨ ਮੰਤਰੀ ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ 'X' 'ਤੇ ਇੱਕ ਪੋਸਟ ਵਿੱਚ ਕਿਹਾ, ਮਹਾਰਿਸ਼ੀ ਵਾਲਮੀਕਿ ਜਯੰਤੀ 'ਤੇ ਸਾਰਿਆਂ ਨੂੰ ਹਾਰਦਿਕ ਸ਼ੁਭਕਾਮਨਾਵਾਂ। ਉਨ੍ਹਾਂ ਦੇ ਮਹਾਨ ਵਿਚਾਰ ਭਾਰਤੀ ਸੱਭਿਆਚਾਰ ਅਤੇ ਵਿਰਾਸਤ ਦੀ ਨੀਂਹ ਰਹੇ ਹਨ ਅਤੇ ਹਰ ਯੁੱਗ ਵਿੱਚ ਦੇਸ਼ ਦੀ ਤਰੱਕੀ ਦਾ ਸਮਰਥਨ ਕਰਦੇ ਰਹਿਣਗੇ। ਮਨੁੱਖਤਾ ਲਈ ਉਨ੍ਹਾਂ ਦੇ ਅਨਮੋਲ ਸੰਦੇਸ਼ ਹਮੇਸ਼ਾ ਸਾਡੇ ਦੇਸ਼ ਵਾਸੀਆਂ ਲਈ ਮਾਰਗਦਰਸ਼ਕ ਰੌਸ਼ਨੀ ਵਜੋਂ ਕੰਮ ਕਰਨਗੇ।

ਉਨ੍ਹਾਂ ਕਿਹਾ, ਮਹਾਰਿਸ਼ੀ ਵਾਲਮੀਕਿ, ਜਿਨ੍ਹਾਂ ਨੂੰ ਆਦਿ ਕਵੀ (ਪਹਿਲਾ ਕਵੀ) ਦੇ ਰੂਪ ਵਿਚ ਸਨਮਾਨ ਪ੍ਰਾਪਤ ਹੈ, ਰਵਾਇਤੀ ਤੌਰ 'ਤੇ ਰਾਮਾਇਣ ਦਾ ਲੇਖਕ ਮੰਨੇ ਜਾਂਦੇ ਹਨ। ਰਾਮਾਇਣ ਭਾਰਤੀ ਸਾਹਿਤ ਅਤੇ ਅਧਿਆਤਮਿਕ ਪਰੰਪਰਾ ਵਿੱਚ ਸਭ ਤੋਂ ਪ੍ਰਭਾਵਸ਼ਾਲੀ ਮਹਾਂਕਾਵਿਆਂ ਵਿੱਚੋਂ ਇੱਕ ਹੈ। ਇਹ ਮਹਾਂਕਾਵਿ ਭਗਵਾਨ ਰਾਮ ਦੇ ਜੀਵਨ ਦਾ ਵਰਣਨ ਕਰਦਾ ਹੈ ਅਤੇ ਸੱਚ, ਧਾਰਮਿਕਤਾ, ਕਰਤੱਵ, ਦਇਆ ਅਤੇ ਭਗਤੀ ਵਰਗੇ ਸਦੀਵੀ ਆਦਰਸ਼ਾਂ ਨੂੰ ਪੇਸ਼ ਕਰਦਾ ਹੈ। ਸਾਹਿਤ, ਦਰਸ਼ਨ ਅਤੇ ਅਧਿਆਤਮਿਕ ਵਿਚਾਰਾਂ ਵਿੱਚ ਮਹਾਰਿਸ਼ੀ ਵਾਲਮੀਕਿ ਦੇ ਯੋਗਦਾਨ ਦਾ ਸਨਮਾਨ ਕਰਨ ਲਈ ਵਾਲਮੀਕਿ ਜਯੰਤੀ ਮਨਾਈ ਜਾਂਦੀ ਹੈ। ਉਨ੍ਹਾਂ ਦੀ ਵਿਰਾਸਤ ਸਿਰਫ਼ ਰਾਮਾਇਣ ਦੀ ਰਚਨਾ ਤੱਕ ਸੀਮਿਤ ਨਹੀਂ ਹੈ। ਇਸ ਮਹਾਂਕਾਵਿ ਵਿੱਚ ਸ਼ਾਮਲ ਕਦਰਾਂ-ਕੀਮਤਾਂ ਅੱਜ ਵੀ ਭਾਰਤ ਦੀਆਂ ਸੱਭਿਆਚਾਰਕ ਪਰੰਪਰਾਵਾਂ, ਧਾਰਮਿਕ ਅਭਿਆਸਾਂ ਅਤੇ ਸਮਾਜਿਕ ਜੀਵਨ ਨੂੰ ਪ੍ਰਭਾਵਿਤ ਕਰਦੀਆਂ ਰਹਿੰਦੀਆਂ ਹਨ। ਪ੍ਰਧਾਨ ਮੰਤਰੀ ਮੋਦੀ ਦੇ ਸੰਦੇਸ਼ ਨੇ ਮਹਾਰਿਸ਼ੀ ਵਾਲਮੀਕਿ ਦੀਆਂ ਸਿੱਖਿਆਵਾਂ ਦੀ ਨਿਰੰਤਰ ਸਾਰਥਕਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਸਿੱਖਿਆਵਾਂ ਨਾ ਸਿਰਫ਼ ਭਾਰਤ ਦੀ ਸੱਭਿਆਚਾਰਕ ਪਛਾਣ ਲਈ, ਸਗੋਂ ਸਾਰੀ ਮਨੁੱਖਤਾ ਲਈ ਵੀ ਬਹੁਤ ਮਹੱਤਵਪੂਰਨ ਹਨ। ਪ੍ਰਧਾਨ ਮੰਤਰੀ ਦੀ ਸ਼ਰਧਾਂਜਲੀ ਇਸ ਗੱਲ ਨੂੰ ਉਜਾਗਰ ਕਰਦੀ ਹੈ ਕਿ ਕਿਵੇਂ ਇਸ ਮਹਾਨ ਰਿਸ਼ੀ ਦੀ ਸਾਹਿਤਕ ਅਤੇ ਦਾਰਸ਼ਨਿਕ ਵਿਰਾਸਤ ਨੇ ਪੀੜ੍ਹੀਆਂ ਤੋਂ ਲੋਕਾਂ ਨੂੰ ਪ੍ਰੇਰਿਤ ਕੀਤਾ ਹੈ।

ਰਾਮ ਮੰਦਰ ਦੇ ਨਿਰਮਾਣ ਲਈ ਇਕੱਠੇ ਕੀਤੇ ਚੰਦੇ 'ਚ ਵੀ 'ਡਾਕਾ' ਮਾਰਿਆ ਗਿਆ, ਪਰ ਜਾਂਚ ਨਹੀਂ ਹੋਈ : ਜੈਰਾਮ ਰਮੇਸ਼

ਕੌਮੀ ਪਤ੍ਰਿਕਾ

ਨਵੀਂ ਦਿੱਲੀ, 26 ਅਕਤੂਬਰ। ਕਾਂਗਰਸ ਨੇ ਦੋਸ਼ ਲਾਇਆ ਕਿ ਅਯੁੱਧਿਆ ਸਥਿਤ ਸ਼੍ਰੀ ਰਾਮ ਮੰਦਰ 'ਚ ਚੜ੍ਹਾਵੇ ਦੀ ਚੋਰੀ ਨਹੀਂ ਹੋਈ, ਸਗੋਂ ਮੰਦਰ ਨਿਰਮਾਣ ਲਈ ਇਕੱਠੇ ਕੀਤੇ ਚੰਦੇ 'ਚ ਵੀ 'ਡਾਕਾ' ਮਾਰਿਆ ਗਿਆ ਅਤੇ ਇਸ ਨਾਲ ਜੁੜੇ ਦੋਸ਼ਾਂ ਦੀ ਜਾਂਚ ਨਹੀਂ ਕੀਤੀ ਗਈ। ਕਾਂਗਰਸ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਸਵਾਲ ਕੀਤਾ ਕਿ ਉਨ੍ਹਾਂ ਦੇ 'ਨੱਕ ਹੇਠਾਂ ਚੰਦਾ ਚੋਰੀ ਅਤੇ ਚੜ੍ਹਾਵਾ ਚੋਰੀ' ਹੁੰਦਾ ਰਿਹਾ ਤਾਂ ਉਨ੍ਹਾਂ ਨੇ ਇਸ ਨੂੰ ਆਪਣੀ 'ਮੂਕ ਸਹਿਮਤੀ' ਦੇ ਕੇ ਖੁਦ ਨੂੰ 'ਪਾਪ ਦਾ ਭਾਗੀ' ਕਿਉਂ ਬਣਾਇਆ? ਰਮੇਸ਼ ਨੇ 'ਐਕਸ' 'ਤੇ ਇਕ ਪੋਸਟ 'ਚ ਰਾਮ ਮੰਦਰ ਟਰੱਸਟ ਦੇ ਬਾਗ਼ ਬਿਜੈਸੀ ਜ਼ਮੀਨ ਸੌਦੇ ਨੂੰ ਲੈ ਕੇ ਭਾਜਪਾ, ਆਰ. ਐੱਸ. ਐੱਸ. ਅਤੇ ਵਿਸ਼ਵ ਹਿੰਦੂ ਪ੍ਰੀਸ਼ਦ ਨੂੰ ਨਿਸ਼ਾਨੇ 'ਤੇ ਲਿਆ। ਉਨ੍ਹਾਂ ਦੋਸ਼ ਲਾਇਆ, "ਭਾਜਪਾ, ਆਰ. ਐੱਸ. ਐੱਸ., ਵਿਸ਼ਵ ਹਿੰਦੂ ਪ੍ਰੀਸ਼ਦ ਕਾ ਸਪਨਾ, ਚੰਦੇ ਕਾ ਮਾਲ ਅਪਨਾ।" ਉਨ੍ਹਾਂ ਜ਼ਮੀਨ ਸਬੰਧੀ ਸੌਦੇ ਦਾ ਹਵਾਲਾ ਦਿੰਦੇ ਹੋਏ ਦਾਅਵਾ ਕੀਤਾ ਕਿ ਦੋਹਾਂ ਰਜਿਸਟਰੀਆਂ 'ਚ ਗਵਾਹ ਵੀ ਇਕ ਹੀ ਸਨ, ਜਿਨ੍ਹਾਂ 'ਚ ਤਤਕਾਲੀ ਭਾਜਪਾ ਮੇਅਰ ਰਿਸ਼ੀਕੇਸ਼ ਉਪਾਧਿਆਏ ਅਤੇ ਟਰੱਸਟੀ ਅਨਿਲ ਮਿਸ਼ਰਾ ਸ਼ਾਮਲ ਸਨ। ਰਮੇਸ਼ ਨੇ ਸਵਾਲ ਕੀਤਾ, "ਕੀ ਇਹ ਸਹੀ ਨਹੀਂ ਹੈ ਕਿ 2021 ਦੀ ਜਾਂਚ ਰਿਪੋਰਟ 5 ਸਾਲ ਬਾਅਦ ਵੀ ਜਨਤਕ ਨਹੀਂ ਹੋਈ? ਜ਼ਮੀਨ ਸੌਦਿਆਂ 'ਚ ਐੱਸ. ਆਈ. ਟੀ. ਜਾਂਚ ਦਾ ਨਤੀਜਾ ਕਦੋਂ ਆਵੇਗਾ?" ਕਾਂਗਰਸ ਜਨਰਲ ਸਕੱਤਰ ਨੇ ਦੋਸ਼ ਲਾਇਆ ਕਿ ਰਾਮ ਮੰਦਰ 'ਚ 'ਸਿਰਫ ਚੜ੍ਹਾਵਾ ਹੀ ਚੋਰੀ ਨਹੀਂ ਹੋਇਆ ਹੈ', ਸਗੋਂ ਮੰਦਰ ਨਿਰਮਾਣ ਲਈ ਦੇਸ਼ ਦੇ ਕਰੋੜਾਂ ਲੋਕਾਂ ਤੋਂ ਜੁਟਾਏ ਗਏ ਹਜ਼ਾਰਾਂ ਕਰੋੜ ਰੁਪਏ ਦੇ ਚੰਦੇ 'ਚ ਵੀ 'ਡਾਕਾ ਮਾਰਿਆ ਗਿਆ'। ਉਨ੍ਹਾਂ ਦਾਅਵਾ ਕੀਤਾ ਕਿ ਵਿਰੋਧੀ ਧਿਰ ਵੱਲੋਂ ਵਾਰ-ਵਾਰ ਸਵਾਲ ਉਠਾਏ ਜਾਣ ਦੇ ਬਾਵਜੂਦ ਭਾਜਪਾ, ਰਾਸ਼ਟਰੀ ਸਵੈਮਸੇਵਕ ਸੰਘ (ਆਰ. ਐੱਸ. ਐੱਸ.) ਅਤੇ ਵਿਸ਼ਵ ਹਿੰਦੂ ਪ੍ਰੀਸ਼ਦ (ਵਿਹਿਪ) ਨਾਲ ਜੁੜੇ ਲੋਕਾਂ 'ਤੇ ਲੱਗੇ ਦੋਸ਼ਾਂ ਨੂੰ ਲੈ ਕੇ ਨਾ ਤਾਂ ਕੋਈ ਜਾਂਚ ਹੋਈ ਅਤੇ ਨਾ ਹੀ ਕੋਈ ਕਾਰਵਾਈ ਕੀਤੀ ਗਈ। ਕਾਂਗਰਸ ਨੇ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਦਾ 'ਪੂਰਾ ਤੰਤਰ' ਨਿਰਾਸ਼ਾ ਅਤੇ ਘਬਰਾਹਟ ਵਿਚ ਲੋਕਾਂ ਦਾ ਧਿਆਨ ਭਟਕਾਉਣ ਅਤੇ 'ਅਸਲ ਮੁੱਦਿਆਂ' ਤੋਂ ਧਿਆਨ ਹਟਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਪਰ ਸਫ਼ਲ ਨਹੀਂ ਹੋਵੇਗਾ। ਪਾਰਟੀ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਇਹ ਦਾਅਵਾ ਵੀ ਕੀਤਾ ਕਿ 'ਝੂਠ ਫੈਲਾਉਣਾ' ਪ੍ਰਧਾਨ ਮੰਤਰੀ ਦੇ ਤੰਤਰ ਦੇ ਡੀ. ਐੱਨ. ਏ. ਵਿਚ ਹੈ। ਉਨ੍ਹਾਂ ਨੇ 'ਐਕਸ' 'ਤੇ ਪੋਸਟ ਕੀਤਾ ਕਿ ਪ੍ਰਧਾਨ ਮੰਤਰੀ ਦਾ ਪੂਰਾ ਤੰਤਰ ਹੁਣ ਨਿਰਾਸ਼ਾ ਅਤੇ ਘਬਰਾਹਟ ਵਿਚ ਲੋਕਾਂ ਦਾ ਧਿਆਨ ਭਟਕਾਉਣ ਅਤੇ ਅਸਲ ਮੁੱਦਿਆਂ ਤੋਂ ਧਿਆਨ ਹਟਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ 'ਵੋਟ ਚੋਰੀ ਹੁਣ ਇਕ ਸਾਬਤ ਹੋ ਚੁੱਕੀ ਸੱਚਾਈ ਹੈ' ਅਤੇ ਚੋਣ ਕਮਿਸ਼ਨ ਦੇ ਆਪਣੇ ਅੰਕੜਿਆਂ ਮੁਤਾਬਕ, 10 ਕਰੋੜ ਤੋਂ ਵੱਧ ਭਾਰਤੀਆਂ ਦੇ ਵੋਟ ਪਾਉਣ ਦੇ ਸੰਵਿਧਾਨਕ ਅਧਿਕਾਰ 'ਤੇ ਖ਼ਤਰਾ ਮੰਡਰਾਅ ਰਿਹਾ ਹੈ। ਕਾਂਗਰਸ ਨੇਤਾ ਨੇ ਦੋਸ਼ ਲਾਇਆ ਕਿ ਚੋਣ ਕਮਿਸ਼ਨ ਨੇ ਨਵੇਂ ਵੋਟਰਾਂ ਲਈ ਰੁਕਾਵਟਾਂ ਖੜ੍ਹੀਆਂ ਕਰਨ ਦੇ ਮਕਸਦ ਨਾਲ ਫਾਰਮ-6 ਵਿਚ 'ਗ਼ੈਰ-ਕਾਨੂੰਨੀ ਬਦਲਾਅ' ਕੀਤੇ ਹਨ।

ਬਰੀ ਹੋ ਗਏ ਰਾਹੁਲ ਗਾਂਧੀ ! ਅਦਾਲਤ ਨੇ 2018 ਦੇ ਮਾਣਹਾਨੀ ਕੇਸ 'ਚ ਸੁਣਾਇਆ ਵੱਡਾ ਫ਼ੈਸਲਾ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨੈਸ਼ਨਲ ਡੈਸਕ 26 ਅਕਤੂਬਰ। ਉੱਤਰ ਪ੍ਰਦੇਸ਼ ਦੀ ਸੁਲਤਾਨਪੁਰ ਐੱਮ.ਪੀ.-ਐੱਮ.ਐੱਲ.ਏ. ਅਦਾਲਤ ਨੇ ਸੋਮਵਾਰ ਨੂੰ ਕਾਂਗਰਸੀ ਸੰਸਦ ਮੈਂਬਰ ਅਤੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਵੱਡੀ ਰਾਹਤ ਦਿੰਦਿਆਂ 2018 'ਚ ਅਮਿਤ ਸ਼ਾਹ ਖ਼?ਲਾਫ਼ ਦਿੱਤੇ ਵਿਵਾਦਪੂਰਨ ਬਿਆਨ ਨਾਲ ਸਬੰਧਤ ਮਾਣਹਾਨੀ ਕੇਸ 'ਚੋਂ ਬਰੀ ਕਰ ਦਿੱਤਾ ਹੈ। ਇਹ ਕੇਸ ਭਾਜਪਾ ਦੇ ਸਥਾਨਕ ਨੇਤਾ ਵਿਜੇ ਮਿਸ਼ਰਾ ਵੱਲੋਂ ਦਰਜ ਕਰਵਾਇਆ ਗਿਆ ਸੀ, ਜਿਸ 'ਚ ਦੋਸ਼ ਲਗਾਇਆ ਗਿਆ ਸੀ ਕਿ ਰਾਹੁਲ ਗਾਂਧੀ ਨੇ ਅਮਿਤ ਸ਼ਾਹ, ਜੋ ਕਿ ਉਸ ਸਮੇਂ ਭਾਜਪਾ ਦੇ ਕੌਮੀ ਪ੍ਰਧਾਨ ਸੀ ਤੇ ਹੁਣ ਮੌਜੂਦਾ ਗ੍ਰਹਿ ਮੰਤਰੀ ਹਨ, ਖ਼?ਲਾਫ਼ ਅਪਮਾਨਜਨਕ ਟਿੱਪਣੀਆਂ ਕੀਤੀਆਂ ਸਨ। ਇਸ ਕੇਸ ਦੀ ਸੁਣਵਾਈ ਲਈ ਸੁਲਤਾਨਪੁਰ ਆਉਂਦਿਆਂ ਰਾਹੁਲ ਗਾਂਧੀ ਦੇ ਕਾਫ਼ਲੇ ਦਾ ਪੂਰਵਾਂਚਲ ਨੇੜੇ ਐਕਸੀਡੈਂਟ ਵੀ ਹੋ ਗਿਆ ਸੀ, ਜਿਸ ਦੌਰਾਨ ਇਕ ਕਾਰ ਵੱਲੋਂ ਅਚਾਨਕ ਬ੍ਰੇਕ ਲਗਾਏ ਜਾਣ ਕਾਰਨ ਕਈ ਗੱਡੀਆਂ ਦੀ ਆਪਸ 'ਚ ਟੱਕਰ ਹੋ ਗਈ ਸੀ। ਇਸ ਹਾਦਸੇ 'ਚ ਕੁਝ ਲੋਕ ਜ਼ਖ਼ਮੀ ਹੋਏ ਸਨ, ਪਰ ਰਾਹੁਲ ਗਾਂਧੀ ਪੂਰੀ ਤਰ੍ਹਾਂ ਸੁਰੱਖਿਅਤ ਹਨ। ਰਾਹੁਲ ਗਾਂਧੀ ਇਸ ਸਾਲ ਫਰਵਰੀ 'ਚ ਸੁਲਤਾਨਪੁਰ ਦੀ ਐੱਮ.ਪੀ.-ਐੱਮ.ਐੱਲ.ਏ. ਅਦਾਲਤ 'ਚ ਪੇਸ਼ ਹੋਏ ਸਨ, ਜਿੱਥੇ ਉਨ੍ਹਾਂ ਨੇ ਆਪਣੇ 'ਤੇ ਲੱਗੇ ਸਾਰੇ ਦੋਸ਼ਾਂ ਨੂੰ ਨਕਾਰਦਿਆਂ ਇਸ ਸ਼ਿਕਾਇਤ ਨੂੰ ਰਾਜਨੀਤੀ ਤੋਂ ਪ੍ਰੇਰਿਤ ਦੱਸਿਆ ਸੀ। ਰਾਹੁਲ ਗਾਂਧੀ ਦੇ ਵਕੀਲ ਕਾਸ਼ੀ ਪ੍ਰਸਾਦ ਸ਼ੁਕਲਾ ਨੇ ਅਦਾਲਤ 'ਚ ਦਲੀਲ ਦਿੱਤੀ ਸੀ ਕਿ ਇਹ ਕੇਸ ਪੂਰੀ ਤਰ੍ਹਾਂ ਬੇਬੁਨਿਆਦ ਹੈ ਅਤੇ ਇਸ ਦਾ ਕੋਈ ਕਾਨੂੰਨੀ ਆਧਾਰ ਨਹੀਂ ਹੈ। ਦੋਵਾਂ ਪੱਖਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਅਦਾਲਤ ਨੇ ਸ਼ਿਕਾਇਤ ਖਾਰਜ ਕਰਦਿਆਂ ਕਾਂਗਰਸ ਨੇਤਾ ਨੂੰ ਬਰੀ ਕਰਨ ਦਾ ਫੈਸਲਾ ਸੁਣਾ ਦਿੱਤਾ ਹੈ।

ਪੂਰਵਾਂਚਲ ਐਕਸਪ੍ਰੈਸਵੇਅ 'ਤੇ ਉਸ ਸਮੇਂ ਵੱਡਾ ਹਾਦਸਾ ਵਾਪਰਿਆ, ਜਦੋਂ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਕਾਫ਼ਲੇ ਦੇ ਵਾਹਨ ਆਪਸ ਵਿਚ ਟਕਰਾ ਗਏ। ਇਸ ਹਾਦਸੇ ਵਿੱਚ ਕਈ ਲੋਕ ਜ਼ਖਮੀ ਹੋ ਗਏ। ਹਾਲਾਂਕਿ, ਰਾਹੁਲ ਗਾਂਧੀ ਸੁਰੱਖਿਅਤ ਹਨ। ਇਹ ਘਟਨਾ ਸਵੇਰੇ 10:15 ਵਜੇ ਦੇ ਕਰੀਬ ਵਾਪਰੀ। ਦੱਸ ਦੇਈਏ ਕਿ ਅੱਜ ਰਾਹੁਲ ਗਾਂਧੀ ਲਖਨਊ ਤੋਂ ਸੁਲਤਾਨਪੁਰ ਜਾ ਰਹੇ ਸਨ, ਜਿਸ ਦੌਰਾਨ ਇਹ ਹਾਦਸਾ ਵਾਪਰਿਆ। ਮਿਲੀ ਜਾਣਕਾਰੀ ਮੁਤਾਬਕ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅੱਜ ਉੱਤਰ ਪ੍ਰਦੇਸ਼ ਦੇ ਦੌਰੇ 'ਤੇ ਹਨ। ਉਹ ਸੁਲਤਾਨਪੁਰ ਵਿੱਚ ਇੱਕ ਵਿਸ਼ੇਸ਼ ਐਮਪੀ-ਐਮਐਲਏ ਅਦਾਲਤ ਵਿੱਚ ਪੇਸ਼ ਹੋਣ ਵਾਲੇ ਹਨ। ਅੱਠ ਸਾਲ ਪਹਿਲਾਂ, ਰਾਹੁਲ ਗਾਂਧੀ ਨੇ ਅਮਿਤ ਸ਼ਾਹ ਬਾਰੇ ਟਿੱਪਣੀਆਂ ਕੀਤੀਆਂ ਸਨ ਅਤੇ ਉਹ ਇਸ ਸਬੰਧੀ ਅਦਾਲਤ ਵਿੱਚ ਪੇਸ਼ ਹੋਣਗੇ। ਇਸ ਦੌਰਾਨ ਸੁਲਤਾਨਪੁਰ ਦੇ ਹਾਲੀਆਪੁਰ ਖੇਤਰ ਵਿੱਚ 91 ਕਿਲੋਮੀਟਰ ਲੰਬੇ ਮੀਲ ਪੱਥਰ ਦੇ ਨੇੜੇ ਰਾਹੁਲ ਗਾਂਧੀ ਦੇ ਕਾਫਲੇ ਵਿੱਚ ਸ਼ਾਮਲ ਪੰਜ ਵਾਹਨਾਂ ਅਤੇ ਇੱਕ ਐਂਬੂਲੈਂਸ ਦੀ ਟੱਕਰ ਹੋਣ ਦੀ ਖ਼ਬਰ ਹੈ। ਇਸ ਹਾਦਸੇ ਵਿੱਚ ਕਈ ਪਾਰਟੀ ਵਰਕਰ, ਅਧਿਕਾਰੀ ਅਤੇ ਸੁਰੱਖਿਆ ਕਰਮਚਾਰੀ ਜ਼ਖਮੀ ਹੋ ਗਏ। ਪਤਾ ਲੱਗਾ ਹੈ ਕਿ ਕਾਫਲੇ ਦੇ ਸਾਹਮਣੇ ਇੱਕ ਨਿੱਜੀ ਵਾਹਨ (ਇੱਕ ਸਥਾਨਕ ਕਾਂਗਰਸੀ ਨੇਤਾ ਦਾ) ਨੇ ਅਚਾਨਕ ਬ੍ਰੇਕ ਮਾਰ ਦਿੱਤੀ, ਜਿਸ ਕਾਰਨ ਪਿੱਛੇ ਵਾਲੀਆਂ ਗੱਡੀਆਂ ਇੱਕ ਦੂਜੇ ਨਾਲ ਟਕਰਾ ਗਈਆਂ। ਅਧਿਕਾਰੀ ਨੇ ਦੱਸਿਆ ਕਿ ਘਟਨਾ ਗੰਭੀਰ ਨਹੀਂ ਸੀ। ਇਸ ਹਾਦਸੇ ਤੋਂ ਬਾਅਦ ਕਾਫਲਾ ਤੁਰੰਤ ਸੁਲਤਾਨਪੁਰ ਵੱਲ ਵਧਿਆ। ਰਾਹੁਲ ਗਾਂਧੀ ਅਤੇ ਕਾਫਲੇ ਦੀ ਸੁਰੱਖਿਆ ਨੂੰ ਲੈ ਕੇ ਪੁਲਸ ਵੀ ਨਾਲ ਹੈ। ਰਾਹੁਲ ਗਾਂਧੀ ਨੂੰ ਮਾਣਹਾਨੀ ਮਾਮਲੇ ਦੀ ਸੁਣਵਾਈ ਲਈ ਸਵੇਰੇ 11:15 ਵਜੇ ਸੁਲਤਾਨਪੁਰ ਅਦਾਲਤ ਵਿੱਚ ਪੇਸ਼ ਹੋਣਾ ਸੀ। ਇਹ ਮਾਮਲਾ 2018 ਦੀਆਂ ਕਰਨਾਟਕ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਬੰਗਲੁਰੂ ਵਿੱਚ ਇੱਕ ਰੈਲੀ ਵਿੱਚ ਭਾਜਪਾ ਪ੍ਰਧਾਨ ਅਮਿਤ ਸ਼ਾਹ ਵਿਰੁੱਧ ਗਾਂਧੀ ਵੱਲੋਂ ਕੀਤੀਆਂ ਗਈਆਂ ਕਥਿਤ ਇਤਰਾਜ਼ਯੋਗ ਟਿੱਪਣੀਆਂ ਨਾਲ ਸਬੰਧਤ ਹੈ।

ਰਾਸ਼ਟਰਪਤੀ ਭਵਨ ਨੇੜੇ ਲੱਗੀ ਅੱਗ

ਨਵੀਂ ਦਿੱਲੀ 26 ਅਕਤੂਬਰ। ਰਾਸ਼ਟਰੀ ਰਾਜਧਾਨੀ ਦਿੱਲੀ ਵਿਚ ਰਾਸ਼ਟਰਪਤੀ ਭਵਨ ਨੇੜੇ ਨਾਰਥ ਬਲਾਕ ਵਿੱਚ ਅੱਗ ਲੱਗਣ ਦੀ ਰਿਪੋਰਟ ਮਿਲੀ ਹੈ। ਅੱਗ ਲੱਗਣ ਤੋਂ ਬਾਅਦ ਅਸਮਾਨ ਵਿੱਚ ਕਾਲੇ ਧੂੰਏਂ ਦਾ ਗੁਬਾਰ ਸਾਫ਼ ਦਿਖਾਈ ਦਿੱਤਾ। ਇਸ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਫਾਇਰ ਬ੍ਰਿਗੇਡ ਦੇ ਅਧਿਕਾਰੀਆਂ ਨੂੰ ਸੂਚਿਤ ਕੀਤਾ ਗਿਆ, ਜਿਸ ਨੇ ਮੌਕੇ 'ਤੇ ਪਹੁੰਚ ਕੇ ਮੋਰਚਾ ਸੰਭਾਲ ਲਿਆ। ਸੂਤਰਾਂ ਮੁਤਾਬਕ ਦਿੱਲੀ ਫਾਇਰ ਡਿਪਾਰਟਮੈਂਟ ਮੁਤਾਬਕ ਰਾਸ਼ਟਰਪਤੀ ਭਵਨ ਨੇੜੇ ਨਾਰਥ ਬਲਾਕ ਦੇ ਉੱਪਰ ਧੂੰਆਂ ਦਿਖਾਈ ਦੇ ਰਿਹਾ ਹੈ। ਘਟਨਾ ਦੀ ਸੂਚਨਾ ਮਿਲਣ 'ਤੇ ਫਾਇਰ ਬ੍ਰਿਗੇਡ ਦੀਆਂ 6 ਗੱਡੀਆਂ ਪਹੁੰਚ ਗਈਆਂ। ਦੱਸ ਦੇਈਏ ਕਿ ਸਵੇਰੇ ਲਗਭਗ 11:12 ਵਜੇ, ਸ਼ਿਵ ਸੈਨਾ (ਯੂਬੀਟੀ) ਦੇ ਸੰਸਦ ਮੈਂਬਰ ਮਿਲਿੰਦ ਦੇਵੜਾ ਨੇ ਸੰਸਦ ਜਾਂਦੇ ਸਮੇਂ ਨੌਰਥ ਬਲਾਕ ਦੇ ਪਿੱਛੇ ਕਾਲੇ ਧੂੰਏਂ ਦਾ ਗੁਬਾਰ ਦੇਖਿਆ। ਜਿਸ ਨੂੰ ਦੇਖਦੇ ਸਾਰ ਸੰਸਦ ਮੈਂਬਰ ਨੇ ਸੋਸ਼ਲ ਮੀਡੀਆ 'ਤੇ ਇਸ ਦੀਆਂ ਤਸਵੀਰਾਂ ਸ਼ੇਅਰ ਕਰਕੇ ਇਸ ਬਾਰੇ ਜਾਣਕਾਰੀ ਦਿੱਤੀ।

ਜੀਐੱਸਟੀ 'ਚ ਵੱਡਾ ਬਦਲਾਅ, ਰਿਟਰਨ ਫਾਰਮਾਂ ਨੂੰ ਸਰਲ ਬਣਾਉਣ ਦੀ ਤਿਆਰੀ

ਕੌਮੀ ਪਤ੍ਰਿਕਾ

ਨਵੀਂ ਦਿੱਲੀ 26 ਅਕਤੂਬਰ। ਜੀਐੱਸਟੀ ਕੌਂਸਲ ਦੀ 57ਵੀਂ ਬੈਠਕ ਤੋਂ ਬਾਅਦ ਟੈਕਸ ਪ੍ਰਣਾਲੀ ਵਿੱਚ ਕਈ ਅਹਿਮ ਬਦਲਾਅ ਦੇਖਣ ਨੂੰ ਮਿਲੇ ਹਨ। ਹੁਣ ਵਿੱਤ ਮੰਤਰਾਲਾ ਮਾਸਿਕ ਜੀਐੱਸਟ

ਮਾਛੀਵਾੜਾ ਸਾਹਿਬ ’ਚ ਨੌਜਵਾਨ ਦੀ ਸ਼ੱਕੀ ਹਾਲਤ ’ਚ ਮੌਤ, ਮਾਂ ਨੇ ਜਤਾਇਆ ਸਾਜ਼ਿਸ਼ ਹੋਣ ਦਾ ਸ਼ੱਕ

ਕੌਮੀ ਪੜ੍ਹਿਕਾ

ਮਾਛੀਵਾੜਾ ਸਾਹਿਬ 26 ਅਕਤੂਬਰ। ਨੇੜਲੇ ਪਿੰਡ ਲੁਹਾਰੀਆਂ ਦੇ ਵਾਸੀ ਨੌਜਵਾਨ ਜਸਮੀਰ ਸਿੰਘ ਘੁੰਮਣ (28) ਦੀ ਹਸਪਤਾਲ ’ਚ ਇਲਾਜ ਦੌਰਾਨ ਹੋਈ ਮੌਤ ਤੋਂ ਬਾਅਦ ਮਾਂ ਵੱਲੋਂ ਇਹ ਮੌਤ ਸ਼ੱਕੀ ਹਾਲਤਾਂ ’ਚ ਹੋਣ ਦੀ ਸ਼ੰਕਾ ’ਤੇ ਪੋਸਟ ਮਾਰਟਮ ਕਰਵਾਇਆ। ਮ੍ਰਿਤਕ ਨੌਜਵਾਨ ਦੀ ਮਾਂ ਪਰਮਜੀਤ ਕੌਰ ਨੇ ਕਿਹਾ ਕਿ ਉਸਦਾ ਪੁੱਤਰ ਤੇ ਨੂੰਹ ਉਸ ਨਾਲ ਕੋਠੀ ਦੇ ਉਪਰਲੇ ਘਰ ’ਚ ਰਹਿੰਦੇ ਹਨ, ਜਦਕਿ ਸਾਹਮਣੇ ਵਾਲੀ ਕੋਠੀ ’ਚ ਉਸਦਾ ਪਤੀ ਅਲੱਗ ਰਹਿੰਦਾ ਹੈ। 24 ਸਤੰਬਰ 2026 ਨੂੰ ਉਸਦੇ ਲੜਕੇ ਜਸਮੀਰ ਸਿੰਘ ਦੀ ਅਚਾਨਕ ਤਬੀਅਤ ਖ਼ਰਾਬ ਹੋ ਗਈ, ਜਿਸ ਨੂੰ ਬੇਸੁਧ ਹਾਲਤ ’ਚ ਹਸਪਤਾਲ ਲਿਆਂਦਾ ਗਿਆ। ਮਾਂ ਨੇ ਦੋਸ਼ ਲਗਾਇਆ ਕਿ ਪੁੱਤ ਦੇ ਬਿਮਾਰ ਹੋਣ ਸਬੰਧੀ ਬਾਕੀ ਪਰਿਵਾਰਕ ਮੈਂਬਰਾਂ ਨੇ ਉਸ ਨੂੰ ਨਹੀਂ ਦੱਸਿਆ। ਜਸਮੀਰ ਸਿੰਘ ਦੀ ਹਾਲਤ ਨੂੰ ਗੰਭੀਰ ਦੇਖਦਿਆਂ ਲੁਧਿਆਣਾ ਦਾਖਲ ਕਰਵਾਇਆ ਗਿਆ, ਜਿੱਥੇ ਡਾਕਟਰ ਨੇ ਉਸਦੀ ਹਾਲਤ ਨੂੰ ਨਾਜ਼ੁਕ ਦੱਸਿਆ। 28 ਸਤੰਬਰ ਨੂੰ ਜਸਮੀਰ ਸਿੰਘ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਮਾਂ ਪਰਮਜੀਤ ਕੌਰ ਨੇ ਦੋਸ਼ ਲਾਇਆ ਕਿ ਉਸ ਨੂੰ ਸ਼ੱਕ ਹੈ ਕਿ ਉਸ ਦੇ ਪੁੱਤਰ ਦੀ ਮੌਤ ਪਿੱਛੇ ਕੋਈ ਸਾਜਿਸ਼ ਜਾਂ ਹੋਰ ਅਪਰਾਧਿਕ ਕਾਰਵਾਈ ਕੀਤੀ ਹੋ ਸਕਦੀ ਹੈ, ਜਿਸ ਲਈ ਉਸਦਾ ਪੋਸਟ ਮਾਰਟਮ ਕਰਵਾਉਣਾ ਜ਼ਰੂਰੀ ਹੈ। ਪੁਲਸ ਵੱਲੋਂ ਮਾਂ ਵੱਲੋਂ ਲਿਖਤੀ ਸ਼ਿਕਾਇਤ ਮਿਲਣ ’ਤੇ ਜਸਮੀਰ ਸਿੰਘ ਦਾ ਪੋਸਟ ਮਾਰਟਮ ਕਰਵਾ ਦਿੱਤਾ ਗਿਆ ਤੇ ਲਾਸ਼ ਵਾਰਿਸਾਂ ਹਵਾਲੇ ਕਰ ਦਿੱਤੀ ਗਈ। ਮਾਂ ਪਰਮਜੀਤ ਕੌਰ ਨੇ ਪੁਲਸ ਉੱਚ ਅਧਿਕਾਰੀਆਂ ਨੂੰ ਗੁਹਾਰ ਲਗਾਈ ਕਿ ਉਸਦੇ ਪੁੱਤਰ ਦੀ ਸ਼ੱਕੀ ਹਾਲਤ ’ਚ ਮੌਤ ਹੋਈ ਹੈ ਤੇ ਇਸ ਪਿੱਛੇ ਕੋਈ ਸਾਜਿਸ਼ ਜਾਂ ਜ਼ਿੰਮੇਵਾਰ ਹੈ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਪੋਸਟ ਮਾਰਟਮ ਤੋਂ ਬਾਅਦ ਜਦੋਂ ਜਸਮੀਰ ਸਿੰਘ ਦੀ ਮ੍ਰਿਤਕ ਦੇਹ ਪਿੰਡ ਲੁਹਾਰੀਆਂ ਵਿਖੇ ਪੁੱਜੀ ਤਾਂ ਮਾਂ

ਪਰਮਜੀਤ ਕੌਰ ਵੱਲੋਂ ਉਸ ਨੂੰ ਆਪਣੇ ਘਰ ਲਿਜਾਣਾ ਚਾਹਿਆ, ਜਦਕਿ ਉਸਦਾ ਪਿਤਾ ਕਸ਼ਮੀਰ ਸਿੰਘ ਆਪਣੇ ਘਰ ਲੈ ਗਿਆ। ਪਰਮਜੀਤ ਕੌਰ ਵੱਲੋਂ ਉੱਥੇ ਇਹ ਮੰਗ ਕੀਤੀ ਗਈ ਮ੍ਰਿਤਕ ਜਸਮੀਰ ਸਿੰਘ ਦਾ ਅੰਤਿਮ ਸਸਕਾਰ ਉਸਦੇ ਰੀਤੀ ਰਿਵਾਜ਼ਾਂ ਅਨੁਸਾਰ ਕੀਤਾ ਜਾਵੇ, ਜਦਕਿ ਦੂਜੇ ਪਾਸੇ ਪਿਤਾ ਕਸ਼ਮੀਰ ਸਿੰਘ ਵੱਲੋਂ ਅੰਤਿਮ ਸਸਕਾਰ ਜਿਸ ਧਰਮ ’ਚ ਉਹ ਵਿਸ਼ਵਾਸ ਰੱਖਦਾ ਹੈ ਉਸ ਅਨੁਸਾਰ ਕਰਨ ਦੀ ਤਿਆਰੀ ਸੀ। ਪੁਲਸ ਕੋਲ ਜਦੋਂ ਇਹ ਸ਼ਿਕਾਇਤ ਪੁੱਜੀ ਤਾਂ ਤੁਰੰਤ ਥਾਣਾ ਮੁਖੀ ਕਰਮਜੀਤ ਸਿੰਘ ਮੌਕੇ ’ਤੇ ਪੁੱਜੇ, ਜਿਨ੍ਹਾਂ ਦੋਵਾਂ ਪਰਿਵਾਰਾਂ ਨੂੰ ਸਮਝਾ ਕੇ ਕੱਲ੍ਹ ਦੇਰ ਰਾਤ ਹੀ ਲੁਹਾਰੀਆਂ ਦੇ ਸਮਸ਼ਾਨ ਘਾਟ ਵਿਖੇ ਨੌਜਵਾਨ ਜਸਮੀਰ ਸਿੰਘ ਦਾ ਅੰਤਿਮ ਸਸਕਾਰ ਕਰਵਾ ਦਿੱਤਾ। ਮਾਂ-ਪਿਓ ਦੇ ਵੱਖ-ਵੱਖ ਧਰਮਾਂ ’ਚ ਵਿਸ਼ਵਾਸ ਰੱਖਣ ਦੇ ਵਖਰੇਵੇਂ ਕਾਰਨ ਨੌਜਵਾਨ ਪੁੱਤ ਦੀ ਲਾਸ਼ ਨੂੰ ਲੈ ਕੇ ਇਹ ਦੋਵੇਂ ਆਹਮੋ-ਸਾਹਮਣੇ ਦਿਖਾਈ ਦਿੱਤੇ। ਦੂਸਰੇ ਪਾਸੇ ਪਿਤਾ ਕਸ਼ਮੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਲੜਕਾ ਜਸਮੀਰ ਸਿੰਘ ਦਾ ਅੰਤਿਮ ਸਸਕਾਰ ਸਮੇਂ ਉਨ੍ਹਾਂ ਵੱਲੋਂ ਕੋਈ ਵਿਵਾਦ ਨਹੀਂ ਕੀਤਾ ਗਿਆ ਤੇ ਉਨ੍ਹਾਂ ਵੀ ਕਿਹਾ ਕਿ ਨੌਜਵਾਨ ਪੁੱਤ ਜਸਮੀਰ ਸਿੰਘ ਦੀ ਮੌਤ ਬਿਮਾਰੀ ਕਾਰਨ ਹੋਈ ਹੈ, ਇਸ ਪਿੱਛੇ ਹੋਰ ਕੋਈ ਵੀ ਕਾਰਨ ਨਹੀਂ ਹੈ। ਉਨ੍ਹਾਂ ਕਿਹਾ ਕਿ ਪੁਲਸ

‘ਵਰਕ ਫਰਾਮ ਹੋਮ’ ਦੇ ਨਾਂ ’ਤੇ ਔਰਤ ਨਾਲ 1.88 ਲੱਖ ਦੀ ਠੱਗੀ, ਮਾਮਲਾ ਦਰਜ

ਕੌਮੀ ਪੜ੍ਹਿਕਾ

ਫਿਰੋਜ਼ਪੁਰ 26 ਅਕਤੂਬਰ। ਇੰਟਰਨੈੱਟ ਅਤੇ ਸੋਸ਼ਲ ਮੀਡੀਆ ਦੇ ਜ਼ਮਾਨੇ ’ਚ ਸਾਈਬਰ ਠੱਗ ਨਵੇਂ-ਨਵੇਂ ਤਰੀਕੇ ਅਪਣਾ ਕੇ ਭੋਲੇ-ਭਾਲੇ ਲੋਕਾਂ ਨੂੰ ਆਪਣਾ ਸ਼ਿਕਾਰ ਬਣਾ ਰਹੇ ਹਨ। ਅਜਿਹਾ ਹੀ ਇਕ ਮਾਮਲਾ ਫਿਰੋਜ਼ਪੁਰ ਕੈਂਟ ਤੋਂ ਸਾਹਮਣੇ ਆਇਆ ਹੈ, ਜਿੱਥੇ ‘ਵਰਕ ਫਰਾਮ ਹੋਮ’ ਦੇ ਨਾਂ ’ਤੇ ਇਕ ਔਰਤ ਨਾਲ 1,88,000 ਰੁਪਏ ਦੀ ਠੱਗੀ ਮਾਰਨ ਖ਼ਬਰ ਮਿਲੀ ਹੈ। ਇਸ ਸਬੰਧੀ ਸਾਈਬਰ ਕ੍ਰਾਈਮ ਥਾਣਾ ਫਿਰੋਜ਼ਪੁਰ ਦੀ ਪੁਲਸ ਨੇ ਅਣਪਛਾਤੇ ਠੱਗਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ’ਚ ਸ਼ਿਕਾਇਤਕਰਤਾ ਸੁਮਨ ਪਤਨੀ ਸ਼ਿਵਮ ਸ਼ਰਮਾ ਵਾਸੀ ਫਿਰੋਜ਼ਪੁਰ ਕੈਂਟ ਨੇ ਦੱਸਿਆ ਕਿ 30 ਸਤੰਬਰ 2026 ਨੂੰ ਉਸ ਨੇ ਇੰਸਟਾਗ੍ਰਾਮ ’ਤੇ ‘ਵਰਕ ਫਰਾਮ ਹੋਮ’ ਦਾ ਇਕ ਇਸ਼ਤਿਹਾਰ ਵੇਖਿਆ ਸੀ। ਜਦੋਂ ਉਸ ਨੇ ਉਸ ਇਸ਼ਤਿਹਾਰ ’ਚ ਦਿੱਤੇ ਲਿੰਕ ’ਤੇ ਕਲਿੱਕ ਕੀਤਾ ਤਾਂ ਵਟਸਐਪ ਨੰਬਰ 9209125846 ’ਤੇ ਚੈਟ ਸ਼ੁਰੂ ਹੋ ਗਈ। ਸੁਮਨ ਨੇ ਦੱਸਿਆ ਕਿ ਠੱਗਾਂ ਨੇ ਉਸ ਨੂੰ ਆਪਣੇ ਜਾਲ ਵਿਚ ਫਸਾ ਕੇ ਅਤੇ ਵੱਡੇ ਮੁਨਾਫ਼ੇ ਦਾ ਲਾਲਚ ਦੇ ਕੇ ਵੱਖ-ਵੱਖ ਟਰਾਂਜ਼ੈਕਸ਼ਨਾਂ ਰਾਹੀਂ ਕੁੱਲ



1,88,000 ਰੁਪਏ ਆਪਣੇ ਖ਼ਾਤਿਆਂ ਵਿਚ ਟਰਾਂਸਫਰ ਕਰਵਾ ਲਏ। ਪਰ ਜਦੋਂ ਇਨਵੈਸਟ ਕੀਤੀ ਗਈ ਰਕਮ ਅਤੇ ਮੁਨਾਫ਼ਾ ਵਾਪਸ ਨਾ ਆਇਆ ਤਾਂ ਉਸ ਨੂੰ ਆਪਣੇ ਨਾਲ ਹੋਈ ਠੱਗੀ ਦਾ ਅਹਿਸਾਸ ਹੋਇਆ। ਸੁਮਨ ਨੇ ਦੱਸਿਆ ਕਿ ਇਸ ਤੋਂ ਬਾਅਦ ਉਸ ਨੇ ਤੁਰੰਤ ਸਾਈਬਰ ਹੈਲਪਲਾਈਨ ਨੰਬਰ 1930 ’ਤੇ ਕਾਲ ਕਰਕੇ ਆਪਣੀ ਸ਼ਿਕਾਇਤ ਦਰਜ ਕਰਵਾਈ। ਇਸ ਮਾਮਲੇ ਦੀ ਜਾਂਚ ਕਰ ਰਹੇ ਇੰਸਪੈਕਟਰ ਸੁਖਬੀਰ ਕੌਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਸੁਮਨ ਦੇ ਬਿਆਨਾਂ ’ਤੇ ਅਣਪਛਾਤੇ ਠੱਗਾਂ ਖ਼?ਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ।

ਲੁਧਿਆਣਾ ’ਚ 65 ਸਾਲਾ ਸਾਬਕਾ ਸਰਪੰਚ ਦੀ ਸ਼ਰਮਨਾਕ ਕਰਤੂਤ, ਮਹਿਲਾ ਅਕਾਊਂਟੈਂਟ ਨਾਲ ਕੀਤੀ ਛੇੜਛਾੜ

ਕੌਮੀ ਪੜ੍ਹਿਕਾ

ਲੁਧਿਆਣਾ 26 ਅਕਤੂਬਰ। ਕੂਮਕਲਾਂ ਪੁਲਸ ਸਟੇਸ਼ਨ ਇਲਾਕੇ ’ਚ ਇੱਕ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ ਜਿੱਥੇ ਇੱਕ 65 ਸਾਲਾ ਸਾਬਕਾ ਸਰਪੰਚ ਨੇ ਇਕ ਕੰਮ ਕਰਨ ਵਾਲੀ ਮਹਿਲਾ ਅਕਾਊਂਟੈਂਟ ’ਤੇ ਕਥਿਤ ਤੌਰ ’ਤੇ ਜਿਨਸੀ ਹਮਲਾ ਕੀਤਾ ਅਤੇ ਫਿਰ ਵਿਰੋਧ ਕਰਨ ’ਤੇ ਉਸਦੇ ਪਰਿਵਾਰ ’ਤੇ ਜਾਨਲੇਵਾ ਹਮਲਾ ਕਰ ਦਿੱਤਾ। ਪਿੰਡ ਦੇ ਸਾਬਕਾ ਸਰਪੰਚ ਦੀਆਂ ਹਰਕਤਾਂ ਤੋਂ ਪਰੇਸ਼ਾਨ ਹੋ ਕੇ, ਪੀੜਤਾ ਦੇ ਪਿਤਾ ਅਤੇ ਭਰਾ ਨੇ ਉਨ੍ਹਾਂ ’ਤੇ ਲੋਹੇ ਦੇ ਨਾਲ ਹਮਲਾ ਕਰ ਦਿੱਤਾ, ਜਿਸ ਨਾਲ ਉਹ ਗੰਭੀਰ ਜ਼ਖਮੀ ਹੋ ਗਏ। ਹਮਲੇ ਤੋਂ ਬਾਅਦ, ਜ਼ਾਲਮ ਦੋਸ਼ੀ ਨੇ ਥਾਣੇ ’ਚ ਪੀੜਤਾਂ ਵਿਰੁੱਧ ਝੂਠੀ ਸ਼ਿਕਾਇਤ ਦਰਜ ਕਰਵਾਈ। ਹਾਲਾਂਕਿ ਪੁਲਸ ਜਾਂਚ ਵਿੱਚ ਸੱਚਾਈ ਸਾਹਮਣੇ ਆਉਣ ਤੋਂ ਬਾਅਦ, ਕੂਮਕਲਾਂ ਪੁਲਸ ਨੇ ਦੋਸ਼ੀ ਸਾਬਕਾ ਸਰਪੰਚ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ ਅਤੇ ਉਸਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਪੁਲਸ ਨੂੰ ਦਿੱਤੀ ਗਈ ਇੱਕ ਅਧਿਕਾਰਤ ਸ਼ਿਕਾਇਤ ’ਚ ਪੀੜਤਾ ਜੋ ਕਿ ਇੱਕ ਮਹਿਲਾ ਅਕਾਊਂਟੈਂਟ ਹੈ, ਨੇ ਕਿਹਾ 65 ਸਾਲਾ ਸਾਬਕਾ ਸਰਪੰਚ ਲੰਬੇ ਸਮੇਂ ਤੋਂ ਉਸ ਪ੍ਰਤੀ ਮਾੜੇ ਇਰਾਦੇ ਰੱਖ ਰਿਹਾ ਸੀ। ਦੋਸ਼ੀ ਨੇ ਵਾਰ-ਵਾਰ ਉਸ ’ਤੇ ਜਿਨਸੀ ਹਮਲਾ ਕਰਨ ਅਤੇ ਅਸ਼ਲੀਲ ਟਿੱਪਣੀਆਂ ਕਰਨ ਦੀ ਕੋਸ਼ਿਸ਼ ਕੀਤੀ। ਜਦੋਂ ਔਰਤ ਨੇ ਉਸ ਦੀਆਂ ਘਿਣਾਉਣੀਆਂ ਹਰਕਤਾਂ ਦਾ ਸਖ਼ਤ ਵਿਰੋਧ ਕੀਤਾ ਅਤੇ ਉਸਨੂੰ ਨਿਮਰਤਾ ਨਾਲ ਪੇਸ਼ ਆਉਣ ਦੀ ਚੇਤਾਵਨੀ ਦਿੱਤੀ, ਤਾਂ ਦੋਸ਼ੀ ਨੇ ਆਪਣੇ ਅਹੁਦੇ ਦੀ ਵਰਤੋਂ ਕਰਦਿਆਂ, ਉਸਨੂੰ ਝੂਠੇ ਪੁਲਸ ਕੇਸਾਂ ਵਿੱਚ ਫਸਾ ਕੇ

ਉਸਦੀ ਜ਼ਿੰਦਗੀ ਬਰਬਾਦ ਕਰਨ ਦੀ ਧਮਕੀ ਦੇਣੀ ਸ਼ੁਰੂ ਕਰ ਦਿੱਤੀ। ਆਪਣੀ ਧੀ ਦੀ ਸੁਰੱਖਿਆ ਲਈ ਚਿੰਤਤ, ਪਿਤਾ ਅਤੇ ਭਰਾ ਨੇ ਸਾਬਕਾ ਸਰਪੰਚ ਕੋਲ ਮਾਮਲਾ ਸ਼ਾਂਤੀਪੂਰਵਕ ਹੱਲ ਕਰਨ ਅਤੇ ਉਸਨੂੰ ਮਨਾਉਣ ਲਈ ਸੰਪਰਕ ਕੀਤਾ। ਪਰਿਵਾਰ ਨੇ ਬਜ਼ੁਰਗ ਹੋਣ ਕਰਕੇ ਉਸਨੂੰ ਆਪਣੀ ਉਮਰ ਦਾ ਸਤਿਕਾਰ ਕਰਨ ਅਤੇ ਅਜਿਹੇ ਵਿਵਹਾਰ ਤੋਂ ਬਚਣ ਦੀ ਅਪੀਲ ਕੀਤੀ। ਇਸ ’ਤੇ, ਦੋਸ਼ੀ ਸਾਬਕਾ ਸਰਪੰਚ ਗੁੱਸੇ ਵਿੱਚ ਆ ਗਿਆ, ਗਾਲ੍ਹਾਂ ਕੱਢੀਆਂ ਅਤੇ ਨੇੜੇ ਪਿਆ ਲੋਹੇ ਦਾ ਬੇਲਚਾ ਚੁੱਕ ਲਿਆ। ਉਸਨੂੰ ਮਾਰਨ ਦੇ ਇਰਾਦੇ ਨਾਲ, ਦੋਸ਼ੀ ਨੇ ਔਰਤ ਦੇ ਪਿਤਾ ਅਤੇ ਭਰਾ ’ਤੇ ਹਮਲਾ ਕੀਤਾ, ਜਿਸ ਨਾਲ ਉਹ ਖੂਨ ਨਾਲ ਲਥਪਥ ਹੋ ਗਏ ਅਤੇ ਜ਼ਖਮੀ ਹੋ ਗਏ। ਘਟਨਾ ਤੋਂ ਬਾਅਦ, ਚਲਾਕ ਦੋਸ਼ੀ, ਕਾਨੂੰਨ ਤੋਂ ਬਚਣ ਲਈ ਪੁਲਸ ਸਟੇਸ਼ਨ ਗਿਆ ਅਤੇ ਜ਼ਖਮੀ ਪਿਤਾ ਅਤੇ ਭਰਾ ਵਿਰੁੱਧ ਹਮਲੇ ਦੀ ਝੂਠੀ ਸ਼ਿਕਾਇਤ ਦਰਜ ਕਰਵਾਈ। ਹਾਲਾਂਕਿ ਪੁਲਸ ਨੇ ਦੋਵਾਂ ਪੱਖਾਂ ਦੀ ਡੂੰਘਾਈ ਨਾਲ ਜਾਂਚ ਕੀਤੀ। ਘਟਨਾ ਦੇ ਹਾਲਾਤ ਅਤੇ ਡਾਕਟਰੀ ਜਾਂਚ ਦੇ ਆਧਾਰ ’ਤੇ, ਦੋਸ਼ੀ ਸਾਬਕਾ ਸਰਪੰਚ ਦੇ ਦਾਅਵਿਆਂ ਦਾ ਪਰਦਾਫਾਸ਼ ਹੋਇਆ ਅਤੇ ਉਸ ਦੁਆਰਾ ਕੀਤੀ ਗਈ ਬੇਰਹਿਮੀ ਅਤੇ ਹਮਲੇ ਦੀ ਪੁਸ਼ਟੀ ਹੋਈ। ਕੂਮਕਲਨ ਪੁਲਸ ਸਟੇਸ਼ਨ ਦੇ ਜਾਂਚ ਅਧਿਕਾਰੀਆਂ ਨੇ ਦੱਸਿਆ ਕਿ ਪੀੜਤਾ ਦੇ ਬਿਆਨਾਂ ਅਤੇ ਜ਼ਖਮੀਆਂ ਦੀ ਮੈਡੀਕਲ ਰਿਪੋਰਟ ਦੇ ਆਧਾਰ ’ਤੇ, 65 ਸਾਲਾ ਦੋਸ਼ੀ ਸਾਬਕਾ ਸਰਪੰਚ ਵਿਰੁੱਧ ਔਰਤ ਨਾਲ ਛੇੜਛਾੜ ਦੀ ਕੋਸ਼ਿਸ਼, ਕਤਲ ਦੀ ਕੋਸ਼ਿਸ਼, ਹਮਲਾ ਅਤੇ ਅਪਰਾਧਿਕ ਧਮਕੀਆਂ ਦੇਣ ਨਾਲ ਸਬੰਧਤ ਗੰਭੀਰ ਕਾਨੂੰਨੀ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲਾ ਦਰਜ ਹੋਣ ਦੀ ਖ਼ਬਰ ਮਿਲਦੇ ਹੀ ਦੋਸ਼ੀ ਪਿੰਡ ਤੋਂ ਭੱਜ ਗਿਆ ਹੈ।

ਫਾਜ਼ਿਲਕਾ ਪੁਲਸ ਨੇ 130 ਗੁੰਮਸ਼ੁਦਾ ਮੋਬਾਇਲ ਫੋਨ ਲੱਭ ਕੇ ਅਸਲ ਮਾਲਕਾਂ ਨੂੰ ਕੀਤੇ ਸਪੁਰਦ

ਫਾਜ਼ਿਲਕਾ 26 ਅਕਤੂਬਰ। ਗਗਨ ਅਜੀਤ ਸਿੰਘ, ਸੀਨੀਅਰ ਕਪਤਾਨ ਪੁਲਸ, ਫਾਜ਼ਿਲਕਾ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ

ਫਾਜ਼ਿਲਕਾ ਦੀ ਥਾਣਾ ਸਾਈਬਰ ਕ੍ਰਾਈਮ ਪੁਲਸ ਵੱਲੋਂ ਲੋਕਾਂ ਦੀ ਸਹੂਲਤ ਅਤੇ ਗੁੰਮਸ਼ੁਦਾ ਮੋਬਾਇਲ ਫੋਨਾਂ ਦੀ ਬਰਾਮਦਗੀ ਲਈ ਇੱਕ ਮਹੱਤਵਪੂਰਨ ਉਪਰਾਲਾ ਕਰਦਿਆਂ ਪੋਰਟਲ ਦੀ ਮਦਦ ਨਾਲ 130 ਗੁੰਮਸ਼ੁਦਾ ਮੋਬਾਇਲ ਫੋਨ ਟਰੇਸ ਕਰਕੇ ਉਨ੍ਹਾਂ ਦੇ ਅਸਲ ਮਾਲਕਾਂ ਨੂੰ ਸਪੁਰਦ ਕੀਤੇ ਗਏ ਹਨ। ਮੋਬਾਇਲ ਫੋਨ ਵਾਪਸ ਮਿਲਣ ’ਤੇ ਲੋਕਾਂ ਨੇ ਫਾਜ਼ਿਲਕਾ ਪੁਲਸ ਦਾ ਧੰਨਵਾਦ ਕੀਤਾ ਅਤੇ ਪੁਲਸ ਦੀ ਇਸ ਲੋਕ-ਹਿਤੈਸ਼ੀ ਪਹਿਲ ਦੀ ਸ਼ਲਾਘਾ ਕੀਤੀ। ਇਸ ਤੋਂ ਇਲਾਵਾ ਜ਼ਿਲ੍ਹਾ ਫਾਜ਼ਿਲਕਾ ਦੇ ਵੱਖ-ਵੱਖ ਥਾਣਿਆਂ ਵੱਲੋਂ ਵੀ ਸਮੇਂ-ਸਮੇਂ ’ਤੇ ਗੁੰਮਸ਼ੁਦਾ ਅਤੇ ਚੋਰੀਸ਼ੁਦਾ ਮੋਬਾਇਲ ਫੋਨਾਂ ਦੀ ਬਰਾਮਦਗੀ ਕਰਕੇ ਉਨ੍ਹਾਂ ਨੂੰ ਅਸਲ ਮਾਲਕਾਂ ਦੇ ਹਵਾਲੇ ਕੀਤਾ ਜਾਂਦਾ ਹੈ। ਇਸ ਮੌਕੇ ਫਾਜ਼ਿਲਕਾ ਪੁਲਸ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਜੇਕਰ ਕਿਸੇ ਦਾ ਮੋਬਾਇਲ ਫੋਨ ਗੁੰਮ ਜਾਂ ਚੋਰੀ ਹੋ ਜਾਵੇ ਤਾਂ ਤੁਰੰਤ ਨਜ਼ਦੀਕੀ ਪੁਲਸ ਥਾਣੇ ਜਾਂ ਸਾਈਬਰ ਕ੍ਰਾਈਮ ਪੁਲਸ ਸਟੇਸ਼ਨ ਨਾਲ ਸੰਪਰਕ ਕਰਨ ਦੇ ਨਾਲ-ਨਾਲ CEIR ਪੋਰਟਲ ’ਤੇ ਵੀ ਆਪਣੀ ਸ਼ਿਕਾਇਤ ਦਰਜ ਕਰਵਾਉਣ, ਤਾਂ ਜੋ ਮੋਬਾਈਲ ਨੂੰ IMEI ਨੰਬਰ ਰਾਹੀਂ ਬਲਾਕ ਕਰਕੇ ਉਸਦੀ ਟਰੇਸਿੰਗ ਅਤੇ ਬਰਾਮਦਗੀ ਵਿੱਚ ਮਦਦ ਮਿਲ ਸਕੇ। CEIR ਇੱਕ ਆਧੁਨਿਕ ਪੋਰਟਲ ਹੈ, ਜਿਸ ਰਾਹੀਂ ਮੋਬਾਇਲ ਫੋਨਾਂ ਦੇ IMEI ਨੰਬਰ ਨੂੰ ਮੈਨੇਜ ਕੀਤਾ ਜਾਂਦਾ ਹੈ। ਇਸ ਪੋਰਟਲ ਦੀ ਮਦਦ ਨਾਲ ਗੁੰਮ ਜਾਂ ਚੋਰੀ ਹੋਏ ਮੋਬਾਇਲ ਨੂੰ ਬਲਾਕ ਕੀਤਾ ਜਾ ਸਕਦਾ ਹੈ, ਜਿਸ ਨਾਲ ਉਸਨੂੰ ਕਿਸੇ ਹੋਰ ਸਿੰਮ ਨਾਲ ਵੀ ਨੈੱਟਵਰਕ ’ਤੇ ਵਰਤਣਾ ਮੁਸ਼ਕਲ ਹੋ ਜਾਂਦਾ ਹੈ। ਅਧਿਕਾਰਤ ਪੁਲਸ ਏਜੰਸੀਆਂ CEIR ਰਾਹੀਂ ਉਪਲੱਬਧ ਜਾਣਕਾਰੀ ਦੀ ਮਦਦ ਨਾਲ ਮੋਬਾਇਲ ਟਰੇਸ ਕਰ ਸਕਦੀਆਂ ਹਨ। ਮੋਬਾਇਲ ਬਰਾਮਦ ਹੋਣ ਉਪਰੰਤ ਉਸਨੂੰ ਅਨਬਲਾਕ ਕਰਕੇ ਅਸਲ ਮਾਲਕਾਂ ਨੂੰ ਸੌਂਪ ਦਿੱਤਾ ਜਾਂਦਾ ਹੈ।

’ਵੈਜ ਰੋਲ’ ਦਾ ਆਰਡਰ ਲੇਟ ਹੋਣ ਪਿੱਛੇ ਮਾਰ’ਤਾ ਬੰਦਾ ! 3 ਹੋਰ ਹੋਏ ਜ਼ਖ਼ਮੀ, ਖਰਸਾਵਾਂ ’ਚ ਹੋਇਆ ਖ਼ੂਨੀ ਖੇਡ

ਸਰਾਈਕੇਲਾ 26 ਅਕਤੂਬਰ। ਝਾਰਖੰਡ ਦੇ ਸਰਾਈਕੇਲਾ-ਖਰਸਾਵਾਂ ਜ਼ਿਲ੍ਹੇ ’ਚ ਬੁੱਧਵਾਰ ਨੂੰ ਦੁਰਗਾ ਪੂਜਾ ਪੰਡਾਲ ਦੇ ਨੇੜੇ ਇਕ ਫੂਡ ਸਟਾਲ ’ਤੇ ’ਵੈਜ ਰੋਲ’ ਪਰੋਸਣ ਨੂੰ ਲੈ ਕੇ ਹੋਏ ਝਗੜੇ ਤੋਂ ਬਾਅਦ ਇਕ ਵਿਅਕਤੀ ਦਾ ਚਾਕੂ ਮਾਰ ਕੇ ਕਤਲ ਕਰ ਦਿੱਤਾ ਗਿਆ ਅਤੇ ਤਿੰਨ ਹੋਰ ਜ਼ਖ਼ਮੀ ਹੋ ਗਏ। ਪੁਲਸ ਅਨੁਸਾਰ, ਇਹ ਘਟਨਾ ਆਦਿਤਿਆਪੁਰ ’ਚ ਏਆਈਏਡੀਏ ਇਮਾਰਤ ਦੇ ਨੇੜੇ ਲਗਭਗ 12:30 ਵਜੇ ਵਾਪਰੀ। ਮ੍ਰਿਤਕ ਦੀ ਪਛਾਣ ਜਮਸ਼ੇਦਪੁਰ ਦੇ ਮਾਨਗੋ ਵਾਸੀ ਸ਼ੇਖਰ ਵਜੋਂ ਹੋਈ ਹੈ। ਉਹ ਆਪਣੇ ਇਕ ਦੋਸਤ ਨਾਲ ਪੰਡਾਲ ਗਿਆ ਸੀ ਅਤੇ ਉਸ ਨੇ ਇਕ ਫੂਡ ਸਟਾਲ ਤੋਂ ’ਵੈਜ ਰੋਲ’ ਆਰਡਰ ਕੀਤਾ ਸੀ। ਪੁਲਸ ਨੇ ਕਿਹਾ ਕਿ ਦੁਕਾਨ ਮਾਲਕ ਨੇ ਕਥਿਤ ਤੌਰ ’ਤੇ ਆਰਡਰ ਪਰੋਸਣ ’ਚ ਦੇਰੀ ਕੀਤੀ, ਜਿਸ ਕਾਰਨ ਸ਼ੇਖਰ ਨੇ ਆਰਡਰ ਰੱਦ ਕਰ ਦਿੱਤਾ, ਜਿਸ ਨਾਲ ਦੋਵਾਂ ਵਿਚਕਾਰ ਝਗੜਾ ਹੋ ਗਿਆ। ਦੁਰਗਾ ਪੂਜਾ ਕਮੇਟੀ ਦੇ ਮੈਂਬਰਾਂ ਨੇ ਦਖਲ ਦੇਣ ਅਤੇ ਸਥਿਤੀ ਨੂੰ

ਵਿਆਹ ਦੇ 72 ਘੰਟਿਆਂ ਅੰਦਰ ਲਾੜੀ ਕਰ ਗਈ ਕਾਂਡ

ਕੌਮੀ ਪੜ੍ਹਿਕਾ

ਜਲਗਾਓਂ 26 ਅਕਤੂਬਰ। ਵਿਆਹ ਦੇ 72 ਘੰਟਿਆਂ ਦੇ ਅੰਦਰ ਇਕ ਨਵਵਿਆਹੁਤਾ ਲਾੜੀ ਨੇ ਆਪਣੇ ਪਤੀ ਸਮੇਤ ਪੂਰੇ ਪਰਿਵਾਰ ਨੂੰ ਜ਼ਹਿਰ ਦੇ ਦਿੱਤਾ। ਉਸ ਨੇ ਰਾਤ ਦੇ ਖਾਣੇ 'ਚ ਚੂਹੇ ਮਾਰਨ ਵਾਲਾ ਜ਼ਹਿਰ ਮਿਲਾ ਦਿੱਤਾ। ਪਰਿਵਾਰ ਰਾਤ ਦੇ ਖਾਣੇ ਤੋਂ ਬਾਅਦ ਸੌਣ ਲਈ ਗਿਆ, ਪਰ ਥੋੜ੍ਹੀ ਦੇਰ ਬਾਅਦ ਸਾਰਿਆਂ ਦੀ ਹਾਲਤ ਵਿਗੜ ਗਈ, ਜਿਸ ਕਾਰਨ ਉਨ੍ਹਾਂ ਨੂੰ ਹਸਪਤਾਲ 'ਚ ਦਾਖ਼ਲ ਕਰਵਾਉਣਾ ਪਿਆ। ਇਲਾਜ ਤੋਂ ਬਾਅਦ ਸਾਰਿਆਂ ਦੀ ਹਾਲਤ 'ਚ ਸੁਧਾਰ ਹੈ, ਪਰ ਪਰਿਵਾਰ ਨੂੰ ਇਕ ਭਿਆਨਕ ਸਦਮਾ ਲੱਗਾ ਜਿਸ ਤੋਂ ਉਭਰਨਾ ਮੁਸ਼ਕਲ ਹੋਵੇਗਾ। ਇਹ ਘਟਨਾ ਮਹਾਰਾਸ਼ਟਰ ਦੇ ਜਲਗਾਓਂ ਜ਼ਿਲ੍ਹੇ 'ਚ ਵਾਪਰੀ, ਜਿੱਥੇ ਵਿਆਹ ਦੇ ਤੀਜੇ ਦਿਨ ਲਾੜੀ ਨੇ ਆਪਣੇ ਪਤੀ ਅਤੇ ਪਰਿਵਾਰਕ ਮੈਂਬਰਾਂ ਦੇ ਖਾਣੇ 'ਚ ਜ਼ਹਿਰ ਮਿਲਾ ਦਿੱਤਾ। ਦੱਸਿਆ ਗਿਆ ਹੈ ਕਿ ਪਤੀ ਅਤੇ ਪਰਿਵਾਰ ਦੇ ਤਿੰਨ ਹੋਰ ਮੈਂਬਰ ਪਰਿਵਾਰ 'ਚ ਹਨ। ਉਸ ਨੇ ਉਨ੍ਹਾਂ ਦੇ ਖਾਣੇ 'ਚ ਜ਼ਹਿਰ ਦੇ ਕੇ ਉਨ੍ਹਾਂ ਨੂੰ ਮਾਰਨ ਦੀ ਕੋਸ਼ਿਸ਼ ਕੀਤੀ। ਇਕ ਨਿਊਜ਼ ਏਜੰਸੀ ਦੀ ਰਿਪੋਰਟ ਦੇ ਅਨੁਸਾਰ, 7 ਅਕਤੂਬਰ ਨੂੰ 32 ਸਾਲਾ ਇਕ ਆਦਮੀ ਦਾ ਵਿਆਹ

ਹੋਇਆ ਸੀ। 9 ਅਕਤੂਬਰ ਨੂੰ ਲਾੜੀ ਨੇ ਆਪਣੇ ਪਤੀ ਅਤੇ ਪਰਿਵਾਰਕ ਮੈਂਬਰਾਂ ਦੇ ਖਾਣੇ 'ਚ ਚੂਹੇ ਮਾਰਨ ਦੀ ਦਵਾਈ ਮਿਲ ਦਿੱਤੀ। ਇਸ ਤੋਂ ਬਾਅਦ ਲਾੜੀ ਕਿਸੇ ਹੋਰ ਔਰਤ ਨਾਲ ਘਰੋਂ ਕੁਝ ਗਹਿਣੇ ਅਤੇ ਵਿਆਹ 'ਚ ਮਿਲੇ ਪੈਸੇ ਲੈ ਕੇ ਫਰਾਰ ਹੋ ਗਈ। ਪਰਿਵਾਰਕ ਮੈਂਬਰਾਂ ਦੇ ਬੀਮਾਰ ਹੋਣ ਤੋਂ ਬਾਅਦ ਪੂਰੀ ਘਟਨਾ ਸਾਹਮਣੇ ਆਈ। ਪਰਿਵਾਰ 'ਚ ਬਜ਼ੁਰਗ ਜੋੜੇ ਦੀ ਸਿਹਤ ਵਿਗੜਨ 'ਤੇ ਉਨ੍ਹਾਂ ਨੂੰ ਇਲਾਜ ਲਈ ਧੂਲੇ ਦੇ ਸਰਕਾਰੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ। ਘਟਨਾ ਦੀ ਜਾਣਕਾਰੀ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ। ਘਟਨਾ ਤੋਂ ਬਾਅਦ, ਸਥਾਨਕ ਨਿਵਾਸੀਆਂ ਅਤੇ ਹੋਰ ਪਰਿਵਾਰਕ ਮੈਂਬਰਾਂ ਨੇ ਪੁਲਸ ਸਟੇਸ਼ਨ ਦੇ ਸਾਹਮਣੇ ਸੜਕ ਜਾਮ ਕਰ ਦਿੱਤੀ ਅਤੇ ਦੋਵੇਂ ਔਰਤਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਕਰਨ ਲੱਗੇ। ਪਿੰਡ ਵਾਸੀਆਂ ਦੇ ਵਿਰੋਧ ਤੋਂ ਬਾਅਦ, ਪੁਲਸ ਟੀਮ ਨੇ ਕਾਰਵਾਈ ਕੀਤੀ ਅਤੇ ਧੂਲੇ ਜ਼ਿਲ੍ਹੇ ਦੇ ਨਿਮਗੁਲ ਪਿੰਡ ਨੇੜੇ ਭੱਜਣ ਦੀ ਕੋਸ਼ਿਸ਼ ਕਰ ਰਹੀਆਂ 2 ਔਰਤਾਂ ਨੂੰ ਹਿਰਾਸਤ 'ਚ ਲੈ ਲਿਆ। ਦੋਸ਼ੀ ਲਾੜੀ ਅਤੇ ਇਕ ਹੋਰ ਔਰਤ ਦੀ ਗ੍ਰਿਫ਼ਤਾਰੀ ਤੋਂ ਬਾਅਦ, ਇਹ ਖੁਲਾਸਾ ਹੋਇਆ ਕਿ ਲਾੜੀ ਝਾਰਖੰਡ ਦੀ ਰਹਿਣ ਵਾਲੀ ਹੈ। ਉਸ ਦੇ ਨਾਲ ਆਈ ਔਰਤ ਵੀ ਝਾਰਖੰਡ ਦੀ ਰਹਿਣ ਵਾਲੀ ਹੈ। ਇਹ ਔਰਤਾਂ ਸੁਮਨ ਸੁਭਾਸ਼ ਸਾਹਨੀ ਅਤੇ ਆਰਤੀ ਸੂਰਿਆਕਸ਼ ਪਟੇਲ ਹਨ। ਦੱਸਿਆ ਗਿਆ ਕਿ ਜਲਗਾਓਂ ਦੇ ਪਾਰੋਲਾ ਇਲਾਕੇ ਦਾ ਰਹਿਣ ਵਾਲਾ ਨੌਜਵਾਨ ਦੂਜੇ ਰਾਜ ਦੀ ਕੁੜੀ ਨੂੰ 2.5 ਲੱਖ ਰੁਪਏ 'ਚ ਵਿਆਹ ਕਰ ਕੇ ਲਿਆਇਆ ਸੀ।

ਤੇਜ਼ ਗੇਂਦਬਾਜ਼ ਨੇ ਅਚਾਨਕ ਕ੍ਰਿਕਟ ਤੋਂ ਸੰਨਿਆਸ ਲੈਣ ਦਾ ਕੀਤਾ ਐਲਾਨ !

ਸਪੋਰਟਸ ਡੈਸਕ 26 ਅਕਤੂਬਰ। ਸਕਾਟਲੈਂਡ ਦੀ ਰਾਸ਼ਟਰੀ ਕ੍ਰਿਕਟ ਟੀਮ ਦੇ ਮੁੱਖ ਤੇਜ਼ ਗੇਂਦਬਾਜ਼ ਬ੍ਰੈਡ ਵੀਲ ਨੇ ਮਹਿਜ਼ 30 ਸਾਲ ਦੀ ਉਮਰ ਵਿੱਚ ਪ੍ਰੋਫੈਸ਼ਨਲ ਕ੍ਰਿਕਟ ਤੋਂ ਸੰਨਿਆਸ ਲੈਣ ਦਾ ਐਲਾਨ ਕਰਕੇ ਸਭ ਨੂੰ ਹੈਰਾਨ ਕਰ ਦਿੱਤਾ ਹੈ। ਵੀਲ ਨੇ ਆਪਣੇ ਇਸ ਫੈਸਲੇ ਪਿੱਛੇ ਲਗਾਤਾਰ ਲੱਗਣ ਵਾਲੀਆਂ ਗੰਭੀਰ ਸੱਟਾਂ ਨੂੰ ਮੁੱਖ ਕਾਰਨ ਦੱਸਿਆ ਹੈ। ਬ੍ਰੈਡ ਵੀਲ ਨੇ ਆਪਣੇ ਬਿਆਨ ਵਿੱਚ ਦੱਸਿਆ ਕਿ ਉਨ੍ਹਾਂ ਦੀ ਪਿੱਠ ਵਿੱਚ ਚਾਰ ਸਟ੍ਰੈਸ ਫ੍ਰੈਕਚਰ ਹੋਏ ਸਨ ਅਤੇ ਹਾਲ ਹੀ ਵਿੱਚ ਉਨ੍ਹਾਂ ਦੇ ਗੋਡੇ ਦੀ ਸਰਜਰੀ ਵੀ ਹੋਈ ਸੀ। ਉਨ੍ਹਾਂ ਅਨੁਸਾਰ, ਉਨ੍ਹਾਂ ਦਾ ਸਰੀਰ ਹੁਣ ਤੇਜ਼ ਗੇਂਦਬਾਜ਼ੀ ਦੀਆਂ ਚੁਣੌਤੀਆਂ ਨੂੰ ਸਹਿਣ ਦੇ ਸਮਰੱਥ ਨਹੀਂ ਰਿਹਾ। ਵੀਲ ਨੇ ਕਿਹਾ ਕਿ ਹੈਂਪਸ਼ਾਇਰ ਨਾਲ ਸਮਾਂ ਬਿਤਾਉਣਾ ਅਤੇ ਸਕਾਟਲੈਂਡ ਦੀ ਨੁਮਾਇੰਦਗੀ ਕਰਨਾ ਉਨ੍ਹਾਂ ਲਈ ਹਮੇਸ਼ਾ ਮਾਣ ਵਾਲੀ ਗੱਲ ਰਹੀ ਹੈ। ਕ੍ਰਿਕਟ ਤੋਂ ਸੰਨਿਆਸ ਲੈਣ ਦਾ ਫੈਸਲਾ ਆਸਾਨ ਨਹੀਂ ਸੀ, ਪਰ ਉਹ ਇਸ ਫੈਸਲੇ ਤੋਂ ਸੰਤੁਸ਼ਟ ਹਨ। ਉਨ੍ਹਾਂ ਇਹ ਵੀ ਜ਼ਿਕਰ ਕੀਤਾ ਕਿ ਚਾਰ ਵਿਸ਼ਵ ਕੱਪਾਂ ਵਿੱਚ ਸਕਾਟਲੈਂਡ ਲਈ ਖੇਡਣਾ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ ਲਈ ਬਹੁਤ ਮਾਇਨੇ ਰੱਖਦਾ ਹੈ।

ਭਲਕੇ ਤਰਨਤਾਰਨ 'ਚ ਇੰਨੇ ਘੰਟੇ ਬਿਜਲੀ ਬੰਦ ਰਹੇਗੀ

ਤਰਨਤਾਰਨ 26 ਅਕਤੂਬਰ। ਇੰਜੀਨੀਅਰ ਗੁਰਭੇਜ ਸਿੰਘ ਉਪ ਮੰਡਲ ਅਫਸਰ ਸ਼ਹਿਰੀ ਪਾਵਰਕਾਮ ਤਰਨਤਾਰਨ, ਇੰਜੀ.ਹਰਭੇਜ ਸਿੰਘ ਜੇ.ਈ. ਅਤੇ ਇੰਜੀ. ਕਮਲਪ੍ਰੀਤ ਸਿੰਘ ਜੇ.ਈ. ਨੇ ਦੱਸਿਆ ਕਿ 66 ਕੇ.ਵੀ. ਸਬ ਸ਼ਟੇਸ਼ਨ ਫੋਕਲ ਪੁਆਇੰਟ ਤਰਨਤਾਰਨ ਤੋਂ ਚੱਲਦੇ 11 ਕੇ.ਵੀ. ਸਿਟੀ-2 ਅਤੇ ਸਿਟੀ-5 ਤਰਨ ਤਾਰਨ ਫੀਡਰ ਦੀ ਬਿਜਲੀ ਘਰ ਅੰਦਰ ਜ਼ਰੂਰੀ ਮੈਨਟੀਨੈਂਸ ਕਰਨ ਕਰਕੇ, ਇਨ੍ਹਾਂ ਫੀਡਰਾਂ ਦੀ ਬਿਜਲੀ ਸਪਲਾਈ ਭਲਕੇ 17 ਸ਼ਨੀਵਾਰ ਨੂੰ ਸਮਾਂ ਸਵੇਰੇ 10 ਵਜੇ ਤੋਂ ਦੁਪਿਹਰ 4 ਵਜੇ ਤੱਕ ਬੰਦ ਰਹੇਗੀ। ਇਨ੍ਹਾਂ ਤੋਂ ਚੱਲਦੇ ਏਰੀਏ ਮੁਹੱਲਾ ਨਾਨਕਸਰ, ਜੰਡਿਆਲਾ ਰੋਡ, ਖਾਲਸਾਪੁਰ ਰੋਡ, ਅੱਡਾ ਬਾਜ਼ਾਰ, ਗਾਰਦ ਬਾਜ਼ਾਰ, ਮੁਹੱਲਾ ਰੋਡੋਪੁਰਾ, ਰੇਲਵੇ ਰੋਡ, ਗਲੀ ਸਟੇਸ਼ਨ ਵਾਲੀ ਰੇਲਵੇ ਰੋਡ, ਮੁਰਾਦਪੁਰਾ ਰੋਡ, ਸ੍ਰੀ ਗੁਰੂ ਅਮਰਦਾਸ ਕਾਲੋਨੀ ਗੋਇੰਦਵਾਲ ਰੋਡ, ਐੱਸ. ਡੀ. ਐੱਮ. ਕੋਰਟ, ਬਾਬਾ ਬਸਤਾ ਸਿੰਘ ਕਾਲੋਨੀ ਸਰਹਾਲੀ ਰੋਡ, ਸਚਖੰਡ ਰੋਡ, ਛੱਪੜ ਵਾਲੀ ਗਲੀ, ਬੁੱਘਾ ਰੋਡ, ਧੋੜਾ ਚੌਕੀ ਏਰੀਆ ਆਦਿ ਏਰੀਏ ਬੰਦ ਰਹਿਣਗੇ।

NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

PUBLIC NOTICE
It is for general information that I INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR -2211-005020356. The actual name of mine is INDU CHAUHAN which may be amended accordingly

PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

[NAVEEN KUMAR VERMA]
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

ARJUN BIDHURI Advocate
CH. NO.536, Saket Courts
New Delhi-110017.

NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

[NAVEEN KUMAR VERMA]
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

13 ਸਾਲਾ ਜੁੜਵਾ ਭਰਾਵਾਂ ਦਾ ਬੇਰਹਿਮੀ ਨਾਲ ਕਤਲ, ਘਰ ਦੇ ਨੇੜੇ ਪਲਾਟ 'ਚ ਮਿਲੀਆਂ ਲਾਸ਼ਾਂ

ਭਰਤਪੁਰ 26 ਅਕਤੂਬਰ। ਰਾਜਸਥਾਨ ਦੇ ਡੀਗ ਜ਼ਿਲ੍ਹੇ ਦੇ ਜਨੂਥਰ ਥਾਣਾ ਖੇਤਰ 'ਚ ਬਡੇਸਰਾ ਪਿੰਡ 'ਚ ਆਪਣੀ ਮਾਂ ਨਾਲ ਆਪਣੇ ਨਾਨਾ ਘਨਸ਼ਿਆਮ ਚੌਧਰੀ ਦੇ ਘਰ ਰਹਿ ਰਹੇ 2 ਜੁੜਵਾ ਮੁੰਡਿਆਂ ਦੇ ਕਤਲ ਦੇ ਇਕ ਮੁੱਖ ਦੋਸ਼ੀ ਨੂੰ ਪੁਲਸ ਨੇ ਹਿਰਾਸਤ 'ਚ ਲਿਆ ਹੈ। ਪੁਲਸ ਸੁਪਰਡੈਂਟ ਕਾਂਬਲੇ ਸ਼ਰਨ ਗੋਪੀਨਾਥ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਸਿਰਫ਼ 6 ਘੰਟਿਆਂ 'ਚ ਪੁਲਸ ਨੂੰ ਮਿਲੇ ਮਹੱਤਵਪੂਰਨ ਸੁਰਾਗਾਂ ਤੋਂ ਬਾਅਦ ਦੋਸ਼ੀਆਂ ਦੀ ਪਛਾਣ ਕਰ ਲਈ ਗਈ ਹੈ। ਨਾਲ ਹੀ ਕਤਲ ਦੇ ਪਿੱਛੇ ਕੌਣ ਹੈ, ਇਹ ਘਟਨਾ ਕਿੱਥੇ ਅੰਜਾਮ ਦਿੱਤੀ ਗਈ ਅਤੇ ਕਿਸ ਤਰ੍ਹਾਂ ਨਾਲ ਹੋਈ ਇਸ ਦੀ ਜਾਣਕਾਰੀ ਜੁਟਾ ਲਈ ਗਈ ਹੈ। ਉਨ੍ਹਾਂ ਕਿਹਾ ਕਿ ਸਾਰੇ ਸਬੂਤ ਸੁਰੱਖਿਅਤ ਰੱਖੇ ਗਏ ਹਨ। ਸ਼ੁਰੂਆਤੀ ਜਾਂਚ 'ਚ ਇਸ ਗੱਲ ਦੇ ਪੁਖਤਾ ਸਬੂਤ ਮਿਲੇ ਹਨ ਕਿ ਘਟਨਾ ਘਰ

ਪਰਾਲੀ ਨੂੰ ਖੇਤਾਂ ਵਿਚ ਸਾੜੇ ਜਾਣ ਦੇ ਵਰਤਾਰਾ ਨੂੰ ਸਿਰਫ਼ ਕਾਨੂੰਨੀ ਸਖ਼ਤੀ ਨਾਲ ਨਹੀਂ ਰੋਕਿਆ ਜਾ ਸਕਦਾ। ਕਿਸਾਨ ਨੂੰ ਇਸ ਦੇ ਬਦਲ ਚਾਹੀਦੇ ਹਨ। ਇਸ ਦੇ ਲਈ ਹੱਥੀਂ ਵਾਢੀ ਕਰਨ, ਪਰਾਲੀ ਦੀ ਸਨਅਤੀ ਵਰਤੋਂ, ਬਿਜਲੀ ਉਤਪਾਦਨ, ਗੱਤੇ ਦੇ ਨਿਰਮਾਣ ਵਰਗੀਆਂ ਵਿਗਿਆਨਕ ਤਕਨੀਕਾਂ ਨੂੰ ਅਪਨਾਉਣ ਦੀ ਲੋੜ ਹੈ...

ਪਰਾਲੀ ਦੀ ਸੰਭਾਲ ਲਈ ਸਾਂਝੇ ਯਤਨਾਂ ਦੀ ਲੋੜ

• ਡਾ. ਰਣਜੀਤ ਸਿੰਘ
94170-87328

ਪੰਜਾਬ ’ਚ ਪਰਾਲੀ ਸੰਭਾਲਣ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ। ਕਾਨੂੰਨੀ ਸਖ਼ਤੀ ਦੇ ਬਾਵਜੂਦ ਕਿਸਾਨ ਪਰਾਲੀ ਨੂੰ ਅੱਗ ਲਗਾਉਣ ਲਈ ਮਜਬੂਰ ਹਨ। ਇਹ ਸਮੱਸਿਆ ਕਿਸਾਨਾਂ ਨੂੰ ਜੁਰਮਾਨਾ ਕਰ ਕੇ ਨਹੀਂ ਸੁਲਝਾਈ ਜਾ ਸਕਦੀ। ਇਸ ਦਾ ਸਥਾਈ ਹੱਲ ਲੱਭੇ ਜਾਣ ਦੀ ਲੋੜ ਹੈ।

ਖੇਤੀ ਮਸ਼ੀਨਰੀ ਨੇ ਵਧਾਈ ਸਮੱਸਿਆ

ਪਰਾਲੀ ਦੀ ਸਮਸਿਆ ਪੰਜਾਬ ਵਿਚ ਖੇਤੀ ਦੇ ਸੰਪੂਰਨ ਮਸ਼ੀਨੀਕਰਨ ਕਰਕੇ ਹੋਈ ਹੈ। ਜਦੋਂ ਡੰਗਰਾਂ ਨਾਲ ਖੇਤੀ ਹੁੰਦੀ ਸੀ ਤਾਂ ਪਰਾਲੀ ਨੂੰ ਹਰੇ ਚਾਰੇ ਵਿਚ ਕੁਤਰ ਕੇ ਸਿਆਲ ਦੇ ਦਿਨਾਂ ਵਿਚ ਪਸ਼ੂਆਂ ਨੂੰ ਚਾਰਿਆ ਜਾਂਦਾ ਸੀ। ਜਦ ਤੋਂ ਝੋਨੇ ਦੀ ਕਟਾਈ ਕੰਬਾਈਨਾਂ ਨਾਲ ਹੋਣ ਲੱਗੀ ਹੈ, ਮਸਲਾ ਗੰਭੀਰ ਹੋ ਗਿਆ ਹੈ। ਹੱਥੀਂ ਵੱਢੀ ਫ਼ਸਲ ਦੀ ਖੇਤਾਂ ਤੋਂ ਬਾਹਰ ਝੜ੍ਹਾਈ ਕੀਤੀ ਜਾਂਦੀ ਹੈ। ਇੰਜ ਪਰਾਲੀ ਖੇਤ ’ਚ ਨਹੀਂ ਸੀ ਰਹਿੰਦੀ। ਪਰਾਲੀ ਨੂੰ ਖੇਤ ’ਚੋਂ ਬਾਹਰ ਕੱਢਣ ਦਾ ਇਕ ਹਲ ਹੈ ਕਿ ਕੰਬਾਈਨ ’ਚ ਤਬਦੀਲੀਆਂ ਕੀਤੀਆਂ ਜਾਣ। ਅਸਲ ’ਚ ਅਸੀਂ ਵਿਦੇਸ਼ਾਂ ਤੋਂ ਮਸ਼ੀਨਾਂ ਮੰਗਵਾ ਕੇ ਉਨ੍ਹਾਂ ਦੀ ਨਕਲ ਕਰਨ ’ਚ ਰੁੱਝੇ ਹਾਂ। ਅਪਣੀ ਲੋੜ ਅਨੁਸਾਰ ਮਸ਼ੀਨਾਂ ਬਣਾਉਣ ਵੱਲ ਅਸੀਂ ਧਿਆਨ ਨਹੀਂ ਦਿੱਤਾ। ਝੋਨੇ ਦੀ ਵਾਢੀ ਤੋਂ ਬਾਅਦ 15 ਦਿਨ ਦੇ ਅੰਦਰਕਣਕ ਦੀ ਬਿਜਾਈ ਕਰਨੀ ਹੁੰਦੀ ਹੈ। ਖੇਤੀ ਮਸ਼ੀਨਰੀ ਦੇ ਮਾਹਿਰਾਂ ਨੂੰ ਚਾਹੀਦਾ ਹੈ ਕਿ ਸੂਬੇ ’ਚ ਕੰਬਾਈਨ ਬਣਾਉਣ ਵਾਲੀਆਂ ਕੰਪਨੀਆਂ ਨਾਲ ਮਿਲ ਕੇ ਮਸ਼ੀਨ ’ਚ ਲੋੜੀਦੀਆਂ ਤਬਦੀਲੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਜਾਵੇ। ਜੇ ਕੰਬਾਈਨ ਫ਼ਸਲ ਦੀ ਕਟਾਈ ਧਰਤੀ ਦੇ ਨੇੜਿਉਂ ਕਰੇ ਤੇ ਪਰਾਲੀ ਨੂੰ ਬਾਹਰ ਸੁੱਟਣ ਦੀ ਥਾਂ ਟਰਾਲੀ ’ਚ ਪਾਈ ਜਾਵੇ ਤਾਂ ਇਸ ਮਸਲੇ ਨੂੰ ਹੱਲ ਕੀਤਾ ਜਾ ਸਕਦਾ ਹੈ। ਇਹ ਕਾਜ ਏਨਾਂ ਔਖਾ ਨਹੀਂ ਹੈ ਕਿ ਕੀਤਾ ਨਾ ਜਾ ਸਕੇ। ਸਰਕਾਰ ਨੂੰ ਵੀ ਚਾਹੀਦਾ ਹੈ ਕਿ ਇਸ ਖੋਜ ਲਈ ਵਿੱਤੀ ਸਹਾਇਤਾ ਦੇਵੇ।

ਸਹਿਕਾਰੀ ਸੁਸਾਇਟੀਆਂ ਦੀ ਭੂਮਿਕਾ

ਪਰਾਲੀ ਦੀ ਸਮੱਸਿਆ ਛੋਟੇ ਕਿਸਾਨਾਂ ਨੂੰ ਵਧੇਰੇ ਹੈ। ਪਰਾਲੀ ਨਾਲ ਭਰੇ ਖੇਤ ਦੀ ਵਹਾਈ ਲਈ ਉਲਟਾਵਾਂ ਹਲ ਚਾਹੀਦਾ ਹੈ, ਜਿਸ ਲਈ ਵਧੇਰੇ ਤਾਕਤ ਵਾਲੇ ਟ੍ਰੈਕਟਰ ਦੀ ਲੋੜ ਪੈਂਦੀ ਹੈ। ਇਹ ਵੀ ਸਿਫ਼ਾਰਸ਼ ਕੀਤੀ ਗਈ ਹੈ ਕਿ ਬਿਨਾਂ ਵਹਾਈ ‘ਹੈਪੀ ਸੀਡਰ’ ਨਾਲ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ। ਇਹ ਮਸ਼ੀਨ ਹਰ ਕਿਸਾਨ ਵਾਸਤੇ ਖ਼ਰੀਦਣੀ ਸੰਭਵ ਨਹੀਂ ਹੈ। ਖੇਤ ’ਚੋਂ ਪਰਾਲੀ ਨੂੰ ਇਕਠਾ ਕਰਨ ਲਈ ‘ਬੇਲਰ’ ਮਸ਼ੀਨ ਵੀ ਬਣਾਈ ਗਈ ਹੈ, ਜੋ ਪਰਾਲੀ ਨੂੰ ਇਕੱਠਾ ਕਰ ਕੇ ਗੱਠਾਂ ਤਿਆਰ ਕਰਦੀ ਹੈ। ਇਹ ਮਸ਼ੀਨ ਵੀ ਆਮ ਕਿਸਾਨ ਨਹੀਂ ਖ਼ਰੀਦ ਸਕਦਾ। ਇਸੇ ਤਰ੍ਹਾਂ ਪਰਾਲੀ ਦੀ ਨਿਪਟਾਰੇ ਲਈ ‘ਚੋਪਰ’ ਨਾਂ ਦੀ ਇਕ ਹੋਰ ਮਸ਼ੀਨ ਹੈ। ਇਹ ਮਸ਼ੀਨ ਪਰਾਲੀ ਦਾ ਕੁਤਰਾ ਕਰ ਕੇ ਖੇਤ ’ਚ ਖਿਲਾਰ ਦਿੰਦੀ ਹੈ। ਇਹ ਤਿੰਨੇ ਮਸ਼ੀਨਾਂ ਕਿਸਾਨਾਂ ਨੂੰ ਖ਼ਰੀਦਣ ਦੀ ਸਿਫ਼ਾਰਸ਼ ਨਹੀਂ ਕਰਨੀ ਚਾਹੀਦੀ। ਪੰਜਾਬ ਦੇ ਲਗਪਗ ਹਰ ਪਿੰਡ ’ਚ ਸਹਿਕਾਰੀ ਸੁਸਾਇਟੀ ਹੈ। ਇਨ੍ਹਾਂ ਮਸ਼ੀਨਾਂ ਦੀ ਖ਼ਰੀਦ ਲਈ ਪਿੰਡਾਂ ਦੀਆਂ ਸੁਸਾਇਟੀਆਂ ਨੂੰ ਉਤਸ਼ਾਹਿਤ ਕੀਤਾ ਜਾਵੇ। ਕਿਸਾਨਾਂ ਨੂੰ ਮਸ਼ੀਨਾਂ ਦੀ ਖ਼ਰੀਦ ਲਈ ਦਿੱਤੀ ਜਾ ਰਹੀ ਸਬਸਿਡੀ ਬੰਦ ਕੀਤੀ ਜਾਵੇ ਤੇ ਇਸ ਪੈਸੇ ਨਾਲ ਸੁਸਾਇਟੀਆਂ ਨੂੰ ਘੱਟ ਕੀਮਤ ’ਤੇ ਮਸ਼ੀਨਾਂ ਦਿੱਤੀਆਂ ਜਾਣ। ਪਿੰਡ ਦੀ ਪੰਚਾਇਤ ਇਹ ਜ਼ਿੰਮੇਵਾਰੀ ਲਵੇ ਕਿ ਮਨਰੇਗਾ ਸਕੀਮ ਅਧੀਨ ਇਨ੍ਹਾਂ ਮਸ਼ੀਨਾਂ ਦੀ ਵਰਤੋਂ ਕਰ ਕੇ ਪਰਾਲੀ ਨੂੰ ਇਕੱਠਾ ਕੀਤਾ ਜਾਵੇ। ਪੰਜਾਬ ਵਿਚ ਮਨਰੇਗਾ ਸਕੀਮ ਦੀ ਇਹ ਸਭ ਤੋਂ ਵਧੀਆ ਵਰਤੋਂ ਹੋਵੇਗੀ।

ਸਨਅਤੀ ਖੇਤਰ ਤੇ ਪਰਾਲੀ

ਬਿਜਲੀ ਵਿਭਾਗ ਵੱਲੋਂ ਪਰਾਲੀ ਦੀ ਵਰਤੋਂ ਬਿਜਲੀ ਬਣਾਉਣ ਲਈ ਸ਼ੁਰੂ ਕੀਤੀ ਗਈ ਸੀ। ਸਰਕਾਰ ਇਸ ਸਿਲਸਿਲੇ ਨੂੰ ਉਤਸ਼ਾਹਿਤ ਕਰੇ। ਇਸੇ ਤਰ੍ਹਾਂ ਪਰਾਲੀ ਦੀ ਵਰਤੋਂ ਗੱਤਾ ਬਣਾਉਣ ਲਈ ਵੀ ਕੀਤੀ ਗਈ ਸੀ। ਸਰਕਾਰ ਅਜੇਹੇ ਯੂਨਿਟਾਂ ਨੂੰ ਸਥਾਪਿਤ ਕਰਨ ਲਈ ਰਿਆਇਤਾਂ ਦੇਵੇ, ਜਿਹੜੇ ਪਰਾਲੀ ਦੀ ਵਰਤੋਂ ਗੱਤਾ ਬਣਾਉਣ ਲਈ ਕਰਦੇ ਹੋਣ। ਪਿੰਡ ਪੱਧਰ ’ਤੇ ਇਕੱਠੀ ਕੀਤੀ ਗਈ ਪਰਾਲੀ ਨੂੰ ਇਨ੍ਹਾਂ ਦੋਵਾਂ ਕੰਮਾਂ ਲਈ ਵਰਤਿਆ ਜਾਵੇ। ਭੱਠਾ ਮਾਲਕ ਵੀ ਪਰਾਲੀ ਦੀ ਵਰਤੋਂ ਭੱਠਿਆਂ ਵਿਚ ਬਾਲਣ ਦੇ ਤੌਰ ’ਤੇ ਕਰ ਸਕਦੇ ਹਨ। ਫ਼ਸਲ ਬੀਜਣ ਪਿੱਛੋਂ ਜੇ ਖੇਤ ਦੇ ਖਾਲੀ ਹਿੱਸਿਆਂ ’ਚ ਪਰਾਲੀ ਖਲਾਰ ਦਿਤੀ ਜਾਵੇ ਤਾਂ ਨਦੀਨਾਂ ਦੀ ਰੋਕਥਾਮ ਹੁੰਦੀ ਹੈ ਤੇ ਪਾਣੀ ਦੀ ਬੱਚਤ ਵੀ ਹੁੰਦੀ ਹੈ। ਸਰਦੀਆਂ ’ਚ ਡੰਗਰਾਂ ਹੇਠ ਪਰਾਲੀ ਨੂੰ ਸੁੱਕ ਕੇ ਰੂਪ ’ਚ ਵਰਤਿਆ ਜਾ ਸਕਦਾ ਹੈ। ਸਨਅਤੀ ਖੋਜ ਨੂੰ ਵੀ ਇਸ ਸਬੰਧੀ ਗੰਭੀਰ ਉਪਰਾਲੇ ਕਰਨੇ ਚਾਹੀਦੇ ਹਨ ਕਿ ਪਰਾਲੀ ਦੀ ਸਨਅਤ ਵਿਚ ਸੁਚੱਜੀ ਵਰਤੋਂ ਕਿਵੇਂ ਕੀਤੀ ਜਾ ਸਕਦੀ ਹੈ।

ਹੱਥੀਂ ਵਾਢੀ ਕਰਨ ਨੂੰ ਕੀਤਾ ਜਾਵੇ ਉਤਸ਼ਾਹਿਤ

ਸਹਾਇਕ ਧੰਦਿਆਂ ਵਿੱਚੋਂ ਖੁੰਭਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਖੇਤੀ ਮਾਹਿਰਾਂ ਨੂੰ ਇਸ ਸਬੰਧੀ ਕਿਸਾਨਾਂ ਨੂੰ ਸਿਖਲਾਈ ਦੇਣੀ ਚਾਹੀਦੀ ਹੈ ਤਾਂ ਜੋ ਪਿੰਡ ਵਾਸੀ ਘਰਾਂ ’ਚ ਪਰਾਲੀ ਉੱਪਰ ਖੁੰਭਾਂ ਪੈਦਾ ਕਰ ਸਕਣ। ਇਸ ਨਾਲ ਪਰਾਲੀ ਦੀ ਸੁਚੱਜੀ ਵਰਤੋਂ ਵੀ ਹੋਵੇਗੀ ਤੇ ਕਿਸਾਨਾਂ ਦੀ ਆਮਦਨੀ ਨੂੰ ਵੀ ਹੁਲਾਰਾ ਮਿਲੇਗਾ ਅਤੇ ਲੋਕਾਂ ਨੂੰ ਪੌਸ਼ਟਿਕ ਖੁਰਾਕ ਪ੍ਰਾਪਤ ਹੋਵੇਗੀ। ਇਸ ਤੋਂ ਇਲਾਵਾ ਛੋਟੇ ਕਿਸਾਨਾਂ ਨੂੰ ਝੋਨੇ ਦੀ ਹੱਥੀਂ ਵਾਢੀ ਕਰਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਕੰਬਾਈਨ ਨਾਲ ਵਾਢੀ ਤੇ ਹੱਥ ਨਾਲ ਵਾਢੀ ਵਿਚਲੇ ਖ਼ਰਚੇ ਦੇ ਫ਼ਰਕ ਦਾ ਕੁਝ ਹਿੱਸਾ ਸਰਕਾਰ ਵੱਲੋਂ ਮਨਰੇਗਾ ਸਕੀਮ ਜਾਂ ਬੀਜ ਸਬਸਿਡੀ ਵਾਲੇ ਪੈਸੇ ਨਾਲ ਪੂਰਾ ਕੀਤਾ ਜਾਵੇ। ਇੰਜ ਪਰਾਲੀ ਵੀ ਇਕ ਥਾਂ ਇਕੱਠੀ ਹੋ ਜਾਵੇਗੀ ਤੇ ਪਿੰਡਾਂ ’ਚ ਖੇਤ ਮਜ਼ਦੂਰਾਂ ਨੂੰ ਰੁਜ਼ਗਾਰ ਵੀ ਮਿਲੇਗਾ। ਕੰਬਾਈਨਾਂ ਦੀ ਵਰਤੋਂ ਨਾਲ ਖੇਤ ਮਜ਼ਦੂਰ ਵਿਹਲੇ ਹੋ ਗਏ ਹਨ ਤੇ ਇਹ ਆਪਣੇ ਆਪ ’ਚ ਇਕ ਵੱਡੀ ਸਮੱਸਿਆ ਬਣਦੀ ਜਾ ਰਹੀ ਹੈ। ਹੱਥੀਂ ਵੱਢੀ ਹੋਈ ਪਰਾਲੀ ਨੂੰ ਗੱਤਾ ਬਣਾਉਣ ਵਾਲੀਆਂ ਸਨਅਤੀ ਇਕਾਈਆਂ ਵੀ ਆਸਾਨੀ ਨਾਲ ਖ਼ਰੀਦ ਲੈਂਦੀਆਂ ਹਨ।

ਉਪਰਾਲੇ

ਪਰਾਲੀ ਨੂੰ ਸਾੜਨ ਨਾਲ ਜਿੱਥੇ ਖੇਤਾਂ ਦੀ ਉਪਜਾਊ ਸ਼ਕਤੀ ਘਟਦੀ ਹੈ ਉੱਥੇ ਮਿੱਤਰ ਕੀੜੇ ਅੱਗ ’ਚ ਸੜ ਕੇ ਮਾਰੇ ਜਾਂਦੇ ਹਨ, ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ, ਬਿਮਾਰੀਆਂ ’ਚ ਵਾਧਾ ਹੁੰਦਾ ਹੈ, ਸੜਕਾਂ ਕਿਨਾਰੇ ਲੱਗੇ ਰੁੱਖ ਸੜ ਕੇ ਖ਼ਤਮ ਹੋ ਜਾਂਦੇ ਹਨ, ਗੱਡੀ ਚਾਲਕਾਂ ਦੀ ਵੇਖਣ ਦੀ ਹੱਦ ਘਟਣ ਕਾਰਨ ਸੜਕ ਹਾਦਸੇ ਵਾਪਰਦੇ ਹਨ। ਜੇ ਪਰਾਲੀ ਦੀ ਠੀਕ ਢੰਗ ਨਾਲ ਸਾਂਭ-ਸੰਭਾਲ ਕੀਤੀ ਜਾਵੇ ਤਾਂ ਧਰਤੀ ਦੀ ਸਿਹਤ ਚੰਗੀ ਬਣ ਸਕਦੀ ਹੈ, ਪ੍ਰਦੂਸ਼ਣ ਨੂੰ ਰੋਕਿਆ ਜਾ ਸਕਦਾ ਹੈ ਤੇ ਆਮਦਨੀ ਵਿਚ ਵੀ ਵਾਧਾ ਕੀਤਾ ਜਾ ਸਕਦਾ ਹੈ। ਪਰਾਲੀ ਦੀ ਸਮਸਿਆ ਦੇ ਹੱਲ ਲਈ ਕਿਸਾਨਾਂ, ਸਰਕਾਰ ਤੇ ਖੋਜ ਅਦਾਰਿਆਂ ਦੇ ਸਾਂਝੇ ਯਤਨਾਂ ਦੀ ਲੋੜ ਹੈ। ਸਥਿਤੀ ਦੀ ਨਾਜ਼ੁਕਤਾ ਦੇ ਨਾਲ-ਨਾਲ ਕਿਸਾਨਾਂ ਦੀ ਮਜਬੂਰੀ ਨੂੰ ਵੀ ਸਮਝਿਆ ਜਾਵੇ। ਕਾਨੂੰਨ ਦੀ ਮਦਦ ਨਾਲ ਕਿਸਾਨਾਂ ਨੂੰ ਸਜ਼ਾ ਦੇਣ ਨਾਲ ਇਹ ਮਸਲਾ ਹੱਲ ਨਹੀਂ ਹੋ ਸਕਦਾ।

ਜੇ ਸਾਂਝੇ ਯਤਨ ਕੀਤੇ ਜਾਣ ਤਾਂ ਇਹ ਕੋਈ ਬਹੁਤ ਵੱਡੀ ਸਮੱਸਿਆ ਨਹੀਂ ਹੈ ਕਿ ਇਸ ਦਾ ਹੱਲ ਨਾ ਕੱਢਿਆ ਜਾ ਸਕੇ। ਪੰਜਾਬ ਖੇਤੀਬਾੜੀ ਵਿਭਾਗ, ਪ੍ਰਦੂਸ਼ਣ ਕੰਟਰੋਲ ਬੋਰਡ, ਸਹਿਕਾਰੀ ਵਿਭਾਗ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਸਾਂਝੇ ਯਤਨਾਂ ਨਾਲ ਇਹ ਮਸਲਾ ਹੱਲ ਹੋ ਸਕਦਾ ਹੈ। ਲੋੜ ਸਾਰੀਆਂ ਧਿਰਾਂ ਵੱਲੋਂ ਸਾਂਝੇ ਤੌਰ ’ਤੇ ਯਤਨ ਕੀਤੇ ਜਾਣ ਦੀ ਹੈ। ਉਕਤ ਸਾਰੀਆਂ ਧਿਰਾਂ ਦੇ ਆਪਸੀ ਤਾਲਮੇਲ ਵਿਚ ਪੰਜਾਬ ਕਿਸਾਨ ਕਮਿਸ਼ਨ ਵੀ ਸੁਚੱਜੀ ਤੇ ਅਹਿਮ ਭੂਮਿਕਾ ਨਿਭਾਅ ਸਕਦਾ ਹੈ। ਸਾਨੂੰ ਆਪਣੀ ਇਹ ਆਦਤ ਬਦਲਨੀ ਪਵੇਗੀ ਕਿ ਅਸੀਂ ਭਵਿਖ ’ਚ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਦੇ ਆਗਾਊਂ ਹੱਲ ਲੱਭਣ ਦੀ ਥਾਂ ਉਦੋਂ ਯਤਨ ਕਰਦੇ ਹਾਂ ਜਦੋਂ ਸਮੱਸਿਆ ਗੰਭੀਰ ਰੂਪ ਲੈ ਲੈਂਦੀ ਹੈ। ਕਿਸਾਨ ਜਥੇਬੰਦੀਆਂ ਨੂੰ ਵੀ ਚਾਹੀਦਾ ਹੈ ਕਿ ਉਹ ਕਿਸਾਨਾਂ ਨੂੰ ਪਰਾਲੀ ਸਾੜਨ ਲਈ ਉਤਸ਼ਾਹਿਤ ਕਰਨ ਦੀ ਥਾਂ ਸਰਕਾਰ ਉੱਪਰ ਇਸ ਦਾ ਹੱਲ ਲੱਭਣ ਲਈ ਜ਼ੋਰ ਪਾਵੇ। ਇਸ ਤੋਂ ਇਲਾਵਾ ਪਿੰਡਾਂ ਦੀਆਂ ਪੰਚਾਇਤਾਂ ਪਰਾਲੀ ਨਾਲ ਸਾੜੇ ਜਾਣ ’ਚ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ ਪਰ ਇਸ ਦੇ ਲਈ ਸਰਕਾਰ ਵੱਲੋਂ ਉਨ੍ਹਾਂ ਨੂੰ ਵਿੱਤੀ ਵਸੀਲੇ ਮੁਹੱਈਆ ਕਰਵਾਏ ਜਾਣੇ ਬੇਹੱਦ ਲਾਜ਼ਮੀ ਹਨ। •

ਦੋ ਧਿਰੀ ਖੋਜ ਦੀ ਲੋੜ

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪਰਾਲੀ ਨਾਲ ਸਬੰਧੀ ਦੋ-ਧਿਰੀ ਖੋਜ ਸ਼ੁਰੂ ਕਰਨ ਦੀ ਲੋੜ ਹੈ। ਪਹਿਲੀ ਖੋਜ ਕੰਬਾਈਨ ਵਿਚ ਸੋਧ ਕਰਨ ਸਬੰਧੀ ਹੈ। ਕੰਬਾਈਨ ਨੂੰ ਅਜਿਹਾ ਬਣਾਇਆ ਜਾਵੇ ਜਿਹੜੀ ਫ਼ਸਲ ਦੀ ਕਟਾਈ ਧਰਤੀ ਦੇ ਨਾਲੋਂ ਕਰੇ ਅਤੇ ਉਸ ਨਾਲ ਇਕ ਟਰਾਲੀ ਲਗਾਈ ਜਾਵੇ, ਜਿਹੜੀ ਦਾਣੇ ਕੱਢਣ ਪਿੱਛੋਂ ਪਰਾਲੀ ਨੂੰ ਖੇਤ ਵਿਚ ਸੁਟਣ ਦੀ ਥਾਂ ਟਰਾਲੀ ਵਿਚ ਸੁੱਟੇ। ਮਸ਼ੀਨੀ ਖੋਜ ਦੇ ਨਾਲ-ਨਾਲ ਅਜਿਹੇ ਬੈਕਟੀਰੀਆ ਜਾਂ ਮਾਈਕ੍ਰੋਬ ਲੱਭੇ ਜਾਣ, ਜਿਹੜੇ ਪਰਾਲੀ ਨੂੰ ਤੇਜ਼ੀ ਨਾਲ ਗਾਲ ਸਕਣ, ਤਾਂ ਕਿ ਫ਼ਸਲ ਦੀ ਕਟਾਈ ਤੋਂ ਬਾਅਦ ਬੈਕਟੀਰੀਆ ਦਾ ਖੇਤ ’ਚ ਛਿੜਕਾ ਕੀਤਾ ਜਾਵੇ ਤੇ ਕੁਝ ਦਿਨਾਂ ਵਿਚ ਨਾੜ ਤੇ ਪਰਾਲੀ ਗਲਣੀ ਸ਼ੁਰੂ ਹੋ ਜਾਵੇ। ਗਲੀ ਹੋਈ ਇਸ ਪਰਾਲੀ ਨੂੰ ਬਾਅਦ ਵਿਚ ਟ੍ਰੈਕਟਰ ਨਾਲ ਮਿਟੀ ਵਿਚ ਰਲਾਇਆ ਜਾ ਸਕੇ।

ਇੰਟਰਨੈੱਟ ਰਾਹੀਂ ਵੇਖੋ ਮਿੱਟੀ-ਪਾਣੀ ਦੀ ਪਰਖ ਦੇ ਨਤੀਜੇ

ਮਿੱਟੀ-ਪਾਣੀ ਦੀ ਪਰਖ ਰਿਪੋਰਟ ਪਹਿਲਾਂ ਸਿਰਫ਼ ਡਾਕ ਰਾਹੀਂ ਕਿਸਾਨਾਂ ਤਕ ਪਹੁੰਚਦੀ ਸੀ। ਜ਼ਮੀਨ ਅਤੇ ਪਾਣੀ ਵਿਚ ਲੋੜੀਂਦੇ ਤੱਤਾਂ ਦੀ ਮੌਜੂਦਗੀ ਬਾਰੇ ਹੁਣ ਇਹ ਰਿਪੋਰਟ ਕਿਸਾਨਾਂ ਨੂੰ ਇੰਟਰਨੈੱਟ ਜ਼ਰੀਏ ਮੁਹੱਈਆ ਕਰਵਾਏ ਜਾਣ ਨਾਲ ਖੇਤੀ ਸਹੂਲਤਾਂ ਵਿਚ ਹੋਰ ਵਾਧਾ ਹੋਇਆ ਹੈ...

• ਕੁਲਦੀਪ ਸਿੰਘ, ਧਨਵਿੰਦਰ ਸਿੰਘ

ਸੁਚੱਜੀ ਤੇ ਵਿਗਿਆਨਕ ਖੇਤੀ ਲਈ ਕਾਸ਼ਤਕਾਰ ਨੂੰ ਮਿੱਟੀ ਅਤੇ ਪਾਣੀ ਦੇ ਸੋਮਿਆਂ ਦੀ ਗੁਣਵੱਤਾ ਬਾਰੇ ਜਾਣਕਾਰੀ ਹੋਣੀ ਬਹੁਤ ਜ਼ਰੂਰੀ ਹੈ। ਖੇਤੀ ਵਿਚ ਵਧੇਰੇ ਮੁਨਾਫ਼ੇ ਲਈ ਰਸਾਇਣਕ ਖਾਦਾਂ ਦੀ ਸੁਚੱਜੀ ਵਰਤੋਂ ਜ਼ਰੂਰੀ ਹੈ ਅਤੇ ਮਿੱਟੀ ਪਰਖ ਦੇ ਨਤੀਜੇ ਖਾਦਾਂ ਦੀ ਸੁਚੱਜੀ ਵਰਤੋਂ ’ਚ ਬਹੁਤ ਕਾਰਗਰ ਹਨ। ਮਿੱਟੀ ਵਿਚਲੇ ਖ਼ੁਰਾਕੀ ਤੱਤਾਂ ਦੀ ਮਾਤਰਾ ਤੇ ਮਿੱਟੀ ਦੇ ਗੁਣਾਂ ਬਾਰੇ ਜਾਣਕਾਰੀ ਨਾਲ ਕਿਸਾਨ ਖਾਦਾਂ ਦੀ ਸਹੀ ਵਰਤੋਂ ਕਰ ਸਕਦੇ ਹਨ। ਸਿੰਚਾਈ ਵਾਲੇ ਪਾਣੀ ਦੀ ਕੁਆਲਿਟੀ ਬਾਰੇ ਜਾਣਕਾਰੀ ਵੀ ਖੇਤੀ ਲਈ ਮਹੱਤਵਪੂਰਨ ਹੈ। ਘਣੀ ਖੇਤੀ ਵਿਚ ਇਕ ਫ਼ਸਲ ਦੀ ਕਟਾਈ ਤੋਂ ਬਾਅਦ ਦੂਸਰੀ ਫ਼ਸਲ ਬੀਜਣ ਤਕ ਕਿਸਾਨ ਕੋਲ ਅਕਸਰ ਸਮੇਂ ਦੀ ਘਾਟ ਹੁੰਦੀ ਹੈ। ਇਸ ਲਈ ਮਿੱਟੀ ਤੇ ਪਾਣੀ ਦੀ ਪਰਖ ਦੇ ਨਤੀਜੇ ਜਲਦੀ ਤੋਂ ਜਲਦੀ ਪ੍ਰਾਪਤ ਕਰਨ ਦੀ ਹਰ ਕਿਸਾਨ ਨੂੰ ਇੱਛਾ ਹੁੰਦੀ ਹੈ।

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵੱਲੋਂ ਮਿੱਟੀ/ਪਾਣੀ ਦੀ ਪਰਖ ਦੇ ਕੰਮ ਨੂੰ ਸੁਚਾਰੂ ਬਣਾਉਣ ਲਈ ਮਿੱਟੀ ਪਰਖ ਪ੍ਰਯੋਗਸ਼ਾਲਾਵਾਂ ਚਲਾਈਆਂ ਜਾ ਰਹੀਆਂ ਹਨ। ਪਰਖ ਦੇ ਕੰਮ ’ਚ ਹੋਰ ਤੇਜ਼ੀ ਤੇ ਨਵੀਨਤਾ ਲਿਆਉਣ ਵਾਸਤੇ ਪੀਏਯੂ ਲੁਧਿਆਣਾ ਸਥਿਤ ਮਿੱਟੀ ਪਰਖ ਪ੍ਰਯੋਗਸ਼ਾਲਾ ਦੇ ਮਿੱਟੀ ਤੇ ਪਾਣੀ ਦੀ ਪਰਖ ਦੇ ਨਤੀਜੇ ਹੁਣ ਇੰਟਰਨੈਟ ਰਾਹੀਂ ਵੇਖੇ ਜਾ ਸਕਦੇ ਹਨ। ਇਸ ਤੋਂ ਪਹਿਲਾਂ ਮਿੱਟੀ/ਪਾਣੀ ਦੀ ਪਰਖ ਰਿਪੋਰਟ ਕੇਵਲ ਡਾਕ ਰਾਹੀਂ ਭੇਜੀ ਜਾਂਦੀ ਸੀ। ਕਿਸਾਨ ਇਹ ਰਿਪੋਰਟ ਪ੍ਰਯੋਗਸ਼ਾਲਾ ਤੋਂ ਦਸਤੀ ਵੀ ਪ੍ਰਾਪਤ ਕਰ ਸਕਦੇ ਹਨ ਪਰ ਆਮ ਹਾਲਤਾਂ ਵਿਚ ਡਾਕ ਰਾਹੀਂ ਭੇਜੀ ਗਈ ਰਿਪੋਰਟ ਕਿਸਾਨ ਤਕ 3 ਤੋਂ 6 ਦਿਨ ਵਿਚ ਜਾਂ ਇਸ ਤੋਂ ਵੀ ਵੱਧ ਸਮੇਂ ਵਿਚ ਪਹੁੰਚਦੀ ਹੈ ਅਤੇ ਕਦੇ-ਕਦੇ ਤਾਂ ਇਹ ਰਿਪੋਰਟ ਕਿਸਾਨ ਤਕ ਪਹੁੰਚਦੀ ਹੀ ਨਹੀਂ। ਇੰਟਰਨੈਟ ਨੇ ਇਸ ਕੰਮ ਨੂੰ ਬੇਹੱਦ ਸੌਖਾ ਕਰ ਦਿੱਤਾ ਹੈ। ਇਸ ਨਾਲ ਕਿਸਾਨ ਮਿੱਟੀ/ਪਾਣੀ ਦੀ ਪਰਖ ਰਿਪੋਰਟ ਘਰ ਬੈਠੇ ਹੀ ਆਪਣੇ ਕੰਪਿਊਟਰ ਜਾਂ ਮੋਬਾਈਲ ’ਤੇ ਦੇਖ ਸਕਦੇ ਹਨ। ਪ੍ਰਯੋਗਸ਼ਾਲਾ ’ਚ ਰਿਪੋਰਟ ਤਿਆਰ ਹੋਣ ਤੋਂ ਬਾਅਦ ਉਸ ਨੂੰ ਡਾਕ ਰਾਹੀਂ ਭੇਜਣ ਦੇ ਨਾਲ-ਨਾਲ ਯੂਨੀਵਰਸਿਟੀ ਦੀ ਵੈੱਬਸਾਈਟ ’ਤੇ ਵੀ ਅਪਲੋਡ ਕਰ ਦਿੱਤਾ ਜਾਂਦਾ ਹੈ।

ਨਤੀਜੇ ਦ

ਚਿਹਰੇ ਤੇ ਵਾਲ਼ਾਂ ਦੀ ਖ਼ੂਬਸੂਰਤੀ ਲਈ ਰੋਜ਼ਾਨਾ ਖਾਓ 'ਛੋਟੀ ਇਲਾਇਚੀ'

ਭਾਰਤੀ ਰਸੋਈ 'ਚ ਖਾਣੇ ਦਾ ਸੁਆਦ ਵਧਾਉਣ ਲਈ ਛੋਟੀ ਇਲਾਇਚੀ ਦੀ ਵਰਤੋਂ ਬਹੁਤ ਕੀਤੀ ਜਾਂਦੀ ਹੈ। ਛੋਟੀ ਜਿਹੀ ਦਿੱਸਣ ਵਾਲੀ ਹਰੀ ਇਲਾਇਚੀ ਤੁਹਾਡੀਆਂ ਸਰੀਰਕ ਅਤੇ ਖ਼ੂਬਸੂਰਤੀ ਨਾਲ ਸਬੰਧਿਤ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰ ਦਿੰਦੀ ਹੈ। ਜੇ ਕਰ ਤੁਹਾਨੂੰ ਪੱਥਰੀ, ਗਲ਼ੇ ਦੀ ਸਮੱਸਿਆ, ਕੱਫ਼, ਗੈਸ, ਬਵਾਸੀਰ, ਟੀ.ਬੀ., ਕਿੱਲ ਅਤੇ ਝੜਦੇ ਵਾਲਾਂ ਵਰਗੀਆਂ ਸਮੱਸਿਆ ਹਨ ਤਾਂ ਤੁਹਾਨੂੰ ਹਰੀ ਇਲਾਇਚੀ ਦੀ ਵਰਤੋਂ ਕਰਨੀ ਚਾਹੀਦੀ ਹੈ। ਇਹ ਇਲਾਇਚੀ ਇਨ੍ਹਾਂ ਸਾਰੀਆਂ ਪ੍ਰੇਸ਼ਾਨੀਆਂ ਨੂੰ ਚੁਟਕੀਆਂ 'ਚ ਦੂਰ ਕਰ ਦਿੰਦੀ ਹੈ। ਇਲਾਇਚੀ ਖਾਣ ਨਾਲ ਹੋਰ ਕਿਹੜੇ ਫ਼ਾਇਦੇ ਹੁੰਦੇ ਹਨ, ਆਓ ਜਾਣਦੇ ਹਾਂ....

ਪੱਥਰੀ ਅਤੇ ਜੋੜਾਂ ਦੇ ਦਰਦ ਤੋਂ ਰਾਹਤ
ਸੌਣ ਤੋਂ ਪਹਿਲਾਂ ਇੱਕ ਇਲਾਇਚੀ ਨੂੰ ਗਰਮ ਪਾਣੀ ਦੇ ਨਾਲ ਖਾਣ ਨਾਲ ਪੱਥਰੀ ਜਲਦੀ ਟੁੱਟ ਕੇ ਪੇਸ਼ਾਬ ਰਾਹੀਂ ਬਾਹਰ ਆ ਜਾਂਦੀ ਹੈ। ਨਾਲ ਹੀ ਇਸ ਨਾਲ ਸੀਨੇ 'ਚ ਜਲਨ ਅਤੇ ਜੋੜਾਂ ਦੇ ਦਰਦ ਤੋਂ ਵੀ ਰਾਹਤ ਮਿਲਦੀ ਹੈ।

ਦੂਰ ਹੁੰਦੀ ਹੈ ਨੀਂਦ ਦੀ ਸਮੱਸਿਆ

ਕੁਝ ਲੋਕਾਂ ਨੂੰ ਢੇਰ ਸਾਰਾ ਕੰਮ ਕਰਨ ਦੇ ਬਾਅਦ ਵੀ ਰਾਤ ਨੂੰ ਨੀਂਦ ਨਹੀਂ ਆਉਂਦੀ। ਸੌਣ ਲਈ ਲੋਕ ਦਵਾਈਆਂ ਦਾ ਸਹਾਰਾ ਲੈਂਦੇ ਹਨ ਜਿਸ ਦਾ ਸਰੀਰ 'ਤੇ ਗਲਤ ਅਸਰ ਪੈਂਦਾ ਹੈ। ਨੈਚੁਰਲ ਤਰੀਕੇ ਨਾਲ ਨੀਂਦ ਲੈਣ ਲਈ ਰੋਜ਼ਾਨਾ ਰਾਤ ਨੂੰ ਸੌਣ ਤੋਂ ਪਹਿਲਾਂ ਇਲਾਇਚੀ ਨੂੰ ਗਰਮ ਪਾਣੀ ਦੇ ਨਾਲ ਖਾਓ। ਇਸ ਨਾਲ ਨੀਂਦ ਆਵੇਗੀ ਅਤੇ ਖਰਾਟੇ ਦੀ ਸਮੱਸਿਆ ਵੀ ਦੂਰ ਹੋ ਜਾਵੇਗੀ।

ਤਣਾਅ ਤੋਂ ਮੁਕਤੀ

ਰੋਜ਼ਾਨਾ ਇਸ ਦਾ ਕਾੜ੍ਹਾ ਪੀਣੀ ਨਾਲ ਮਾਨਸਿਕ ਤਣਾਅ ਦੂਰ ਹੁੰਦਾ ਹੈ। ਇਸ ਦਾ ਕਾੜ੍ਹਾ ਬਣਾਉਣ ਲਈ ਇਲਾਇਚੀ ਪਾਊਡਰ ਨੂੰ ਪਾਣੀ 'ਚ ਉਬਾਲੋ। ਹੁਣ ਕਾੜ੍ਹੇ 'ਚ ਥੋੜ੍ਹਾ ਜਿਹਾ ਸ਼ਹਿਦ ਮਿਲਾ ਕੇ ਪੀਓ। ਕੁਝ ਦਿਨ ਪੀਣ ਨਾਲ ਤੁਹਾਨੂੰ ਫ਼ਰਕ ਦਿਖਾਈ ਦੇਣ ਲੱਗੇਗਾ।

ਕੈਲੋਰੀ ਬਰਨ ਕਰਨ 'ਚ ਕਰਦੀ ਹੈ ਮਦਦ

ਜੇਕਰ ਤੁਸੀਂ ਆਪਣੇ ਵਧੇ ਹੋਏ ਢਿੱਡ ਨੂੰ ਅੰਦਰ ਕਰਨਾ ਚਾਹੁੰਦੇ ਹੋ ਤਾਂ ਰਾਤ ਨੂੰ 2 ਇਲਾਇਚੀ ਖਾ ਕੇ ਗਰਮ ਪਾਣੀ ਪੀ ਲਓ। ਇਸ 'ਚ ਪੋਟਾਸ਼ੀਅਮ, ਮੈਗਨੀਸ਼ੀਅਮ, ਵਿਟਾਮਿਨ-ਬੀ1, ਬੀ6 ਅਤੇ ਵਿਟਾਮਿਨ-ਸੀ ਹੁੰਦਾ ਹੈ, ਜੋ ਐਕਸਟਰਾ ਕੈਲੋਰੀ ਬਰਨ ਕਰਨ 'ਚ ਮਦਦ ਕਰਦਾ ਹੈ।

ਢਿੱਡ ਨਾਲ ਜੁੜੀਆਂ ਪ੍ਰੇਸ਼ਾਨੀਆਂ

ਕੁਝ ਲੋਕਾਂ ਨੂੰ ਹਮੇਸ਼ਾ ਪੇਟ ਨਾਲ ਸੰਬੰਧਤ ਪ੍ਰੇਸ਼ਾਨੀਆਂ ਰਹਿੰਦੀਆਂ ਹਨ। ਪੇਟ ਠੀਕ ਨਾ ਰਹਿਣ ਦੇ ਕਾਰਨ ਵਾਲ ਝੜਣ ਲੱਗਦੇ ਹਨ। ਇਨ੍ਹਾਂ ਦੋਵਾਂ ਸਮੱਸਿਆਵਾਂ ਤੋਂ ਬਚਣ ਲਈ ਸਵੇਰੇ ਖਾਲੀ ਪੇਟ 1 ਇਲਾਇਚੀ ਕੋਸੇ ਪਾਣੀ ਦੇ ਨਾਲ ਖਾਓ। ਕੁਝ ਦਿਨਾਂ ਤੱਕ ਲਗਾਤਾਰ ਖਾਣ ਨਾਲ ਫ਼ਰਕ ਦਿਖਾਈ ਦੇਣ ਲੱਗੇਗਾ।

ਗੈਸ ਅਤੇ ਐਸਡਿਟੀ

ਗੈਸ, ਐਸਡਿਟੀ, ਕਬਜ਼ ਦੀ ਸਮੱਸਿਆ ਨੂੰ ਇਲਾਇਚੀ ਨਾਲ ਦੂਰ ਕੀਤਾ ਜਾ ਸਕਦਾ ਹੈ। ਇਸ ਦੇ ਨਾਲ ਹੀ ਹਿਚਕੀ ਤੋਂ ਵੀ ਰਾਹਤ ਮਿਲਦੀ ਹੈ। ਇਸ ਇੱਕ ਚੀਜ਼ ਨੂੰ ਚਬਾਉਣ ਨਾਲ ਭਾਰ ਵੀ ਘੱਟ ਹੋਵੇਗਾ।

ਵਧੀਆ ਬਲੱਡ ਸਰਕੁਲਰ

ਹਰੀ ਇਲਾਇਚੀ ਫ਼ੇਫ਼ੜਿਆਂ 'ਚ ਖ਼ੂਨ ਦੀ ਸੰਚਾਰ ਗਤੀ ਨੂੰ ਠੀਕ ਰੱਖਦਾ ਹੈ। ਇਸ ਦੇ ਨਾਲ ਹੀ ਇਹ ਅਸਥਮਾ, ਜ਼ੁਕਾਮ, ਖਾਂਸੀ ਵਰਗੀਆਂ ਸਮੱਸਿਆਵਾਂ ਤੋਂ ਵੀ ਰਾਹਤ ਪਹੁੰਚਦੀ ਹੈ। ਇਹ ਬਲਗਮ ਅਤੇ ਕੱਫ਼ ਨੂੰ ਬਾਹਰ ਕੱਢ ਕੇ ਛਾਤੀ ਦੀ ਜਕੜਨ ਨੂੰ ਘੱਟ ਕਰਨ 'ਚ ਮਦਦ ਕਰਦੀ ਹੈ।

ਗਰਭਵਤੀ ਜਨਾਨੀਆਂ ਲਈ ਫ਼ਾਇਦੇਮੰਦ

ਗਰਭਵਤੀ ਜਨਾਨੀਆਂ ਨੂੰ ਹਮੇਸ਼ਾ ਚੱਕਰ ਆਉਣ ਦੀ ਸਮੱਸਿਆ ਰਹਿੰਦੀ ਹੈ। ਇਸ ਤੋਂ ਰਾਹਤ ਪਾਉਣ ਲਈ ਇਲਾਇਚੀ ਦੇ ਕਾੜ੍ਹੇ 'ਚ ਗੁੜ ਮਿਲਾ ਕੇ ਸਵੇਰੇ ਅਤੇ ਸ਼ਾਮ ਪੀਣ ਨਾਲ ਚੱਕਰ ਆਉਣ ਦੀ ਸਮੱਸਿਆ ਦੂਰ ਹੋ ਜਾਵੇਗੀ।

ਮੂੰਹ 'ਚੋਂ ਬਦਬੂ ਆਉਣਾ

ਮੂੰਹ ਤੋਂ ਆਉਣ ਵਾਲੀ ਬਦਬੂ ਨੂੰ ਇਲਾਇਚੀ ਖਾਣ ਨਾਲ ਦੂਰ ਕੀਤਾ ਜਾ ਸਕਦਾ ਹੈ। ਇਸ ਨੂੰ ਖਾਣ ਨਾਲ ਗਲੇ 'ਚ ਹੋਣ ਵਾਲੀ ਖਰਾਸ਼ ਦੂਰ ਹੁੰਦੀ ਹੈ ਅਤੇ ਆਵਾਜ਼ 'ਚ ਸਧਾਰ ਆਉਂਦਾ ਹੈ।

ਕਿੱਲ ਅਤੇ ਦਾਗ ਧੱਬੇ

ਇੱਕ ਚਮਚ ਇਲਾਇਚੀ ਪਾਊਡਰ ਦੇ ਨਾਲ ਸ਼ਹਿਦ ਮਿਕਸ ਕਰੋ ਅਤੇ ਕਿੱਲ 'ਤੇ ਲਗਾਓ। ਅਜਿਹਾ ਕਰਨ ਨਾਲ ਇਲਾਇਚੀ ਦੀ ਐਂਟੀ-ਬੈਕਟੀਰੀਅਲ ਪ੍ਰਾਪਰਟੀ ਦੇ ਕਾਰਨ ਸਕਿਨ ਕਲੀਅਰ ਹੁੰਦੀ ਹੈ। ਤੁਸੀਂ ਇਸ ਪੇਸਟ ਨੂੰ ਕਿੱਲਾਂ 'ਤੇ ਲਗਾ ਕੇ ਰਾਤ ਭਰ ਲਗਾ ਕੇ ਰੱਖੋ ਅਤੇ ਸਵੇਰੇ ਠੰਡੇ ਨਾਲ ਚਿਹਰਾ ਧੋ ਲਓ।

ਫ਼ਟੇ ਬੁੱਲ੍ਹ ਹੋਣਗੇ ਠੀਕ

ਬਦਲਦੇ ਮੌਸਮ 'ਚ ਬੁੱਲ੍ਹ ਫ਼ੱਟਣ ਦੀ ਸਮੱਸਿਆ ਆਮ ਹੈ ਅਜਿਹੇ 'ਚ ਇਲਾਇਚੀ ਨੂੰ ਪੀਸ ਕੇ ਮੱਖਣ ਦੇ ਨਾਲ ਮਿਲਾ ਕੇ ਦਿਨ 'ਚ ਦੋ ਵਾਰ ਲਗਾਓ। ਸੱਤ ਦਿਨਾਂ 'ਚ ਹੀ ਤੁਹਾਨੂੰ ਫ਼ਰਕ ਦਿਖਾਈ ਦੇਣ ਲੱਗੇਗਾ।

ਜੇਕਰ ਤੁਸੀਂ ਉੱਪਰ ਬਿਆਨ ਕੀਤੇ ਕਿਸੇ ਵੀ ਮਸਲੇ ਤੋਂ ਪਰੇਸ਼ਾਨ ਹੋ ਜਾਂ ਕਿਸੇ ਗੁਪਤ ਰੋਗ ਤੋਂ ਪੀੜਤ ਹੋ ਤਾਂ ਇੱਕ ਵਾਰ ਸੂਰਜਵੰਸ਼ੀ ਦਵਾਖ਼ਾਨੇ ਨਾਲ ਜ਼ਰੂਰ ਸੰਪਰਕ ਕਰੋ। ਸੂਰਜਵੰਸ਼ੀ ਦਵਾਖ਼ਾਨਾ ਉੱਤਰੀ ਅਮਰੀਕਾ ਵਿੱਚ ਪਿੱਛਲੇ 25 ਸਾਲਾਂ ਤੋਂ ਲਗਾਤਾਰ ਸੇਵਾ ਨਿਭਾਉਂਦਾ ਆ ਰਿਹਾ ਹੈ। ਮੈਡੀਕਲ ਸਾਇੰਸ ਵਲੋਂ ਸਾਰੀ ਦੁਨੀਆ 'ਚ ਇਹ ਗੱਲ ਪੂਰੀ ਤਰ੍ਹਾਂ ਸਥਾਪਤ ਕੀਤੀ ਜਾ ਚੁੱਕੀ ਹੈ ਕਿ ਪਿਛਲੇ 100 ਸਾਲਾਂ ਵਿੱਚ ਮੈਡੀਕਲ ਸਾਇੰਸ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਧਿਆਨ ਦੇਣ ਦੀ ਗੱਲ ਇਹ ਹੈ ਕਿ ਫ਼ਿਰ ਵੀ ਮਰਦਾਂ ਵਿੱਚ ਇਰੈਕਟਾਇਲ ਡਿਸਫ਼ੰਕਸ਼ਨ ਭਾਵ ਮਰਦਾਨਾ ਕਮਜ਼ੋਰੀ, ਸ਼ੀਘਰ ਪਤਨ, ਸ਼ੂਗਰ, ਗਠੀਆ ਤੇ ਗੀੜ੍ਹ ਦੀ ਹੱਡੀ ਦੀਆਂ ਬੀਮਾਰੀਆਂ ਨੂੰ ਅੰਗ੍ਰੇਜ਼ੀ ਦਵਾਈਆਂ ਨਾਲ ਸਿਰਫ਼ ਕੁਝ ਹੱਦ ਤਕ ਕੰਟਰੋਲ ਹੀ ਕੀਤਾ ਜਾ ਰਿਹਾ ਹੈ। ਇਨ੍ਹਾਂ ਬੀਮਾਰੀਆਂ ਨੂੰ ਹਮੇਸ਼ਾ ਲਈ ਖਤਮ ਕਰ ਕੇ ਮਰੀਜ਼ ਨੂੰ ਸਿਹਤਮੰਦ ਨਹੀਂ ਬਣਾਇਆ ਜਾ ਰਿਹਾ। ਮਰਦਾਂ ਨੂੰ ਇੰਦਰੀ ਵਰਧਕ ਨੁਸਖ਼ਾ ਚਾਹੀਦਾ ਹੋਵੇ ਤਾਂ ਉਹ ਸਾਡੇ ਕੋਲੋਂ 150 ਡੌਲਰ ਵਾਲੀ ਸਪੈਸ਼ਲ ਮਸ਼ੀਨ ਬਾਰੇ ਪੁੱਛਣਾ ਬਿਲਕੁਲ ਨਾ ਭੁੱਲਣ। ਮਰਦਾਨਾ ਤਾਕਤ ਦਾ ਫ਼ੌਲਾਦੀ ਨੁਸਖ਼ਾ ਖ਼ਰੀਦਣ 'ਤੇ ਮਸ਼ੀਨ ਬਿਲਕੁਲ ਮੁਫ਼ਤ ਹਾਸਿਲ ਕਰੋ। ਕੁਝ ਸਮੇਂ ਦੇ ਇਲਾਜ ਤੋਂ ਬਾਅਦ ਹੀ ਰੋਗੀ ਤੰਦਰੁਸਤ ਹੋ ਜਾਂਦੇ ਹਨ ਅਤੇ ਫ਼ਿਰ ਸਾਰੀ ਉਮਰ ਉਹ ਬਿਨਾਂ ਦਵਾਈਆਂ ਦੇ ਆਪਣਾ ਗ਼ਿਹਸਥ ਜੀਵਨ ਜੀ ਸਕਦੇ ਹਨ। ਸਪਰਮ ਕਾਊਂਟ ਘੱਟ ਹੋਵੇ ਤਾਂ ਵੀ ਸਾਡੇ ਕੋਲ ਸ਼ਰਤੀਆ ਇਲਾਜ ਮੌਜੂਦ ਹੈ। ਵਧੇਰੇ ਜਾਣਕਾਰੀ ਲਈ ਅੱਜ ਹੀ ਖ਼ਾਨਦਾਨੀ ਹਕੀਮ ਕੇ.ਬੀ. ਸਿੰਘ ਨਾਲ 416-992-5489 'ਤੇ ਸੰਪਰਕ ਕਰੋ ਜਾਂ ਇਸ ਅਖ਼ਬਾਰ ਵਿੱਚ ਲੱਗਾ ਸੂਰਜਵੰਸ਼ੀ ਦਵਾਖ਼ਾਨੇ ਦਾ ਇਸ਼ਤਿਹਾਰ ਦੇਖੋ।

ਸਹੀ ਸਮੇਂ 'ਤੇ ਖਾਓ ਅੰਡਾ ਤਾਂ ਤੇਜ਼ੀ ਨਾਲ ਘਟੇਗਾ ਭਾਰ

ਅੰਡਾ ਪ੍ਰੋਟੀਨ ਦਾ ਸਭ ਤੋਂ ਚੰਗਾ ਸਰੋਤ ਮੰਨਿਆ ਜਾਂਦਾ ਹੈ। ਇਹ ਭਾਰ ਘਟਾਉਣ ਵਾਲਿਆਂ ਅਤੇ ਬਾਡੀ ਬਿਲਡਰਸ ਦਾ ਪਸੰਦੀਦਾ ਭੋਜਨ ਮੰਨਿਆ ਜਾਂਦਾ ਹੈ। ਅੰਡੇ 'ਚ ਕਈ ਤਰ੍ਹਾਂ ਦੇ ਪੋਸ਼ਕ ਤੱਤ ਪਾਏ ਜਾਂਦੇ ਹਨ, ਜੋ ਸਰੀਰ ਨੂੰ ਐਨਰਜੀ ਪ੍ਰਦਾਨ ਕਰਦੇ ਹਨ ਅਤੇ ਭਾਰ ਨੂੰ ਵੀ ਕੰਟਰੋਲ 'ਚ ਰੱਖਦੇ ਹਨ। ਸਭ ਤੋਂ ਖਾਸ ਗੱਲ ਇਹ ਹੈ ਕਿ ਅੰਡੇ ਨੂੰ ਪਕਾਉਣਾ ਬਹੁਤ ਆਸਾਨ ਹੈ ਅਤੇ ਇਸ ਨੂੰ ਆਪਣੇ ਰੋਜ਼ ਦੇ ਆਹਾਰ 'ਚ ਸ਼ਾਮਲ ਕੀਤਾ ਜਾ ਸਕਦਾ ਹੈ।

ਭਾਰ ਘਟਾਉਣ ਲਈ ਜ਼ਿਆਦਾਤਰ ਲੋਕ ਉਬਲੇ ਅੰਡੇ ਨੂੰ ਟੋਸਟ ਜਾਂ ਸ਼ਿਮਲਾ ਮਿਰਚ ਅਤੇ ਪਾਲਕ ਵਰਗੀਆਂ ਵੱਖ-ਵੱਖ ਤਰ੍ਹਾਂ ਦੀਆਂ ਸਬਜ਼ੀਆਂ ਦੇ ਨਾਲ ਮਿਲਾ ਕੇ ਖਾਂਦੇ ਹਨ। ਪਰ ਖਾਣ ਪੀਣ ਦੀਆਂ ਦੂਜੀਆਂ ਚੀਜ਼ਾਂ ਦੀ ਤਰ੍ਹਾਂ ਅੰਡੇ ਖਾਣ ਦਾ ਵੀ ਸਹੀ ਅਤੇ ਗਲਤ ਸਮਾਂ ਹੁੰਦਾ ਹੈ। ਜੇਕਰ ਅੰਡੇ ਨੂੰ ਸਹੀ ਸਮੇਂ 'ਤੇ ਖਾਧਾ ਜਾਵੇ ਤਾਂ ਭਾਰ ਕਾਫ਼ੀ ਤੇਜ਼ੀ ਨਾਲ ਘਟਦਾ ਹੈ।

ਨਾਸ਼ਤੇ 'ਚ

ਸਵੇਰੇ ਨਾਸ਼ਤੇ 'ਚ ਅੰਡਾ ਖਾਣਾ ਜ਼ਿਆਦਾ ਫ਼ਾਇਦੇਮੰਦ ਹੈ। ਅੰਡੇ ਦੀ ਡਿਸ਼ ਤਿਆਰ ਕਰਨ 'ਚ 5 ਤੋਂ 10 ਮਿੰਟ ਦਾ ਸਮਾਂ ਲੱਗਦਾ ਹੈ। ਇਸ 'ਚ ਮੈਗਨੀਸ਼ੀਅਮ, ਜ਼ਿੰਕ, ਆਇਰਨ ਅਤੇ ਪ੍ਰੋਟੀਨ ਵਰਗੇ ਪੋਸ਼ਕ ਤੱਤ ਪੂਰੀ ਮਾਤਰਾ 'ਚ ਪਾਏ ਜਾਂਦੇ ਹਨ। ਪ੍ਰੋਟੀਨ ਨਾਲ ਭਰਪੂਰ ਨਾਸ਼ਤਾ ਲੈਣ ਨਾਲ ਲੰਬੇ ਸਮੇਂ ਤੱਕ ਭੁੱਖ ਨਹੀਂ ਲੱਗਦੀ। ਇਸ ਨਾਲ ਤੁਸੀਂ ਜ਼ਿਆਦਾ ਖਾਣਾ ਖਾਣ ਤੋਂ ਬਚ ਸਕਦੇ ਹੋ।

ਵਰਕਆਊਟ ਤੋਂ ਬਾਅਦ ਕਾਫ਼ੀ ਤੇਜ਼ੀ ਨਾਲ ਭੁੱਖ ਲੱਗਦੀ ਹੈ। ਇਸ ਲਈ ਇਸ ਦੌਰਾਨ ਅੰਡਾ ਖਾਣਾ ਫ਼ਾਇਦੇਮੰਦ ਹੁੰਦਾ ਹੈ। ਇਹ ਭੁੱਖ ਨੂੰ ਸ਼ਾਂਤ ਕਰਦਾ ਹੈ, ਸਰੀਰ ਨੂੰ ਐਨਰਜੀ ਦਿੰਦਾ ਹੈ ਅਤੇ ਮਾਸਪੇਸ਼ੀਆਂ ਨੂੰ ਰਿਪੇਅਰ ਕਰਨ 'ਚ ਮਦਦ ਕਰਦਾ ਹੈ। ਸਾਡੇ ਸਰੀਰ ਨੂੰ ਪੂਰੇ ਪੋਸ਼ਣ ਦੀ ਲੋੜ ਹੁੰਦੀ ਹੈ ਅਤੇ ਅੰਡੇ ਤੋਂ ਬਿਹਤਰ ਕੁਝ ਵੀ ਨਹੀਂ ਹੈ। ਵਰਕਆਊਟ ਦੇ ਬਾਅਦ ਦੋ ਉਬਲੇ ਅੰਡੇ ਜਾਂ ਟਮਾਟਰ, ਸ਼ਿਮਲਾ ਮਿਰਚ ਅਤੇ ਪਾਲਕ ਮਿਲਾ ਕੇ ਆਮਲੇਟ ਬਣਾ ਕੇ ਖਾਧਾ ਜਾ ਸਕਦਾ ਹੈ। ਇਸ ਨਾਲ ਸਰੀਰ ਨੂੰ ਤੁਰੰਤ ਐਨਰਜੀ ਮਿਲਦੀ ਹੈ।

ਰਾਤ ਨੂੰ

ਕੁਝ ਸਟਡੀ ਮੁਤਾਬਕ ਰਾਤ ਦੇ ਖਾਣੇ ਤੋਂ ਬਾਅਦ ਅੰਡਾ ਖਾਣਾ ਇੱਕ ਹੈਲਦੀ ਆਪਸ਼ਨ ਹੈ। ਜਦਕਿ ਹੋਰ ਸਟਡੀ 'ਚ ਪਾਇਆ ਗਿਆ ਹੈ ਕਿ ਰਾਤ ਦੇ ਖਾਣੇ ਦੇ ਬਾਅਦ ਅੰਡੇ ਖਾਣ ਨਾਲ ਨੀਂਦ ਪ੍ਰਭਾਵਿਤ ਹੁੰਦੀ ਹੈ। ਦਰਅਸਲ ਰਾਤ ਦੇ ਖਾਣੇ ਤੋਂ ਬਾਅਦ ਅੰਡਾ ਖਾਣ ਨਾਲ ਐਸਿਡ ਰਿਫ਼ਲਕਸ ਤੋਂ ਪੀੜਤ ਮਰੀਜ਼ਾਂ 'ਚ ਅਨਿੰਦਰਾ ਦੀ ਸਮੱਸਿਆ ਵੱਧ ਸਕਦੀ ਹੈ। ਅੰਡੇ ਦੀ ਜਰਦੀ 'ਚ ਵਸਾ ਦੀ ਮਾਤਰਾ ਹੁੰਦੀ ਹੈ ਜੋ ਨੀਂਦ ਨੂੰ ਪ੍ਰਭਾਵਿਤ ਕਰਦੀ ਹੈ। ਹਾਲਾਂਕਿ ਹੋਰ ਸਟਡੀ ਕਹਿੰਦੀ ਹੈ ਕਿ ਰਾਤ ਦੇ ਖਾਣੇ ਤੋਂ ਬਾਅਦ ਅੰਡੇ ਖਾਣ ਨਾਲ ਚੰਗੀ ਨੀਂਦ ਆਉਂਦੀ ਹੈ। ਜੇਕਰ ਸੌਣ ਤੋਂ ਪਹਿਲਾਂ ਅੰਡੇ ਖਾਣ ਨਾਲ ਤੁਹਾਡੀ ਨੀਂਦ 'ਤੇ ਕੋਈ ਅਸਰ ਨਹੀਂ ਪੈਂਦਾ ਹੈ ਤਾਂ ਇਹ ਤੁਹਾਡੇ ਲਈ ਬੈਸਟ ਹੈ।

ਭਾਰ ਘਟਾਉਣ ਲਈ ਅੰਡਾ ਪਕਾਉਣ ਦਾ ਤਰੀਕਾ

—ਹਮੇਸ਼ਾ ਹੈਲਦੀ ਆਇਲ 'ਚ ਅੰਡਾ ਬਣਾਓ।

—ਅੰਡਾ ਪਕਾਉਣ ਲਈ ਘੱਟ ਤੋਂ ਘੱਟ ਤੇਲ ਦੀ ਵਰਤੋਂ ਕਰੋ।

—ਅੰਡੇ ਨੂੰ ਬਹੁਤ ਜ਼ਿਆਦਾ ਨਾ ਪਕਾਓ ਨਹੀਂ ਤਾਂ ਇਸ 'ਚ ਮੌਜੂਦ ਪੋਸ਼ਕ ਤੱਤ ਘੱਟ ਸਕਦੇ ਹਨ।

ਸਹੀ ਸਮੇਂ 'ਤੇ ਅੰਡੇ ਦੀ ਵਰਤੋਂ ਕਰਨ ਨਾਲ ਭਾਰ ਕੰਟਰੋਲ 'ਚ ਰਹਿੰਦਾ ਹੈ। ਤੁਸੀਂ ਸਵੇਰੇ ਨਾਸ਼ਤੇ 'ਚ, ਰਾਤ ਦੇ ਖਾਣੇ ਜਾਂ ਵਰਕਆਊਟ ਤੋਂ ਬਾਅਦ ਉਬਲੇ ਅੰਡੇ ਜਾਂ ਆਮਲੇਟ ਦੀ ਵਰਤੋਂ ਕਰ ਸਕਦੇ ਹੋ।

ਚੰਗੀ ਸਿਹਤ ਲਈ ਸਾਰੀਆਂ ਬੀਮਾਰੀਆਂ, ਜਿਵੇਂ ਗਠੀਆ, ਅਧਰੰਗ, ਲਕਵਾ, ਲਿਵਰ ਦੀ ਖ਼ਰਾਬੀ, ਗੁਪਤ ਰੋਗ, ਲਿਊਕੋਰੀਆ, ਮਾਹਵਾਰੀ ਦਾ ਦਰਦ, ਖ਼ੂਨ ਦੀ ਕਮੀ, ਤੇਜ਼ਾਬ, ਅਪਾਚਣ, ਭੁੱਖ ਨਾ ਲੱਗਣ, ਪੁਰਾਣੇ ਰੋਗਾਂ ਜਾਂ ਦਿਮਾਗ਼ੀ ਖ਼ਰਾਬੀ, ਦੌਰੇ ਪੈਣ, ਮਿਰਗੀ, ਕਮਜ਼ੋਰ ਯਾਦਾਸ਼ਤ, ਹੱਥਾਂ ਪੈਰਾਂ ਦੇ ਦਰਦ, ਨਿਮੋਨੀਆ, ਕਾਲੀ ਖੰਘ, ਦਮਾ, ਖਾਜ, ਮੁਹਾਂਸਿਆਂ, ਛਾਈਆਂ, ਆਦਿ ਦੇ ਪੱਕੇ ਤੌਰ 'ਤੇ ਹੋਮਿਓਪੈਥਿਕ ਇਲਾਜ ਲਈ ਅੱਜ ਹੀ ਗੁਡ ਹੈੱਲਥ ਹੋਮਿਓਪੈਥਿਕ ਸੈਂਟਰ ਨੂੰ 416-274-1512 'ਤੇ ਫ਼ੋਨ ਕਰੋ। ਠੀਕ ਨਾ ਹੋਵੋ ਤਾਂ ਸਾਰੇ ਪੈਸੇ ਵਾਪਿਸ।

ਪੋਸ਼ਟਿਕ ਤੱਤਾਂ ਨਾਲ ਭਰਪੂਰ ਹੁੰਦੀ ਹੈ 'ਸ਼ਿਮਲਾ ਮਿਰਚ', ਵਰਤੋਂ ਕਰਨ 'ਤੇ ਇਨ੍ਹਾਂ ਬੀਮਾਰੀਆਂ ਤੋਂ ਪਾ ਸਕਦੇ ਹੋ ਮੁਕਤੀ

ਸ਼ਿਮਲਾ ਮਿਰਚ ਗੁਣਕਾਰੀ ਹਰੀ ਸਬਜ਼ੀ ਹੈ, ਜੋ ਸਾਡੇ ਸਰੀਰ ਲਈ ਬਹੁਤ ਫ਼ਾਇਦੇਮੰਦ ਹੈ। ਇਸ ਵਿੱਚ ਵਿਟਾਮਿਨ-ਏ, ਵਿਟਾਮਿਨ-ਸੀ, ਫ਼ਾਈਬਰ ਅਤੇ ਬੀਟਾ ਕੈਰਟੀਨ ਭਰਪੂਰ ਮਾਤਰਾ ਵਿੱਚ ਹੁੰਦੇ ਹਨ। ਸ਼ਿਮਲਾ ਮਿਰਚ ਦੀ ਵਰਤੋਂ ਕਈ ਤਰੀਕਿਆਂ ਦੇ ਨਾਲ ਕੀਤੀ ਜਾਂਦੀ ਹੈ। ਇਸ ਵਿੱਚ ਕੈਲੋਰੀ ਦੀ ਮਾਤਰਾ ਬਹੁਤ ਘੱਟ ਹੁੰਦੀ ਹੈ। ਸ਼ਿਮਲਾ ਮਿਰਚ ਨੂੰ ਖਾਣ ਨਾਲ ਮੋਟਾਪਾ ਘੱਟ ਹੁੰਦਾ ਹੈ ਅਤੇ ਕਲੈਸਟਰੋਲ ਕਾਬੂ 'ਚ ਰਹਿੰਦਾ ਹੈ। ਸਬਜ਼ੀ, ਨਿਊਡਲਸ, ਸਲਾਦ ਅਤੇ ਬੇਕਰੀ ਉਤਪਾਦਾਂ 'ਚ ਇਸਤੇਮਾਲ ਹੋਣ ਵਾਲੀ ਸ਼ਿਮਲਾ ਮਿਰਚ ਹੁਣ ਐਨੀਮੀਆ ਦੂਰ ਕਰਨ ਦਾ ਮੁੱਖ ਸਰੋਤ ਬਣੇਗੀ। ਆਓ ਜਾਣਦੇ ਹਾਂ ਲਾਭਕਾਰੀ ਸ਼ਿਮਲਾ ਮਿਰਚ ਦੇ ਫ਼ਾਇਦਿਆਂ ਬਾਰੇ-

ਭਾਰ ਘੱਟ ਕਰਦੀ ਹੈ

ਸ਼ਿਮਲਾ ਮਿਰਚ ਅਜਿਹੀ ਸਬਜ਼ੀ ਹੈ, ਜਿਸ 'ਚ ਕੈਲੋਰੀ ਦੀ ਮਾਤਰਾ ਬਹੁਤ ਘੱਟ ਹੁੰਦੀ ਹੈ। ਇਸ ਦਾ ਸੇਵਨ ਚਰਬੀ ਘਟਾਉਣ 'ਚ ਵੀ ਮਦਦਗਾਰ ਸਾਬਿਤ ਹੁੰਦਾ ਹੈ। ਇਸ ਦੀ ਵਰਤੋਂ ਕਰਨ ਨਾਲ ਜ਼ਹਿਰੀਲੇ ਤੱਤ ਸਰੀਰ ਤੋਂ ਬਾਹਰ ਨਿਕਲ ਜਾਂਦੇ ਹਨ।

ਕਬਜ਼ ਦੀ ਸਮੱਸਿਆ ਤੋਂ ਛੁਟਕਾਰਾ

ਬਹੁਤ ਸਾਰੇ ਲੋਕ ਕਬਜ਼ ਦੀ ਸਮੱਸਿਆ ਤੋਂ ਪ੍ਰੇਸ਼ਾਨ ਰਹਿੰਦੇ ਹਨ। ਸ਼ਿਮਲਾ ਮਿਰਚ ਦੀ ਵਰਤੋਂ ਦੇ ਨਾਲ ਇਸ ਪ੍ਰੇਸ਼ਾਨੀ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਇਸ ਹਰੀ ਸਬਜ਼ੀ 'ਚ ਫ਼ਾਇਬਰ ਦੀ ਭਰਪੂਰ ਮਾਤਰਾ ਹੋਣ ਕਾਰਨ ਇਹ ਕਬਜ਼ ਦੀ ਸਮੱਸਿਆ ਤੋਂ ਛੁਟਕਾਰਾ ਦਿਵਾਉਣ 'ਚ ਮਦਦ ਕਰਦੀ ਹੈ। ਇਸ ਦੇ ਸੇਵਨ ਦੇ ਨਾਲ ਪਾਚਨ ਕਿਰਿਆ ਸਹੀ ਢੰਗ ਦੇ ਨਾਲ

ਸੰਪਾਦਕੀ

ਜਨਤਾ ਦੀ ਸੁਰੱਖਿਆ ਦੀ ਬਲੀ ਕਦੇ ਨਹੀਂ ਦਿੱਤੀ ਜਾ ਸਕਦੀ

ਕੋਲਕਾਤਾ ਦੇ ਚੋਰਬਾਗਾਨ ਦੁਰਗਾ ਪੂਜਾ ਪੰਡਾਲ ਵਿੱਚ ਭਗਦੜ 'ਚ 19 ਜਣਿਆਂ ਦੀ ਮੌਤ ਇਸ ਗੱਲ ਦੀ ਯਾਦ ਦਿਵਾਉਂਦੀ ਹੈ ਕਿ ਉਤਸਵ ਦੇ ਨਾਮ 'ਤੇ ਜਨਤਾ ਦੀ ਸੁਰੱਖਿਆ ਦੀ ਬਲੀ ਕਦੇ ਨਹੀਂ ਦਿੱਤੀ ਜਾ ਸਕਦੀ। ਪੁਲੀਸ ਦੀ ਮੁੱਢਲੀ ਪੜਤਾਲ ਵਿੱਚ ਭੀੜ ਨੂੰ ਕਾਬੂ ਵਿੱਚ ਰੱਖਣ ਦੇ ਪ੍ਰਬੰਧਾਂ, ਪੰਡਾਲ 'ਚ ਦਾਖ਼ਲ ਹੋਣ ਤੇ ਬਾਹਰ ਨਿਕਲਣ ਵਾਲੇ ਭੀੜੇ ਰਾਹ, ਸੁਰੱਖਿਆ ਕਰਮੀਆਂ ਦੀ ਘਾਟ ਅਤੇ ਦੁਚਿੱਤੀ ਵਿੱਚ ਪਾਉਣ ਵਾਲੀਆਂ ਅਨਾਊਂਸਮੈਂਟਾਂ ਇਸ ਦੁਖਾਂਤ ਦਾ ਕਾਰਨ ਮੰਨੀਆਂ ਜਾ ਰਹੀਆਂ ਹਨ।

ਦੂਜੇ ਪਾਸੇ ਅਚਾਨਕ ਮੀਂਹ ਪੈਣ ਕਾਰਨ ਕੁਝ ਲੋਕਾਂ ਨੂੰ ਭੀੜ ਵਾਲੇ ਪੰਡਾਲ ਅੰਦਰ ਪਨਾਹ ਲੈਣ ਲਈ ਮਜਬੂਰ ਹੋਣਾ ਪਿਆ ਜਦਕਿ ਕੁਝ ਨੇ ਅੰਦਰ ਜਾਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਇੱਕ ਅਨਾਊਂਸਮੈਂਟ ਰਾਹੀਂ ਆਖਿਆ ਗਿਆ ਕਿ ਪੰਡਾਲ ਡਿੱਗ ਸਕਦਾ ਹੈ, ਜਿਸ ਨੇ ਕਥਿਤ ਤੌਰ 'ਤੇ ਲੋਕਾਂ 'ਚ ਦਹਿਸ਼ਤ ਪੈਦਾ ਕਰ ਦਿੱਤੀ। ਇਹ ਹਾਲਾਤ, ਯੋਜਨਾਬੰਦੀ ਦੀ ਘਾਟ ਨੂੰ ਉਜਾਗਰ ਕਰਦੇ ਹਨ। ਖ਼ੈਰ, ਇੱਕ ਅਜਿਹੇ ਪ੍ਰੋਗਰਾਮ ਵਿੱਚ, ਜਿਥੇ ਵੱਡਾ ਇਕੱਠ ਹੋਣ ਦੀ ਉਮੀਦ ਸੀ, ਉਥੇ ਸੰਭਾਵਿਤ ਐਮਰਜੈਂਸੀ ਨਾਲ ਨਜਿੱਠਣ ਲਈ ਲੋੜੀਂਦੇ ਪ੍ਰਬੰਧਾਂ ਦੀ ਘਾਟ ਸਾਹਮਣੇ ਆਈ ਹੈ।ਦੁਰਗਾ ਪੂਜਾ ਦੇ ਪ੍ਰਬੰਧਕਾਂ ਦਰਮਿਆਨ ਸ਼ਾਨਦਾਰ ਪੰਡਾਲ ਲਾਉਣ ਅਤੇ ਲੋਕਾਂ ਨੂੰ ਖਿੱਚਣ ਦੀ ਵਧਦੀ ਮੁਕਾਬਲੇਬਾਜ਼ੀ ਨੂੰ ਮਨੁੱਖੀ ਜਾਨਾਂ ਦੀ ਰੱਖਿਆ ਦੀ ਜ਼ਿੰਮਵਾਰੀ 'ਤੇ ਹਾਵੀ ਨਹੀਂ ਹੋਣ ਦੇਣਾ ਚਾਹੀਦਾ। ਨਾਲ ਹੀ, ਵੀ ਆਈ ਪੀ ਰਸਤਾ, ਜੋ ਕੁਝ ਹੀ ਵਿਅਕਤੀਆਂ ਲਈ ਹੁੰਦਾ ਹੈ, ਉੱਚਿਤ ਰਵੱਈਏ ਅਤੇ ਸੀਮਤ ਥਾਂ ਦੇ ਨਾਲ-ਨਾਲ ਸੁਰੱਖਿਆ ਸਾਧਨਾਂ ਦੀ ਸੁਚੱਜੀ ਵਰਤੋਂ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਦਾ ਵੀ ਆਈ ਪੀਜ਼ ਲਈ ਵੱਖਰੇ ਰਾਹ ਖ਼ਤਮ ਕਰਨ ਦਾ ਪ੍ਰਸਤਾਵ ਗੰਭੀਰਤਾ ਨਾਲ ਵਿਚਾਰਨ ਦੀ ਲੋੜ ਹੈ। ਸਾਲ 2025 ਵਿੱਚ ਭਗਦੜ ਦੀਆਂ ਕਈ ਘਟਨਾਵਾਂ ਵਾਪਰੀਆਂ, ਜਿਨ੍ਹਾਂ ਵਿੱਚ ਸ਼ਰਧਾਲੂਆਂ, ਰੇਲ ਯਾਤਰੀਆਂ, ਕ੍ਰਿਕਟ ਪ੍ਰਸ਼ੰਸਕਾਂ ਅਤੇ ਇੱਕ ਸਿਆਸੀ ਧੜੇ ਦੇ ਸਮਰਥਕਾਂ ਸਮੇਤ 120 ਲੋਕਾਂ ਦੀ ਜਾਨ ਚਲੀ ਗਈ। ਇਸ ਸਬੰਧੀ ਮੌਜੂਦਾ ਸਾਲ 'ਚ ਹੁਣ ਤੱਕ ਮੁਕਾਬਲਤਨ ਸੁੱਖ ਸੀ ਪਰ ਕੋਲਕਾਤਾ ਦੀ ਘਟਨਾ ਨੇ ਦਿਖਾਇਆ ਹੈ ਕਿ ਲਾਪਰਵਾਹੀ ਲਈ ਕਿਧਰੇ ਕੋਈ ਥਾਂ ਨਹੀਂ ਹੈ। ਖ਼ੈਰ, ਹਰੇਕ ਵੱਡੇ ਸਥਾਨ ਲਈ ਭੀੜ ਪ੍ਰਬੰਧਨ ਦੀ ਲਿਖਤੀ ਕਾਰਵਾਈ, ਖੁੱਲ੍ਹੇ-ਡੁੱਲ੍ਹੇ ਪ੍ਰਵੇਸ਼ ਤੇ ਨਿਕਾਸੀ ਰਾਹ, ਲੋੜੀਂਦੀ ਬਿਜਲਈ ਸਪਲਾਈ, ਸਿਖਲਾਈਯਾਫ਼ਤਾ ਮੁਲਾਜ਼ਮ, ਵਧੀਆ ਸੰਚਾਰ ਸਾਧਨ ਅਤੇ ਭੀੜ ਇਕੱਠੀ ਕਰਨ ਦੀ ਹੱਦ ਮਿੱਥਣੀ ਚਾਹੀਦੀ ਹੈ। ਦੂਜੇ ਪਾਸੇ, ਐਮਰਜੈਂਸੀ ਹਾਲਾਤ ਨਾਲ ਨਜਿੱਠਣ ਲਈ ਆਰਜ਼ੀ ਢਾਂਚਾ ਅਤੇ ਵੱਖਰੇ ਰਾਹ ਹੋਣੇ ਚਾਹੀਦੇ ਹਨ। ਕਿਸੇ ਘਟਨਾ ਤੋਂ ਬਾਅਦ ਦਿੱਤਾ ਜਾਣ ਵਾਲਾ ਭਰੋਸਾ ਭਵਿੱਖ ਵਿੱਚ ਸੁਰੱਖਿਆ ਯਕੀਨੀ ਬਣਾਉਣ ਲਈ ਕਾਫੀ ਨਹੀਂ ਹੈ।

ਐਸ.ਡੀ.ਐਮ ਖਡੂਰ ਸਾਹਿਬ ਵੱਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਦਾ ਜਾਇਜ਼ਾ, ਮੌਕੇ 'ਤੇ ਬੁਝਾਈ ਅੱਗ

ਤਰਨਤਾਰਨ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਤਰਨ ਤਾਰਨ ਦੀਆਂ ਹਦਾਇਤਾਂ ਅਨੁਸਾਰ ਉਪ ਮੰਡਲ ਮੈਜਿਸਟ੍ਰੇਟ ਖਡੂਰ ਸਾਹਿਬ ਸੰਜੀਵ ਸ਼ਰਮਾ ਦੀ ਅਗਵਾਈ ਹੇਠ ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਸਬ-ਡਵੀਜ਼ਨ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਦਾ ਜਾਇਜ਼ਾ ਲਿਆ ਗਿਆ ਅਤੇ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਲਈ ਪ੍ਰੇਰਿਤ ਕੀਤਾ ਗਿਆ।

ਇਸ ਟੀਮ ਵਿੱਚ ਡਾ. ਯਾਦਵਿੰਦਰ ਸਿੰਘ, ਕਲੱਸਟਰ ਅਫ਼ਸਰ ਖਡੂਰ ਸਾਹਿਬ ਅਤੇ ਚੌਕੀ ਇੰਚਾਰਜ ਫਤਿਹਾਬਾਦ ਬਲਦੇਵ ਸਿੰਘ ਸ਼ਾਮਲ ਸਨ। ਟੀਮ ਵੱਲੋਂ ਖਡੂਰ ਸਾਹਿਬ, ਆਲਮਪੁਰ, ਬਿਹਾਰੀਪੁਰ, ਵੈਰੋਵਾਲ, ਨਾਗੋਕੇ ਅਤੇ ਦਾਰਾਪੁਰ ਪਿੰਡਾਂ ਦਾ ਦੌਰਾ ਕੀਤਾ ਗਿਆ।

ਦੌਰੇ ਦੌਰਾਨ ਪਿੰਡ ਆਲਮਪੁਰ ਵਿਖੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਘਟਨਾ ਸਾਹਮਣੇ ਆਈ। ਮੌਕੇ 'ਤੇ ਪਹੁੰਚੀ ਐਸ.ਡੀ.ਐਮ ਸੰਜੀਵ ਸ਼ਰਮਾ ਦੀ ਅਗਵਾਈ ਵਾਲੀ ਟੀਮ ਵੱਲੋਂ ਸਬੰਧਤ ਕਿਸਾਨ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਸਮਝਾਇਆ ਗਿਆ, ਜਿਸ ਉਪਰੰਤ ਕਿਸਾਨ ਵੱਲੋਂ ਅੱਗ ਬੁਝਾ ਦਿੱਤੀ ਗਈ। ਇਸੇ ਤਰ੍ਹਾਂ ਪਿੰਡ ਵੈਰੋਵਾਲ ਵਿਖੇ ਵੀ ਪਰਾਲੀ ਸਾੜਨ ਦੀਆਂ ਘਟਨਾਵਾਂ ਦੇਖਣ ਨੂੰ ਮਿਲੀਆਂ, ਜਿੱਥੇ ਐਸ.ਡੀ.ਐਮ ਦੀ ਹਾਜ਼ਰੀ ਵਿੱਚ ਟੀਮ ਵੱਲੋਂ ਮੌਕੇ 'ਤੇ ਅੱਗ ਬੁਝਾਉਣ ਦੀ ਕਾਰਵਾਈ ਕੀਤੀ ਗਈ।

ਇਸ ਮੌਕੇ ਡਾ. ਯਾਦਵਿੰਦਰ ਸਿੰਘ, ਡਾ. ਰੁਪਿੰਦਰਜੀਤ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਖਡੂਰ ਸਾਹਿਬ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਅਤੇ ਹੋਰ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ, ਸਗੋਂ ਖੇਤੀਬਾੜੀ ਮਸ਼ੀਨਰੀ ਅਤੇ ਵਿਗਿਆਨਕ ਤਰੀਕਿਆਂ ਦੀ ਵਰਤੋਂ ਕਰਕੇ ਇਸ ਦਾ ਸੁਚੱਜਾ ਪ੍ਰਬੰਧਨ ਕਰਨ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਨਾਲ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਮਿੱਟੀ ਦੀ ਉਪਜਾਊ ਸ਼ਕਤੀ ਪ੍ਰਭਾਵਿਤ ਹੁੰਦੀ ਹੈ ਅਤੇ ਮਿੱਤਰ ਕੀੜਿਆਂ ਨੂੰ ਨੁਕਸਾਨ ਪਹੁੰਚਦਾ ਹੈ। ਇਸ ਤੋਂ ਇਲਾਵਾ ਧੂੰਏਂ ਕਾਰਨ ਲੋਕਾਂ ਦੀ ਸਿਹਤ ਅਤੇ ਸੜਕੀ ਆਵਾਜਾਈ ਲਈ ਵੀ ਖ਼ਤਰਾ ਪੈਦਾ ਹੁੰਦਾ ਹੈ।

ਉਨ੍ਹਾਂ ਦੱਸਿਆ ਕਿ ਮੁੱਖ ਖੇਤੀਬਾੜੀ ਅਫ਼ਸਰ ਤਰਨ ਤਾਰਨ ਡਾ. ਤੇਜਬੀਰ ਸਿੰਘ ਭੰਗੂ ਦੀ ਅਗਵਾਈ ਹੇਠ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਦੇ ਪ੍ਰਬੰਧਨ ਸਬੰਧੀ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਵਿਭਾਗ ਵੱਲੋਂ ਵੱਖ-ਵੱਖ ਪ੍ਰਚਾਰ, ਪ੍ਰਸਾਰ ਅਤੇ ਕਿਸਾਨ ਸੰਪਰਕ ਗਤੀਵਿਧੀਆਂ ਰਾਹੀਂ ਪਰਾਲੀ ਨਾ ਸਾੜਨ, ਖੇਤੀਬਾੜੀ ਮਸ਼ੀਨਰੀ ਦੀ ਵਰਤੋਂ ਕਰਨ ਅਤੇ ਵਾਤਾਵਰਣ ਪੱਖੀ ਖੇਤੀ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਨਸ਼ਿਆਂ ਦੇ ਖਾਤਮੇ ਲਈ ਸੁਹਿਰਦ ਯਤਨ ਜਾਰੀ ਰਹਿਣਗੇ: ਡਿਪਟੀ ਕਮਿਸ਼ਨਰ

ਹੁਸ਼ਿਆਰਪੁਰ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਵਿਰੋਧੀ ਮੁਹਿੰਮ ਨੂੰ ਹੋਰ ਹੁਲਾਰਾ ਦਿੰਦਿਆਂ ਜ਼ਿਲ੍ਹਾ ਪ੍ਰਸ਼ਾਸਨ ਨੇ ਪੂਰੇ ਜ਼ਿਲ੍ਹੇ ਵਿੱਚ ਇਸ ਅਲਾਮਤ ਨੂੰ ਠੱਲ੍ਹ ਪਾਉਣ ਲਈ ਜਾਗਰੂਕਤਾ, ਖੇਡਾਂ ਅਤੇ ਰੁਜ਼ਗਾਰ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਹੈ।

ਨਸ਼ਿਆਂ ਦੇ ਖਾਤਮੇ ਲਈ ਅਧਿਕਾਰੀਆਂ ਵੱਲੋਂ ਸੰਬੰਧਤ ਵਿਭਾਗਾਂ ਦੀਆਂ ਟੀਮਾਂ ਸਮੇਤ ਵੱਖ-ਵੱਖ ਪਿੰਡਾਂ ਦੇ ਦੌਰੇ ਕੀਤੇ ਜਾ ਰਹੇ ਹਨ ਤਾਂ ਜੋ ਪਹਿਲਾਂ ਹੀ ਨਸ਼ਾ ਪ੍ਰਭਾਵਿਤ ਖੇਤਰਾਂ ਨੂੰ ਇਸ ਬੁਰਾਈ ਤੋਂ ਮੁਕਤ ਕਰਾਇਆ ਜਾ ਸਕੇ। ਜ਼ਿਲਾ ਪ੍ਰਸ਼ਾਸਨ ਵੱਲੋਂ ਇੱਕ ਵਿਆਪਕ 60 ਦਿਨਾਂ ਦੀ ਕਾਰਜ ਯੋਜਨਾ ਉਲੀਕੀ ਗਈ ਹੈ ਜਿਸ ਤਹਿਤ ਅਧਿਕਾਰੀ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨਗੇ।

ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਸਬੰਧਤ ਵਿਭਾਗਾਂ ਦੇ ਅਧਿਕਾਰੀ ਸੀਨੀਅਰ ਅਧਿਕਾਰੀਆਂ ਦੀ ਅਗਵਾਈ ਹੇਠ ਲੋਕਾਂ ਨੂੰ ਨਸ਼ਿਆਂ ਦੇ ਸਿਹਤ ਅਤੇ ਸਮਾਜ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਤਾਲਮੇਲ ਨਾਲ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨਸ਼ਾ ਪ੍ਰਭਾਵਿਤ ਖੇਤਰਾਂ ਵਿੱਚ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੇ ਨਾਲ-ਨਾਲ ਖੇਡ ਗਤੀਵਿਧੀਆਂ ਨੂੰ ਵੀ ਵੱਡੇ ਪੱਧਰ 'ਤੇ ਹੁਲਾਰਾ ਦੇਵੇਗਾ ਤਾਂ ਜੋ ਉਹ ਆਪਣੀ ਰੋਜ਼ੀ-ਰੋਟੀ ਕਮਾ ਸਕਣ। ਉਨ੍ਹਾਂ ਦੱਸਿਆ ਕਿ ਨੌਜਵਾਨਾਂ ਨੂੰ ਨੌਕਰੀਆਂ ਪ੍ਰਾਪਤ ਕਰਨ ਲਈ ਪਲੇਟਫਾਰਮ ਪ੍ਰਦਾਨ ਕਰਨ ਵਾਸਤੇ 29 ਅਕਤੂਬਰ ਨੂੰ ਜ਼ਿਲ੍ਹੇ ਵਿੱਚ ਇੱਕ ਮੈਗਾ ਰੁਜ਼ਗਾਰ ਮੇਲਾ ਲਗਾਉਣ ਦਾ ਪ੍ਰੋਗਰਾਮ ਹੈ। ਉਨ੍ਹਾਂ ਕਿਹਾ ਕਿ ਸਹਾਇਕ ਕਮਿਸ਼ਨਰ ਅਮਨਦੀਪ ਕੌਰ ਲੋਕਾਂ ਨੂੰ ਮਿਲਣ ਅਤੇ ਨਸ਼ੇ ਦੇ ਖ਼ਾਤਮੇ ਲਈ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਪਿੰਡਾਂ ਦਾ ਦੌਰਾ ਕਰ ਰਹੇ ਹਨ। ਉਨ੍ਹਾਂ ਕਿਹਾ, 'ਪ੍ਰਸ਼ਾਸਨ ਨੇ ਜਨਤਕ ਹਿੱਤ ਵਿੱਚ ਸਾਰੇ ਨਸ਼ਾ ਪ੍ਰਭਾਵਿਤ ਖੇਤਰਾਂ ਨੂੰ ਕਵਰ ਕਰਨ

ਲਈ ਇੱਕ ਵਿਸਥਾਰਤ ਯੋਜਨਾ ਬਣਾਈ ਹੈ, ਜਿੱਥੇ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਨੂੰ ਠੱਲ੍ਹ ਪਾਈ ਜਾ ਸਕਦੀ ਹੈ।ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਅਮਨਦੀਪ ਕੌਰ ਨੇ ਇਸ ਮੁਹਿੰਮ ਤਹਿਤ ਅੱਜ ਨੇੜਲੇ ਪਿੰਡ ਭੁੰਗਰਨੀ ਦੇ ਵਸਨੀਕਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਬੰਧਤ ਵਿਭਾਗਾਂ ਦੇ ਅਧਿਕਾਰੀ ਖੇਡਾਂ ਅਤੇ ਰੁਜ਼ਗਾਰ ਦੀਆਂ ਗਤੀਵਿਧੀਆਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਨਸ਼ਿਆਂ ਦੀ ਲਤ ਲਾ ਚੁੱਕੇ ਨੌਜਵਾਨਾਂ ਨੂੰ ਹੁਸ਼ਿਆਰਪੁਰ ਵਿਖੇ ਨਸ਼ਾ ਛੁਡਾਊ ਕੇਂਦਰ ਵਿੱਚ ਦਾਖ਼ਲ ਕਰਵਾਉਣ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਲਈ 29 ਅਕਤੂਬਰ ਨੂੰ ਭੁੰਗਰਨੀ ਪਿੰਡ ਵਿੱਚ ਰੁਜ਼ਗਾਰ ਮੇਲਾ ਲਗਾਇਆ ਜਾਵੇਗਾ।ਪਿੰਡ ਵਿੱਚ ਨਸ਼ਾ ਰੋਕਥਾਮ ਦੇ ਉਪਰਾਲਿਆਂ ਨੂੰ ਅੰਤਿਮ ਰੂਪ ਦੇਣ, ਪ੍ਰਭਾਵਿਤ ਨੌਜਵਾਨਾਂ ਦਾ ਪੁਨਰਵਾਸ ਕਰਨ ਅਤੇ ਉਨ੍ਹਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਗਾਉਣ ਲਈ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਅਤੇ ਗ੍ਰਾਮ ਪੰਚਾਇਤ ਨਾਲ ਇੱਕ ਵਿਸ਼ਥਾਰਤ ਮੀਟਿੰਗ ਕੀਤੀ ਗਈ। ਉਨ੍ਹਾਂ ਕਿਹਾ ਕਿ ਰੁਜ਼ਗਾਰ ਮੇਲੇ ਵਿੱਚ ਵੱਖ-ਵੱਖ ਉਦਯੋਗਿਕ ਘਰਾਣੇ ਅਤੇ ਕੰਪਨੀਆਂ ਹਿੱਸਾ ਲੈਣਗੀਆਂ। ਉਨ੍ਹਾਂ ਕਿਹਾ ਕਿ ਖੇਡ ਵਿਭਾਗ ਪਿੰਡ ਵਿੱਚ ਖੇਡ ਗਤੀਵਿਧੀਆਂ ਕਰਵਾਏਗਾ ਅਤੇ ਸਥਾਨਕ ਨੌਜਵਾਨਾਂ ਨੂੰ ਦਿਨ ਵਿੱਚ ਦੋ ਵਾਰ ਸਿਖਲਾਈ ਦੇਣ ਲਈ ਇੱਕ ਖੇਡ ਕੋਚ ਤਾਇਨਾਤ ਕਰੇਗਾ। ਨੌਜਵਾਨਾਂ ਨੂੰ ਖੇਡਾਂ ਅਪਣਾਉਣ ਅਤੇ ਸਿਹਤਮੰਦ ਗਤੀਵਿਧੀਆਂ ਵਿੱਚ ਰੁੱਝੇ ਰਹਿਣ ਲਈ ਉਤਸ਼ਾਹਿਤ ਕਰਨ ਵਾਸਤੇ ਮਿਆਰੀ ਖੇਡ ਸਿਖਲਾਈ ਅਤੇ ਪੌਸ਼ਟਿਕ ਖੁਰਾਕ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।

ਜ਼ਿਕਰਯੋਗ ਹੈ ਕਿ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨਸ਼ੇ ਦੀ ਲਤ ਤੋਂ ਪ੍ਰਭਾਵਿਤ ਵਿਅਕਤੀਆਂ ਦੀ ਪਛਾਣ ਕਰਨ ਅਤੇ ਸਥਾਨਕ ਨਸ਼ਾ ਛੁਡਾਊ ਜਾਂ ਪੁਨਰਵਾਸ ਕੇਂਦਰਾਂ ਵਿੱਚ ਉਨ੍ਹਾਂ ਦੇ ਇਲਾਜ ਦੀ ਸਹੂਲਤ ਲਈ ਹਫ਼ਤਾਵਾਰੀ ਸਕ੍ਰੀਨਿੰਗ ਕੈਂਪ ਲਗਾਏਗਾ। ਉਨ੍ਹਾਂ ਦੱਸਿਆ ਕਿ ਬੁੱਧਵਾਰ ਨੂੰ ਇਲਾਜ ਲਈ ਦੋ ਨੌਜਵਾਨਾਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਦਾਖ਼ਲ ਵੀ ਕਰਵਾਇਆ ਗਿਆ।

ਪੁਲਿਸ ਵਿਭਾਗ ਪਿੰਡਾਂ ਦੇ ਦਾਖ਼ਲੇ ਅਤੇ ਨਿਕਾਸ ਨੁਕਤਿਆਂ ਸਮੇਤ ਵੱਖ-ਵੱਖ ਥਾਵਾਂ 'ਤੇ ਨਿਯਮਤ ਪੁਲਿਸ ਨਾਕੇ ਲਗਾ ਕੇ ਨਿਗਰਾਨੀ ਅਤੇ ਸਖ਼ਤੀ ਨੂੰ ਵੀ ਮਜ਼ਬੂਤ ਕਰੇਗਾ। ਸਹਾਇਕ ਕਮਿਸ਼ਨਰ ਨੇ ਕਿਹਾ ਕਿ ਇਹ ਤਾਲਮੇਲ ਵਾਲੀ ਪਹਿਲਕਦਮੀ ਭੁੰਗਰਨੀ ਪਿੰਡ ਵਿੱਚ 60 ਦਿਨਾਂ ਦੀ ਕਾਰਜ ਯੋਜਨਾ ਤਹਿਤ ਸਥਾਈ ਤਬਦੀਲੀ ਲਿਆਉਣ 'ਤੇ ਧਿਆਨ ਕੇਂਦ੍ਰਤ ਕਰਦਿਆਂ ਰੁਜ਼ਗਾਰ, ਖੇਡਾਂ, ਸਿਹਤ ਸੰਭਾਲ, ਪੁਨਰਵਾਸ ਅਤੇ ਸਖ਼ਤ ਪੁਲਿਸਿੰਗ ਨੂੰ ਸ਼ਾਮਲ ਕਰਨ ਵਾਲੀ ਬਹੁ-ਪੱਖੀ ਪਹੁੰਚ ਰਾਹੀਂ ਨਸ਼ੇ ਦੀ ਅਲਾਮਤ ਨੂੰ ਦੂਰ ਕਰੇਗੀ।

ਪੁਲਿਸ ਸ਼ਹੀਦੀ ਯਾਦਗਾਰ ਦਿਵਸ ਮੌਕੇ ਸ਼ਹੀਦ ਅਫਸਰਾਂ ਅਤੇ ਜਵਾਨਾਂ ਨੂੰ ਸ਼ਰਧਾ ਦੇ ਫੁੱਲ ਭੇਂਟ

ਹੁਸ਼ਿਆਰਪੁਰ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੁਲਿਸ ਸ਼ਹੀਦੀ ਯਾਦਗਾਰ ਦਿਵਸ ਮੌਕੇ ਅੱਜ ਸਥਾਨਕ ਪੁਲਿਸ ਲਾਈਨਜ ਵਿਖੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਦੀ ਅਗਵਾਈ ਵਿੱਚ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਸ਼ਹੀਦ ਹੋਣ ਵਾਲੇ ਫੋਰਸਾਂ ਅਤੇ ਪੁਲਿਸ ਦੇ ਅਧਿਕਾਰੀਆਂ ਅਤੇ ਜਵਾਨਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ।

ਐਸ ਐਸ ਪੀ ਸੰਦੀਪ ਕੁਮਾਰ ਮਲਿਕ ਸ਼ਹੀਦ ਪਰਿਵਾਰਾਂ ਨਾਲ ਦਿਲੀ ਹਮਦਰਦੀ ਜ਼ਾਹਿਰ ਕਰਦਿਆਂ ਕਿਹਾ ਕਿ ਸ਼ਹੀਦ ਅਧਿਕਾਰੀਆਂ ਤੇ ਜਵਾਨਾਂ ਦੀਆਂ ਵੱਡਮੁੱਲੀਆਂ ਕੁਰਬਾਨੀਆਂ ਨੂੰ ਕਦੇ ਵੀ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ ਅਤੇ ਇਹ ਕੁਰਬਾਨੀਆਂ ਦੇਸ਼ ਦੀ ਏਕਤਾ-ਅਖੰਡਤਾ ਨੂੰ ਮਜਬੂਤ ਰੱਖਣ ਲਈ ਸੁਨਹਿਰੀ ਇਤਿਹਾਸ ਹੈ । ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਰਾਜ ਅੰਦਰ ਅਮਨ-ਕਾਨੂੰਨ ਵਿਵਸਥਾ ਨੂੰ ਹਰ ਹਾਲ ਬਰਕਰਾਰ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਸਮੇਤ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਸਿਜਦਾ ਕਰਦਿਆਂ ਐਸ.ਐਸ.ਪੀ. ਨੇ ਕਿਹਾ ਕਿ ਪੰਜਾਬ ਪੁਲਿਸ ਲਈ ਇਹ ਮਾਣ ਵਾਲੀ ਗੱਲ ਹੈ ਕਿ

ਮਾਲੇਰਕੋਟਲਾ ਵਿਖੇ ਨੈਸ਼ਨਲ ਫੈਡਰੇਸ਼ਨ ਆਫ ਪੋਸਟਲ ਯੂਨੀਅਨ ਦੀ ਹੋਈ ਅਹਿਮ ਮੀਟਿੰਗ

ਮਲੇਰਕੋਟਲਾ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਰਾਜੇਸ਼ ਸ਼ਰਮਾ ਨੈਸ਼ਨਲ ਫੈਡਰੇਸ਼ਨ ਆਫ ਪੋਸਟਲ ਯੂਨੀਅਨ ਦੀ ਇੱਕ ਅਹਿਮ ਮੀਟਿੰਗ ਮਲੇਰਕੋਟਲਾ ਵਿਖੇ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਸੰਗਰੂਰ ਡਾਕ ਡਿਵੀਜ਼ਨ, ਪੰਜਾਬ ਸਰਕਲ ਯੂਨੀਅਨ ਅਤੇ ਰਾਸ਼ਟਰੀ ਯੂਨੀਅਨ ਦੇ ਉੱਚ ਅਹੁਦੇਦਾਰਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਸਮੂਹ ਡਾਕ ਮੁਲਾਜ਼ਮਾਂ ਨੂੰ ਦਰਪੇਸ਼ ਮੁਸ਼ਕਲਾਂ, ਉਨ੍ਹਾਂ ਦੀਆਂ ਹੱਕੀ ਮੰਗਾਂ ਅਤੇ ਹੋਰ ਭਲਾਈ ਮੁੱਦਿਆਂ 'ਤੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਉਲੀਕੀ ਗਈ।

ਇਸ ਮੌਕੇ ਪੋਸਟਲ ਯੂਨੀਅਨ ਸੰਗਰੂਰ ਡਿਵੀਜ਼ਨ ਦੇ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਅਮਲ ਵਿੱਚ ਲਿਆਂਦੀ ਗਈ। ਜਿਸ ਵਿੱਚ ਸ੍ਰੀ ਨਰੇਸ਼ ਕੁਮਾਰ (ਪੋਸਟ ਮਾਸਟਰ ਸੰਦੌੜ) ਨੂੰ ਯੂਨੀਅਨ ਦਾ ਪ੍ਰਧਾਨ, ਸ੍ਰੀ ਗਗਨਦੀਪ ਸਿੰਘ (ਡਾਕਘਰ ਬਰਨਾਲਾ) ਨੂੰ ਜਨਰਲ ਸਕੱਤਰ ਅਤੇ ਸ੍ਰੀ ਨਿਆਜ ਖਾਂ (ਪੋਸਟ ਮਾਸਟਰ ਜਿੱਤਵਾਲ ਕਲਾਂ) ਨੂੰ ਖਜ਼ਾਨਚੀ ਨਿਯੁਕਤ ਕੀਤਾ ਗਿਆ। ਚੋਣ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਹਾਜ਼ਰ ਮੁਲਾਜ਼ਮਾਂ ਵੱਲੋਂ ਨਵੀਂ ਚੁਣੀ ਗਈ ਟੀਮ ਦਾ ਮੂੰਹ ਮਿੱਠਾ ਕਰਵਾ ਕੇ ਨਿੱਘਾ ਸਵਾਗਤ ਕੀਤਾ ਗਿਆ।

ਚੋਣ ਉਪਰੰਤ ਪੰਜਾਬ ਸਰਕਲ ਦੇ ਸਕੱਤਰ ਸ੍ਰੀ ਬਲਜਿੰਦਰ ਸਿੰਘ, ਪੰਜਾਬ ਸਰਕਲ ਦੇ ਪ੍ਰਧਾਨ ਤੇ ਦਿੱਲੀ ਦੇ ਐਗਜ਼ੈਕਟਿਵ ਸਕੱਤਰ ਸ੍ਰੀ ਸੌਰਵ ਮਿੱਤਲ, ਅੰਬਾਲਾ ਬੈਂਕ ਦੇ ਡਾਇਰੈਕਟਰ ਸ੍ਰੀ ਧਰਮਪਾਲ ਅਤੇ ਸੈਕਟਰ-48 ਦੇ ਪੋਸਟ ਮਾਸਟਰ ਸ੍ਰੀ ਨਰੇਸ਼ ਕੁਮਾਰ ਨੇ ਨਵੇਂ ਚੁਣੇ ਗਏ ਪ੍ਰਧਾਨ ਸ੍ਰੀ ਨਰੇਸ਼ ਕੁਮਾਰ ਨੇ ਸਮੂਹ ਲੀਡਰਸ਼ਿਪ ਅਤੇ ਪਹੁੰਚੇ ਹੋਏ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਮੁਲਾਜ਼ਮਾਂ ਦੇ ਹੱਕਾਂ ਦੀ ਰਾਖੀ ਅਤੇ ਭਲਾਈ ਲਈ ਹਮੇਸ਼ਾ ਤਤਪਰ ਰਹਿਣਗੇ।

ਸਰਕਾਰ ਦੀ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ: ਡਾ. ਬਲਬੀਰ ਸਿੰਘ

ਪਟਿਆਲਾ, 26 ਅਕਤੂਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਜ਼ੀਰੋ ਟਾਲਰੈਂਸ ਦੀ ਨੀਤੀ 'ਤੇ ਕੰਮ ਕਰ ਰਹੀ ਹੈ। ਸਿਹਤ ਮੰਤਰੀ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਜਾਇਜ਼ਾ ਲੈਣ ਲਈ ਅੱਜ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਐਸ.ਐਸ.ਪੀ ਹਰਮਨਦੀਪ ਹਾਂਸ, ਸਿਵਲ ਸਰਜਨ ਡਾ. ਸ਼ੈਲੀ ਜੇਤਲੀ ਤੇ ਜ਼ੋਨਲ ਡਰੱਗ ਲਾਇਸੈਂਸਿੰਗ ਅਥਾਰਟੀ ਨਵਜੋਤ ਕੌਰ ਸਮੇਤ ਹੋਰ ਅਧਿਕਾਰੀਆਂ ਨਾਲ ਅਹਿਮ ਬੈਠਕ ਕੀਤੀ।

ਡਾ. ਬਲਬੀਰ ਸਿੰਘ ਨੇ ਸਪੱਸ਼ਟ ਆਖਿਆ ਕਿ ਮਰੀਜਾਂ ਦੀ ਜਾਨ ਬਚਾਉਣ ਲਈ ਅਹਿਮ ਦਵਾਈਆਂ ਦੀ ਨਸ਼ਿਆਂ ਲਈ ਦੁਰਵਰਤੋਂ ਕਿਸੇ ਕੀਮਤ 'ਤੇ ਨਹੀਂ ਹੋਣ ਦਿੱਤੀ ਜਾਵੇਗੀ, ਪਰੰਤੂ ਰਾਜ 'ਚ ਕੰਮ ਕਰਦੇ ਕਰੀਬ 32 ਹਜ਼ਾਰ ਥੋਕ ਤੇ ਪ੍ਰਚੂਨ ਕੈਮਿਸਟ ਸ਼ਾਪਸ ਵਿੱਚੋਂ ਸਾਰਿਆਂ ਨੂੰ ਸ਼ੱਕ ਦੀ ਨਜ਼ਰ ਨਾਲ ਵੀ ਨਹੀਂ ਦੇਖਿਆ ਜਾ ਸਕਦਾ। ਉਨ੍ਹਾਂ ਦੱਸਿਆ ਕਿ ਇਸ ਲਈ ਪਟਿਆਲਾ ਜ਼ਿਲ੍ਹੇ 'ਚ ਪਛਾਣ ਕੀਤੇ ਗਏ ਨਸ਼ਿਆਂ ਲਈ 35 ਹਾਟ ਸਪਾਟ ਖੇਤਰਾਂ ਸਮੇਤ ਦਵਾਈਆਂ ਦੀਆਂ ਦੁਕਾਨਾਂ ਦੀ ਮੋਨੀਟਰਿੰਗ ਕੀਤੀ ਜਾ ਰਹੀ ਹੈ ਤਾਂ ਕਿ ਨਸ਼ਿਆਂ ਦੇ ਕਾਲੇ ਕਾਰੋਬਾਰ ਕਰਨ ਵਾਲੇ ਸੌਦਾਗਰਾਂ ਨੂੰ ਨੱਥ ਪਾਈ ਜਾ ਸਕੇ।

ਸਿਹਤ ਮੰਤਰੀ ਨੇ ਦੱਸਿਆ ਕਿ ਚਿੱਟਾ ਤੇ ਹੋਰ ਸਿੰਥੈਟਿਕ ਨਸ਼ੇ ਪੰਜਾਬ 'ਚ ਨਹੀਂ ਬਣਦੇ ਸਗੋਂ ਪਾਕਿਸਤਾਨ ਜਾਂ ਹੋਰ ਰਾਜਾਂ ਤੋਂ ਇੱਥੇ ਆਉਂਦੇ ਹਨ, ਜਿਸ 'ਤੇ ਨਕੇਲ ਕਸਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਪੰਜਾਬ ਸਰਕਾਰ ਕੇਂਦਰ ਸਰਕਾਰ ਅਤੇ ਸਬੰਧਤ ਏਜੰਸੀਆਂ ਕੋਲ ਵਾਰ-ਵਾਰ ਅਵਾਜ਼ ਉਠਾ ਚੁੱਕੇ ਹਨ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਸਕੂਲਾਂ, ਕਾਲਜਾਂ ਤੇ ਹੋਰ ਸਿੱਖਿਆ ਸੰਸਥਾਵਾਂ ਦੇ ਦੁਆਲੇ ਵਿਸ਼ੇਸ਼ ਚੈਕਿੰਗ ਕੀਤੀ ਜਾਵੇ ਤਾਂਕਿ ਇਨ੍ਹਾਂ ਥਾਵਾਂ 'ਤੇ ਕੋਈ ਨਸ਼ੇ ਨਾ ਵੇਚੇ।

ਡਾ. ਬਲਬੀਰ ਸਿੰਘ ਨੇ ਜ਼ੋਨਲ ਲਾਇਸੈਂਸਿੰਗ ਅਥਾਰਟੀ ਨੂੰ ਹਦਾਇਤ ਕੀਤੀ ਕਿ ਉਹ ਪੁਲਿਸ ਦੀ ਮਦਦ ਨਾਲ ਚੈਕਿੰਗ ਯਕੀਨੀ ਬਣਾਏ ਤਾਂ ਕਿ ਕੋਈ ਵੀ ਦਵਾਈ ਦਾ ਵਿਕਰੇਤਾ ਬਿਨ੍ਹਾਂ ਲਾਇਸੈਂਸ ਅਤੇ ਮਰੀਜਾਂ ਦੀ ਜਾਨ ਬਚਾਉਣ ਵਾਲੀਆਂ ਦਵਾਈਆਂ ਬਗੈਰ ਡਾਕਟਰ ਦੀ ਪਰਚੀ ਤੋਂ ਕਿਸੇ ਨੂੰ ਨਾ ਵੇਚੇ। ਉਨ੍ਹਾਂ ਕਿਹਾ ਕਿ ਭਾਵੇਂ ਦਵਾਈ ਵਿਕਰੇਤਾ ਬਹੁਤ ਸੇਵਾ ਭਾਵ ਨਾਲ ਕੰਮ ਕਰਦੇ ਹਨ ਪਰੰਤੂ ਜੇਕਰ ਕੋਈ ਅਜਿਹੇ ਕਾਲੇ ਕਾਰੋਬਾਰ 'ਚ ਲਿਪਤ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਕੈਬਨਿਟ ਮੰਤਰੀ ਨੇ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਦਵਾਈ ਵਿਕਰੇਤਾ ਜਾਂ ਕਿਸੇ ਹੋਰ ਸ਼ਖ਼ਸ ਵੱਲੋਂ ਨਸ਼ਾ ਵੇਚਣ ਵਾਲੇ ਕਿਸੇ ਅਨਸਰ ਦੀ ਸੂਹ ਮਿਲਦੀ ਹੈ ਤਾਂ ਉਹ ਖ਼ੁਦ ਕਾਰਵਾਈ ਕਰਨ ਅਤੇ ਨਾ ਹੀ ਕਾਨੂੰਨ ਆਪਣੇ ਹੱਥ 'ਚ ਲੈਣ ਸਗੋਂ ਇਸ ਦੀ ਸੂਚਨਾ ਪੁਲਿਸ, ਡਰੱਗ ਲਾਇਸੈਂਸਿੰਗ ਜਾਂ ਸਿਵਲ ਸਰਜਨ ਦਫ਼ਤਰ ਸਮੇਤ ਸੇਫ ਪੰਜਾਬ ਐਂਟੀ ਡਰੱਗ ਵਟਸਐਪ ਚੈਟਬੋਟ ਨੰਬਰ 97791-00200 'ਤੇ ਦਿੱਤੀ ਜਾਵੇ ਅਤੇ ਸੂਚਨਾ ਦੇਣ ਵਾਲੇ ਦਾ ਨਾਮ ਪਤਾ ਗੁਪਤ ਰੱਖਿਆ ਜਾਵੇਗਾ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਐਸ.ਐਸ.ਪੀ. ਹਰਮਨਦੀਪ ਹਾਂਸ ਸਮੇਤ ਹੋਰ ਅਧਿਕਾਰੀਆਂ ਨੇ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਸਿਹਤ ਮੰਤਰੀ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਜ਼ਿਲ੍ਹੇ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਫ਼ਲ ਬਣਾਇਆ ਜਾਵੇਗਾ। ਬੈਠਕ ਮੌਕੇ ਏ.ਡੀ.ਸੀ.ਜ ਦਮਨਜੀਤ ਸਿੰਘ ਮਾਨ ਤੇ ਅਨੁਪ੍ਰਿਤਾ ਜੌਹਲ, ਐਸ.ਪੀ. ਸਿਟੀ ਮੋਹਿਤ ਅਗਰਵਾਲ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਸਵਿੰਦਰ ਸਿੰਘ ਤੇ ਡਰੱਗ ਇੰਸਪੈਕਟਰਜ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

ਮਾਛੀਵਾੜਾ 'ਚ ਦੁਸਹਿਰੇ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ

ਮਾਛੀਵਾੜਾ ਸਾਹਿਬ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਾਛੀਵਾੜਾ ਸਾਹਿਬ ਦੇ ਦੁਸਹਿਰਾ ਗਰਾਊਂਡ ਵਿਚ ਹਜਾ ?ਰਾਂ ਲੋਕਾਂ ਵੱਲੋਂ ਦੁਸਹਿਰੇ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਸਰਵਹਿੱਤਕਾਰੀ ਸਭਾ ਸ੍ਰੀ ਰਾਮਲੀਲਾ ਕਮੇਟੀ ਵਲੋਂ ਸਥਾਨਕ ਦੁਸ਼ਹਿਰਾ ਮੈਦਾਨ ਵਿਚ ਮੇਲੇ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਹਜ਼ਾਰਾਂ ਦੀ ਗਿਣਤੀ 'ਚ ਪਹੁੰਚੇ ਲੋਕਾਂ ਨੇ ਭਗਵਾਨ ਸ੍ਰੀ ਰਾਮ, ਮਾਤਾ ਸੀਤਾ ਤੇ ਲਛਮਣ ਦੇ ਸਜਾਏ ਸਵਰੂਪਾਂ ਅੱਗੇ ਸੀਸ ਝੁਕਾਇਆ। ਦੁਸਹਿਰਾ ਮੈਦਾਨ ਵਿਚ ਰਾਵਣ, ਮੇਘਨਾਥ ਤੇ ਕੁੰਭਕਰਨ ਦੇ ਪੁਤਲੇ ਲਗਾਏ ਗਏ ਜਿਨ੍ਹਾਂ ਨੂੰ ਅਗਨੀ ਦੇਣ ਤੋਂ ਪਹਿਲਾਂ ਰਾਮ ਭਗਤ ਸ਼ਰਧਾਲੂਆਂ ਵੱਲੋਂ ਖੂਬ ਆਤਿਸ਼ਬਾਜੀ ਕਰ ਭੰਗੜੇ ਪਾਏ ਗਏ। ਸ਼ਾਮ ਸੂਰਜ ਛਿਪਦਿਆਂ ਹੀ ਰਾਵਣ, ਮੇਘਨਾਥ ਤੇ ਕੁੰਭਕਰਨ ਦੇ ਪੁਤਲਿਆਂ ਨੂੰ ਬਜਰੰਗ ਬਲੀ ਹਨੂੰਮਾਨ ਵਲੋਂ ਅਗਨੀ ਦਿਖਾਈ ਅਤੇ ਦੇਖਦੇ ਹੀ ਦੇਖਦੇ ਇਹ ਸਾਰੇ ਪੁਤਲੇ ਧੂ-ਧੂ ਕਰਕੇ ਜਲ ਉਠੇ ਅਤੇ ਬਦੀ ਇਸ ਅੱਗ ਵਿੱਚ ਜਲ ਕੇ ਰਾਖ ਹੋ ਗਈ। ਇਹ ਸਭ ਦੇਖਣ ਲਈ ਸ਼ਰਧਾਲੂਆਂ ਦਾ ਸੈਲਾਬ ਉਮੜ ਪਿਆ। ਇਨ੍ਹਾਂ ਰਾਕਸ਼ਾਂ ਦੇ ਨਾਸ਼ ਤੋਂ ਬਾਅਦ ਲੋਕਾਂ ਨੂੰ ਸੱਚਾਈ ਅਤੇ ਨੇਕੀ ਦੀ ਜਿੱਤ ਦਾ ਸੰਦੇਸ਼ ਦਿੰਦਾ ਹੋਇਆ ਇਹ ਦੁਸਹਿਰਾ ਮੇਲਾ ਸਮਾਪਤ ਹੋ ਗਿਆ।

ਇਸ ਮੌਕੇ ਸਭਾ ਦੇ ਚੇਅਰਮੈਨ ਮੋਹਿਤ ਕੁੰਦਰਾ, ਪ੍ਰਧਾਨ ਅਸ਼ੋਕ ਸੂਦ ਨੇ ਮੇਲੇ ਵਿਚ ਪੁੱਜੀਆਂ ਸਮੂਹ ਸੰਗਤਾਂ ਦਾ ਧੰਨਵਾਦ ਪ੍ਰਗਟਾਇਆ। ਇਸ ਮੌਕੇ ਸੁਰਿੰਦਰ ਬਾਂਸਲ, ਭਾਜਪਾ ਆਗੂ ਸੰਜੀਵ ਲੀਹਲ, ਅਜੈ ਬਾਂਸਲ, ਠੇਕੇਦਾਰ ਰੋਕੀ ਬਾਂਸਲ, ਮਾਧਵ ਲੁਧਿਆਣਾ ਤੋਂ ਇਲਾਵਾ ਪ੍ਰਬੰਧਕਾਂ 'ਚ ਪ੍ਰਮੋਦ ਜੈਨ, ਕ੍ਰਿਸ਼ਨ ਚੌਪੜਾ, ਡੀ.ਡੀ. ਵਰਮਾ, ਸੰਜੀਵ ਰਿੰਕਾ, ਚੇਤਨ ਕੁਮਾਰ, ਦੀਪਕ ਸੂਦ, ਸਨੀ ਸੂਦ, ਰਾਜਨ ਗੁਲਾਟੀ, ਬੋਬੀ ਸਚਦੇਵਾ, ਕ੍ਰਿਸ਼ਨ ਲਾਲ ਸਚਦੇਵਾ, ਜਗਜੀਤ ਮਹਿਰਾ, ਜਨਕ ਰਾਜ, ਪਵਨ ਬੱਤਰਾ, ਨੀਰਜ ਵਰਮਾ, ਵਿੱਕੀ ਕਪੂਰ, ਨਰੇਸ਼ ਖੇੜਾ, ਜਿੰਮੀ ਜੈਨ, ਭਾਰਤ ਜੈਨ, ਭੂਸ਼ਣ ਜੈਨ, ਦੀਪਕ ਕੁਮਾਰ, ਸੋਨੂੰ ਸਚਦੇਵਾ, ਬੱਬੂ ਜੁਨੇਜਾ, ਰਿਕੂ ਕੁਮਾਰ ਵੀ ਮੌਜੂਦ ਸਨ।

ਸ਼ਹਿਰ ਦੇ ਇਕਲੌਤੇ ਸਰਕਾਰੀ ਸ਼੍ਰੀ ਰਾਧਾ ਕ੍ਰਿਸ਼ਨ ਪਾਰਕ ਦੀ ਅੱਜ ਦੀ ਹਾਲਤ ਬੇਹੱਦ ਤਰਸਯੋਗ

ਮਾਛੀਵਾੜਾ ਸਾਹਿਬ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਾਛੀਵਾੜਾ ਸਾਹਿਬ ਵਿਖੇ 2010 ਵਿੱਚ ਉਸ ਸਮੇਂ ਦੀ ਅਕਾਲੀ ਦਲ ਸਰਕਾਰ ਵਿੱਚ ਕੈਬਨਿਟ ਮੰਤਰੀ ਰਹੇ ਹੀਰਾ ਸਿੰਘ ਗਾਬੜੀਆ ਹੱਥੋਂ ਉਦਘਾਟਨ ਹੋਏ ਸ਼ਹਿਰ ਦੇ ਇਕਲੌਤੇ ਸਰਕਾਰੀ ਸ਼੍ਰੀ ਰਾਧਾ ਕ੍ਰਿਸ਼ਨ ਪਾਰਕ ਦੀ ਅੱਜ ਦੀ ਹਾਲਤ ਬੇਹੱਦ ਤਰਸਯੋਗ ਨਜ਼ਰ ਆ ਰਹੀ ਹੈ, ਜਿਸ ਪਾਰਕ ਵਿੱਚ ਸ਼ਹਿਰ ਵਾਸੀਆਂ ਦੀ ਸੱਜਰੀ ਤੇ ਸੋਹਣੀ ਸਵੇਰ ਲਈ ਰੰਗ ਬਿਰੰਗੇ ਫੁੱਲਾਂ ਦੀ ਫੁਲਵਾੜੀ ਨਜ਼ਰ ਆਉਣੀ ਚਾਹੀਦੀ ਸੀ ,ਅੱਜ ਉਸ ਪਾਰਕ ਵਿੱਚ ਕਈ ਕਈ ਫੁੱਟ ਸੈਂਘਣਾ ਤੇ ਖਤਰਨਾਕ ਘਾਹ ਨਜ਼ਰ ਆ ਰਿਹਾ ਹੈ ਤੇ ਇਸੇ ਪਾਰਕ ਵਿੱਚ ਗਲਿਆ ਸੜਿਆ ਕਾਫੀ ਪੁਰਾਣਾ ਕਬਾੜ ਵੀ ਇਸ ਪਾਰਕ ਦੀ ਸੁੰਦਰਤਾ ਵਿੱਚ ਵੱਡਾ ਦਾਗ ਬਣ ਕਿ ਉੱਭਰ ਰਿਹਾ ਹੈ। .ਅਸਲ ਵਿੱਚ ਇਹਨਾਂ 16 ਸਾਲਾਂ ਵਿੱਚ ਵੱਖ ਵੱਖ ਰਾਜਨੀਤਿਕ ਦਲਾਂ ਦੀ ਸਰਕਾਰਾਂ ਆਈਆਂ ਤੇ ਨਾਲ ਹੀ ਨਗਰ ਕੌਸਲ ਦੀ ਕਮਾਂਡ ਵੀ ਬਦਲਦੀ ਰਹੀ ਪਰ ਭਗਵਾਨ ਦੇ ਨਾਮ ਤੇ ਰੱਖੇ ਇਸ ਪਾਰਕ ਦੀ ਸੱਥਿਤੀ ਨਹੀ ਬਦਲੀ ਤੇ ਸ਼ਹਿਰ ਵਾਸੀਆਂ ਨੇ ਇਸ ਪਾਰਕ ਦਾ ਆਨੰਦ ਨਹੀ ਮਾਣਿਆ। ਅੱਜ ਭਾਵੇਂ ਸ਼ਹਿਰ ਵਿੱਚ ਵੱਖ ਵੱਖ ਵਿਕਾਸ ਕਾਰਜਾਂ ਦੀ ਲੜੀ ਸੁਣਾਈ ਦੇ ਰਹੀ ਹੈ ਪਰ ਕਾਫੀ ਮਹਿੰਗੀ ਤੇ ਸੁੱਚਜੀ ਜਗਾ ਤੇ ਬਣੇ ਇਸ ਪਾਰਕ ਦੀ ਮਹੱਤਤਾ ਅਣਗੌਲਿਆ ਹੋ ਰਹੀ ਹੈ। ਇਸ ਪਾਰਕ ਦੇ ਬਿਲਕੁੱਲ ਨਾਲ ਇੱਕ ਵੱਡਾ ਵਿਸ਼ਾਲ ਸਟੇਡੀਅਮ ਵੀ ਹੈ ਤੇ ਜਿੱਥੇ ਹਰ ਰੋਜ਼ ਸਵੇਰੇ ਨੌਜਵਾਨਾ ਦੀ ਰੋਣਕ ਦਿਖਾਈ ਦਿੰਦੀ ਹੈ ।

ਬਹੁਤ ਜਲਦ ਹੀ ਨਵੇਂ ਰੂਪ ਵਿੱਚ ਹੋਵੇਗਾ ਇਹ ਪਾਰਕ- ਈ ਓ

ਨਗਰ ਕੌਸਲ ਦੇ ਕਾਰਜਸਾਧਕ ਅਧਿਕਾਰੀ ਵਿਕਰਮਜੀਤ ਸ਼ਰਮਾ ਨਾਲ ਜਦੋਂ ਇਸ ਤਰਸਯੋਗ ਪਾਰਕ ਦੀ ਅਸਲ ਤਸਵੀਰ ਬਾਰੇ ਗੱਲਬਾਤ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਇਸ ਪਾਰਕ ਨੂੰ ਨਵੀ ਸਾਨਦਾਰ ਦਿੱਖ ਦੇਣ ਲਈ ਬਕਾਇਦਾ ਟੈਂਡਰ ਹੋ ਗਏ ਹਨ ਤੇ ਜਲਦ ਹੀ ਇਹ ਪਾਰਕ ਆਪਣੇ ਨਵੀ ਲੁੱਕ ਵਿੱਚ ਨਜ਼ਰ ਆਵੇਗਾ

ਸੀਬੀਐਸਈ ਨੈਸ਼ਨਲ ਅਥਲੈਟਿਕਸ ਮੀਟ 'ਚ ਮੀਤ ਸਿੰਘ ਗਿੱਲ ਤੇ ਸਿਸ਼ਟੀ ਵੀ ਬੈਸਟ ਅਥਲੀਟ ਚੁਣੇ ਗਏ

ਪਟਿਆਲਾ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੀਬੀਐਸਈ ਸਪੋਰਟਸ ਕਮੇਟੀ ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਸੁਸ਼ੀਲਾ ਦੇਵੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਰੇਖਾ ਗੁਪਤਾ ਦੀ ਯੋਗ ਅਗਵਾਈ ਹੇਠ ਆਰਗਨਾਈਜਿੰਗ ਸੈਕਟਰੀ ਸਤਵਿੰਦਰ ਸਿੰਘ ਤਾਇਕਵਾਡੋਂ ਕੋਚ ਦੇ ਤਾਲਮੇਲ ਨਾਲ ਸੀਬੀਐਸਈ ਨੈਸ਼ਨਲ ਅਥਲੈਟਿਕਸ ਮੀਟ ਦੇ ਵਿੱਚ ਅੰਡਰ-14 ਲੜਕਿਆਂ ਦੇ ਵਿੱਚ ਬੈਸਟ ਅਥਲੀਟ ਨੀਤੂ,ਅੰਡਰ 17 ਦੇ ਵਿੱਚ ਰਾਹੁਲ ਰਾਏ ਮੈਹਰੂ,ਅੰਡਰ-19 ਦੇ ਵਿੱਚ ਮੀਤ ਸਿੰਘ ਗਿੱਲ,ਅੰਡਰ-14 ਲੜਕੀਆਂ ਦੇ ਵਿੱਚ ਬੈਸਟ ਅਥਲੀਟ ਰਈਆ ਐਸ, ਅੰਡਰ-17 ਦੇ ਵਿੱਚ ਸੰਧੀਆ ਸੇਠ,ਅੰਡਰ-19 ਦੇ ਵਿੱਚ ਸਿਸਟੀ ਵੀ ਬੈਸਟ ਅਥਲੀਟ ਚੁਣੇ ਗਏ। ਪ੍ਰਿੰਸੀਪਲ ਰੇਖਾ ਗੁਪਤਾ ਅਬਜਰਵਰ ਸੰਜੇ ਚੌਹਾਨ ਅਤੇ ਸੁਨੀਤਾ ਰਾਏ ਨੇ ਜੇਤੂ ਅਥਲੀਟਾਂ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ।

ਪੰਜਾਬ ਜੇਲ੍ਹ ਵਿਭਾਗ ਵੱਲੋਂ ਡਿਊਟੀ ਦੌਰਾਨ ਸ਼ਹੀਦ ਹੋਏ 12 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ, ਪਰਿਵਾਰਾਂ ਦਾ ਕੀਤਾ ਸਨਮਾਨ

ਪਟਿਆਲਾ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਜੇਲ੍ਹ ਵਿਭਾਗ ਵੱਲੋਂ ਏ.ਡੀ.ਜੀ.ਪੀ. (ਜੇਲ੍ਹਾਂ), ਪੰਜਾਬ, ਸ੍ਰੀ ਰਾਜੇਸ਼ ਕੁਮਾਰ ਜੈਸਵਾਲ, ਆਈ.ਪੀ.ਐੱਸ., ਦੀ ਅਗਵਾਈ ਹੇਠ ਅੱਤਵਾਦ ਦੇ ਦੌਰਾਨ ਅਤੇ ਡਿਊਟੀ ਨਿਭਾਉਂਦਿਆਂ ਸ਼ਹੀਦ ਹੋਏ ਆਈ.ਜੀ. (ਜੇਲ੍ਹਾਂ), ਸਹਾਇਕ ਸੁਪਰਡੈਂਟ ਜੇਲ੍ਹਾਂ ਅਤੇ ਹੈੱਡ ਵਾਰਡਰ/ਵਾਰਡਰ ਰੈਂਕ ਦੇ 12 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਇਸ ਸ਼ਰਧਾਂਜਲੀ ਸਮਾਰੋਹ ਵਿੱਚ ਡੀ.ਆਈ.ਜੀ. (ਜੇਲ੍ਹਾਂ), ਪਟਿਆਲਾ ਅਤੇ ਫਿਰੋਜ਼ਪੁਰ ਸਰਕਲ, ਸ੍ਰੀ ਸੂਬਾ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਉਨ੍ਹਾਂ ਨੇ ਸ਼ਹੀਦੀ ਸਮਾਰਕ 'ਤੇ ਸ਼ਰਧਾਂਜਲੀ ਭੇਟ ਕਰਨ ਉਪਰ

ਕਿਸੇ ਵਿਅਕਤੀ ਬਾਰੇ ਕੁਝ ਮਾੜਾ ਕਹਿਣ ਵਾਲੇ ਦੇ ਦਿਮਾਗ਼ ਅੰਦਰ ਮਾੜੀ ਸ਼ਬਦਾਵਲੀ ਦਾ ਭੰਡਾਰ ਭਰਿਆ ਹੁੰਦਾ ਹੈ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਗੰਦਗੀ ਬਾਹਰ ਸੁੱਟਣ ਵਾਲੇ ਕੋਲ ਇਸ ਤੋਂ ਬਿਨਾਂ ਕੁਝ ਨਹੀਂ ਹੁੰਦਾ। ਇਸ ਦੇ ਉਲਟ ਜਿਸ ਦੇ ਮਨ ਅੰਦਰ ਸਿਰਫ਼ ਚੰਗਿਆਈ ਭਰੀ ਹੋਵੇਗੀ, ਉਹ ਚੁਫ਼ੇਰੇ ਖ਼ੁਸ਼ਬੂ ਹੀ ਫੈਲਾਏਗਾ...

• ਡਾ. ਹਰਸ਼ਿੰਦਰ ਕੌਰ
0175-2216783

ਕਾਲੇ ਲਿਖੁ ਨ ਲੇਖ

"ਫਰੀਦਾ ਜੇ ਤੂ ਅਕਲਿ ਲਤੀਫੁ
ਕਾਲੇ ਲਿਖੁ ਨ ਲੇਖ
ਆਪਨੜੇ ਗਿਰੀਵਾਨ ਮਹਿ
ਸਿਰੁ ਨੀਵਾਂ ਕਰਿ ਦੇਖੁ।"
(ਅੰਗ 1378)

ਬਾਬਾ ਫ਼ਰੀਦ ਜੀ ਨੇ ਸਮਝਾਇਆ ਹੈ ਕਿ ਜੇ ਤੂੰ ਸਮਝਦਾਰ ਹੈ ਤਾਂ ਹੋਰ ਬੰਦਿਆਂ ਦੇ ਮੰਦੇ ਕਰਮਾਂ ਦੀ ਪੜਚੋਲ ਨਾ ਕਰ। ਆਪਣੀ ਬੁੱਕਲ ਵਿਚ ਮੂੰਹ ਪਾ ਕੇ ਵੇਖ ਕਿ ਤੇਰੇ ਆਪਣੇ ਕਰਮ ਕੈਸੇ ਹਨ। ਇਸ ਤੋਂ ਪਹਿਲਾਂ ਕਿ ਇਸ ਬਾਰੇ ਹੋਰ ਵਿਸਤਾਰ ਨਾਲ ਗੱਲ ਕਰੀਏ, ਵਿਗਿਆਨਿਕ ਪੱਖੋਂ ਸਾਬਤ ਹੋ ਚੁੱਕੇ ਤੱਥਾਂ ਵੱਲ ਧਿਆਨ ਕਰਨ ਦੀ ਲੋੜ ਹੈ।

- ਆਪਣੇ ਬਾਰੇ ਕੁੱਝ ਵੀ ਮਾੜਾ ਸੁਣਦੇ ਸਾਰ ਦਿਮਾਗ਼ ਅੰਦਰ 'ਨੈਗੇਟਿਵ ਬਰੇਨ ਐਕਟੀਵਿਟੀ' ਰਿਕਾਰਡ ਹੋਣੀ ਸ਼ੁਰੂ ਹੋ ਜਾਂਦੀ ਹੈ ਜਿਸ ਦਾ ਅਸਰ ਕੁਝ ਘੰਟਿਆਂ, ਮਹੀਨਿਆਂ ਜਾਂ ਸਾਲਾਂ ਬੱਧੀ ਰਹਿ ਸਕਦਾ ਹੈ। ਇਹ ਸਭ ਕਿਸੇ ਦੀ ਸ਼ਖ਼ਸੀਅਤ ਉੱਤੇ ਆਧਾਰਿਤ ਹੁੰਦਾ ਹੈ ਕਿ ਕਿੰਨੀ ਦੇਰ ਤਕ ਉਸਨੇ ਅਜਿਹੀ ਗੱਲ ਦਿਮਾਗ਼ ਅੰਦਰ ਵਸਾ ਕੇ ਰੱਖਣੀ ਹੈ।
- ਨਕਾਰਾਤਮਕ ਤਰੰਗਾਂ ਸਰੀਰ ਅੰਦਰਲੇ ਇਮਿਊਨ ਸਿਸਟਮ ਦੇ ਕੰਮ ਕਾਰ ਨੂੰ ਘਟਾ ਦਿੰਦੀਆਂ ਹਨ ਤੇ ਸਰੀਰ ਬੀਮਾਰੀਆਂ ਛੇਤੀ ਫੜਨ ਲੱਗ ਪੈਂਦਾ ਹੈ।
- ਮਾੜੀ ਸ਼ਬਦਾਵਲੀ ਜਾਂ ਮਾੜੀ ਖ਼ਬਰ ਸੁਣਨ ਪੜ੍ਹਨ ਨਾਲ ਇਕਦਮ ਹਾਰਟ ਅਟੈਕ ਜਾਂ ਪਾਸਾ ਮਾਰੇ ਜਾਣ ਦਾ ਖ਼ਤਰਾ 32 ਫੀਸਦੀ ਵੱਧ ਹੋ ਜਾਂਦਾ ਹੈ।
- ਮਾੜਾ ਸੁਣਨ ਨਾਲ ਦਿਮਾਗ਼ ਦੇ ਹਿੱਪੋਕੈਪਸ ਹਿੱਸੇ ਵਿਚਲੇ ਨਿਊਰੌਨ ਸੈੱਲਾਂ ਦਾ ਕੈਮਕਾਰ ਘਟ ਜਾਂਦਾ ਹੈ ਜਿਸ ਨਾਲ ਸੋਚਣ ਸਮਝਣ ਤੇ ਯਾਦਾਸ਼ਤ ਦਾ ਕੈਮਕਾਰ ਵੀ ਇਕਦਮ ਘੱਟ ਜਾਂਦਾ ਹੈ। ਇਸੇ ਕਰਕੇ ਬੰਦਾ ਤੁਰੰਤ ਭੜਕ ਸਕਦਾ ਹੈ ਜਾਂ ਖ਼ੁਦਕੁਸ਼ੀ ਤਕ ਕਰ ਸਕਦਾ ਹੈ।
- ਮਾੜਾ ਬੋਲਣ ਵਾਲੇ ਦੇ ਆਪਣੇ ਮਨ ਅੰਦਰ ਸੁਨੇਹਿਆਂ ਦਾ ਹੜ੍ਹ ਨਿਕਲ ਪੈਂਦਾ ਹੈ ਤੇ ਕਈ ਹਾਰਮੋਨ ਵੀ ਨਿਕਲ ਪੈਂਦੇ ਹਨ ਜੋ ਕਲੀਨੀਕਲ ਸਾਈਕੋਲੋਜੀ ਜਰਨਲ ਵਿਚ ਛਪੀ ਖੋਜ ਅਨੁਸਾਰ ਦੋ ਤਰ੍ਹਾਂ ਦਾ ਅਸਰ ਪਾਉਂਦੇ ਹਨ।

ਪਹਿਲਾ - 50 ਫ਼ੀਸਦੀ ਲੋਕਾਂ ਦੇ ਆਪਣੇ ਮਨ ਅੰਦਰਲੀ ਅਸੁਰੱਖਿਆ, ਕੁਝ ਹਾਸਲ ਨਾ ਕਰ ਸਕਣ ਦਾ ਗੁੱਸਾ ਤੇ ਹਉਮੈ ਦਾ ਗੁਬਾਰ ਬਦੋਬਦੀ ਉਸ ਵਿਰੁੱਧ ਬੋਲਣ ਨੂੰ ਉਕਸਾਉਂਦਾ ਹੈ ਜੋ ਅਗਾਂਹ ਲੰਘਿਆ ਹੋਇਆ ਜਾਪੇ।

ਦੂਜਾ - ਕਿਸੇ ਵਿਰੁੱਧ ਮਾੜਾ ਬੋਲਣ ਵਾਲੇ ਦੇ ਆਪਣੇ ਦਿਮਾਗ਼ ਵਿਚਲੇ ਅੰਮੀਗਡਲਾ ਹਿੱਸੇ ਤੇ ਰਖੀ-ਫਰੰਟਲ ਹਿੱਸੇ ਵਿਚਲੀਆਂ ਤਰੰਗਾਂ ਸਹੀ ਸੋਚ ਨੂੰ ਟਿਕਣ ਹੀ ਨਹੀਂ ਦਿੰਦੀਆਂ। ਥੈਲਾਮਸ ਹਿੱਸੇ ਦੇ ਅਸਰ ਹੇਠ ਤੇਜ਼ ਧੜਕਨ, ਰਤਾ ਵਧਿਆ ਬਲੱਡ ਪ੍ਰੈੱਸ਼ਰ ਤੇ ਘਬਰਾਹਟ ਦੇ ਲੱਛਣ ਦਿਸਣ ਲੱਗ ਪੈਂਦੇ ਹਨ।

- ਲਗਾਤਾਰ ਦੂਜੇ ਨੂੰ ਢਾਹੁਣ ਲਈ ਕੋਸ਼ਿਸ਼ ਕਰਨ ਵਾਲਿਆਂ ਦੇ ਮੂਡ ਵਿਚ ਤਬਦੀਲੀ, ਹਲਕੇ ਮਾਨਸਿਕ ਰੋਗ ਤੋਂ ਲੈ ਕੇ ਢਹਿੰਦੀ ਕਲਾ, ਸਕੀਜ਼ੋਫਰੀਨੀਆ ਜਾਂ ਟਿਕ ਕੇ ਨਾ ਬਹਿ ਸਕਣ ਤੇ ਨੀਂਦਰ ਪੂਰੀ ਨਾ ਲੈ ਸਕਣ ਦੇ ਲੱਛਣ ਵੀ ਲੱਭੇ ਗਏ ਹਨ।
- ਇਹ ਵੀ ਵੇਖਣ ਵਿਚ ਆਇਆ ਹੈ ਕਿ ਜਿਹੜਾ ਸਿਰਫ਼ ਹੀ ਦੂਜੇ ਵਿਚ ਨੁਕਸ ਲੱਭਦਾ ਰਹੇ ਤੇ ਹਮੇਸ਼ਾ ਦੂਜੇ ਨੂੰ ਨੀਵਾਂ ਵਿਖਾਉਣ ਦੇ ਚੱਕਰ ਵਿਚ ਪਿਆ ਰਹੇ, ਉਸ ਦੇ ਦਿਮਾਗ਼ ਵਿਚ ਸਦੀਵੀ ਤਬਦੀਲੀ ਆ ਜਾਂਦੀ ਹੈ। ਦਿਮਾਗ਼ ਵਿਚ 'ਵਾਈਟ ਮੈਟਰ', ਜੋ ਜੋੜ ਬਣਾਉਂਦਾ ਹੈ, ਵੱਧ ਹੋ ਜਾਂਦਾ ਹੈ ਤੇ 'ਗਰੇ ਮੈਟਰ' ਜੋ ਪੂਰੀ ਜਾਣਕਾਰੀ ਸਾਂਭਣ ਤੇ ਵਿਦਵਤਾ ਦਾ ਭੰਡਾਰ ਹੁੰਦਾ ਹੈ, ਘੱਟ ਜਾਂਦਾ ਹੈ।

ਅਜਿਹਾ ਹੋਣ ਸਦਕਾ ਜੋ ਜਾਣਕਾਰੀ ਹਾਸਲ ਵੀ ਹੋਵੇ, ਉਸ ਨੂੰ ਸਮਝ ਕੇ ਲਾਗੂ ਕਰਨ ਵਿਚ ਜ਼ਲਤੀਆਂ ਹੋਣ ਲੱਗ ਪੈਂਦੀਆਂ ਹਨ।

ਸਾਡਾ ਦਿਮਾਗ਼ ਜ਼ਲਤੀਆਂ ਨੂੰ ਛੇਤੀ ਫੜਦਾ ਹੈ। ਇਸੇ ਲਈ ਕਿਸੇ ਵੱਲੋਂ ਕੀਤੀ ਭਲਾਈ ਭਾਵੇਂ ਭੁੱਲ ਜਾਵੇ, ਪਰ ਕਿਸੇ ਵੱਲੋਂ ਕੀਤਾ ਹਲਕਾ ਮਾੜਾ ਵਰਤਾਰਾ ਵੀ ਪੱਕੀ ਯਾਦ ਬਣ ਜਾਂਦੀ ਹੈ।

ਇਹੀ ਕਾਰਨ ਹੈ ਕਿ ਪੂਰੀ ਉਮਰ ਪਿਆਰ ਨਾਲ ਪਾਲਿਆ ਆਪਣਾ ਹੀ ਬੱਚਾ ਕਿਸੇ ਵੇਲੇ ਦੀ ਹਲਕੀ ਝਿੜਕ ਜਾਂ ਥੱਪੜ ਵੱਜਣ ਉੱਤੇ ਮਾਪਿਆਂ ਨੂੰ ਜਾਨੋਂ ਵੀ ਮਾਰ ਦਿੰਦਾ ਹੈ ਕਿਉਂਕਿ ਉਸ ਸਮੇਂ ਸੋਚਣ ਸਮਝਣ ਤੇ ਤਰਕ ਕਰਨ ਦੀ ਸਮਰਥਾ ਖ਼ਤਮ ਹੋ ਜਾਂਦੀ ਹੈ।

ਕਿਸੇ ਬਾਰੇ ਮਾੜਾ ਕਹਿਣ ਵਾਲੇ ਦੇ ਦਿਮਾਗ਼ ਅੰਦਰ ਮਾੜੀ ਸ਼ਬਦਾਵਲੀ ਦਾ ਭੰਡਾਰ ਭਰਿਆ ਹੁੰਦਾ ਹੈ। ਇਸ ਤੋਂ ਸਪਸ਼ਟ ਹੋ ਗਿਆ ਕਿ ਉਹ ਗੰਦਗੀ ਹੀ ਬਾਹਰ ਕੱਢੇਗਾ। ਇਸ ਦੇ ਉਲਟ ਜਿਸ ਵਿਅਕਤੀ ਦੇ ਮਨ ਅੰਦਰ ਸਿਰਫ਼ ਚੰਗਿਆਈ ਭਰੀ ਹੋਵੇਗੀ, ਉਹ ਚੁਫ਼ੇਰੇ ਖ਼ੁਸ਼ਬੂ ਹੀ ਫੈਲਾਏਗਾ।

ਨਵੀਂ ਖੋਜ

ਦੁਨੀਆ ਭਰ ਦੇ 30,000 ਨਿਊਰੋਸਾਇੰਟਿਸਟ ਡਾਕਟਰ ਨਿਊ ਓਰਲੀਨਜ਼ ਕਨਵੈਨਸ਼ਨ ਸੈਂਟਰ ਵਿਖੇ ਸੰਨ 2012 ਵਿਚ ਇਕੱਠੇ ਹੋਏ ਸਨ ਜਿੱਥੇ ਉਨ੍ਹਾਂ ਵੱਲੋਂ ਇਕੱਠੇ ਕੀਤੇ ਗਏ ਤੱਥਾਂ ਦੇ ਆਧਾਰ ਉੱਤੇ ਕੁੱਝ ਫ਼ੈਸਲੇ ਲਏ ਗਏ। ਉਹ ਸਨ :-

- ਜਿਨੀ ਛੋਟੀ ਉਮਰ ਵਿਚ ਬੱਚੇ ਨੂੰ ਮਾੜੀ ਸ਼ਬਦਾਵਲੀ ਸੁਣਨੀ ਪੈ ਜਾਵੇ, ਓਨਾ ਹੀ ਬੱਚੇ ਅੰਦਰ ਮਾਨਸਿਕ ਵਿਗਾੜ ਵੱਧ ਹੋਵੇਗਾ ਤੇ ਓਨਾ ਹੀ ਉਹ ਦੂਜਿਆਂ ਦੀ ਨਿਖੇਧੀ ਵੱਧ ਕਰੇਗਾ।
- ਯੂਨੀਵਰਸਿਟੀ ਆਫ ਵਿਨਕਾਨਸਿਨ ਵਿਚ 12 ਵਰ੍ਹਿਆਂ ਦੇ ਤ੍ਰਿਸਕਾਰੇ ਗਏ ਬੱਚੇ ਅਤੇ ਯਤੀਮ ਬੱਚਿਆਂ ਦੇ ਦਿਮਾਗ਼ ਦੇ ਸਕੈਨ ਕਰਨ ਉੱਤੇ ਪਤਾ ਲੱਗਿਆ ਕਿ ਉਨ੍ਹਾਂ ਦੇ ਅਮਿਗਡਲਾ ਤੇ ਹਿੱਪੋਕੈਪਸ ਦੂਜੇ ਉਨ੍ਹਾਂ ਬੱਚਿਆਂ ਨਾਲੋਂ ਆਕਾਰ ਵਿਚ ਕਾਫੀ ਛੋਟੇ ਸਨ ਜਿਹੜੇ ਪਿਆਰ ਨਾਲ ਪਾਲੇ ਜਾ ਰਹੇ ਸਨ।
- ਇਨ੍ਹਾਂ ਤਿਰਸਕਾਰੇ ਗਏ ਬੱਚਿਆਂ ਦੇ ਮਨਾਂ ਵਿਚ ਅਥਾਹ ਗੁੱਸਾ, ਛੇਤੀ ਭੜਕਾਹਟ ਵਿਚ ਆ ਜਾਣਾ, ਗੱਲ ਗੱਲ ਤੇ ਗਾਲ੍ਹਾਂ ਕੱਢਣੀਆਂ, ਬਦਲਾਲਊ ਭਾਵਨਾ ਪਾਲਣੀ, ਹਰ ਕਿਸੇ ਵਿਚ ਨੁਕਸ ਕੱਢਣਾ, ਤਸੱਲੀ ਨਾ ਮਹਿਸੂਸ ਹੋਣੀ, ਤਰਕ ਨਾ ਕਰ ਸਕਣਾ, ਲੜਾਈ ਕਰਨੀ, ਨਸ਼ਾ ਕਰਨਾ, ਢਹਿੰਦੀ ਕਲਾ ਵਿਚ ਜਾਣਾ, ਆਦਿ ਵੇਖੇ ਗਏ।
- ਵੀਹ ਸਾਲ ਤਕ ਤ੍ਰਿਸਕਾਰੇ ਗਏ ਲੋਕਾਂ ਉੱਤੇ ਕੀਤੀ ਖੋਜ ਕਰਨ ਬਾਅਦ ਪਤਾ ਲੱਗਿਆ ਕਿ ਉਨਾਂ ਦੇ ਸਰੀਰ ਵੀ ਰੋਗੀ ਹੋ ਗਏ ਸਨ। ਬਹੁਤਿਆਂ ਨੂੰ ਦਿਲ ਦੇ ਰੋਗ ਤੇ ਸ਼ੱਕਰ ਰੋਗ ਹੋ ਗਏ ਸਨ ਤੇ ਕਈ ਸੜਕਾਂ ਉੱਤੇ ਤੇਜ਼ ਵਾਹਨ ਚਲਾਉਣ ਸਦਕਾ ਐਕਸੀਡੈਂਟ ਵਿਚ ਮਾਰੇ ਗਏ ਸਨ।
- ਉਸੇ ਕਾਨਫਰੰਸ ਵਿਚ ਦੇਰੀਓ ਮੈਸਤਰੀਪੀਰੀ ਨੇ ਬਾਂਦਰਾਂ ਉੱਤੇ ਖੋਜ ਕਰ ਕੇ ਦੱਸਿਆ ਕਿ ਜਿਹੜੀਆਂ ਬਾਂਦਰੀਆਂ ਆਪਣੇ ਬੱਚਿਆਂ ਨੂੰ ਮਾਰ-ਕੁੱਟ ਜਾਂ ਝਿੜਕ ਰਹੀਆਂ ਸਨ, ਉਨਾਂ ਦੇ ਬੱਚਿਆਂ ਦੇ ਸਰੀਰ ਅੰਦਰ ਸਿਰੋਟੋਨਿਨ ਘੱਟ ਗਿਆ ਸੀ ਤੇ ਉਹ ਵੀ ਅੱਗੋਂ ਵੱਡੇ ਹੋ ਕੇ ਆਪਣੇ ਬੱਚਿਆਂ ਨਾਲ ਮਾਰ ਕੁਟਾਈ ਕਰ ਰਹੇ ਸਨ।

ਉਸ ਇਹ ਵੀ ਦੱਸਿਆ ਕਿ ਜਿਹੜੇ ਨਿੱਕੇ ਬਾਂਦਰ ਆਪਣੇ ਮਾਂ ਜਾਂ ਪਿਓ ਕੋਲੋਂ ਮਾਰ ਖਾਂਦੇ ਸਨ, ਉਨ੍ਹਾਂ ਵਿੱਚੋਂ ਜਿਨ੍ਹਾਂ ਨੂੰ ਕਿਸੇ ਸਾਥੀ ਬਾਂਦਰ ਵੱਲੋਂ ਪਿਆਰ ਮਿਲ ਗਿਆ, ਉਨ੍ਹਾਂ ਦੇ ਸਰੀਰ ਦੀ ਸਿਰੋਟੋਨਿਨ ਦੀ ਮਾਤਰਾ ਕੁਝ ਵੱਧ ਗਈ ਤੇ ਅਜਿਹੇ ਬਾਂਦਰਾਂ ਵਿੱਚੋਂ ਲਗਪਗ ਅੱਧਿਆਂ ਨੇ ਅੱਗੋਂ ਆਪਣੇ ਬੱਚਿਆਂ ਨਾਲ ਮਾਰ ਕੁਟਾਈ ਨਹੀਂ ਕੀਤੀ। ਉਸ ਆਪਣੇ ਲੈਕਚਰ ਵਿਚ ਸਪਸ਼ਟ ਕੀਤਾ ਕਿ ਇੰਜ ਹੀ ਮਨੁੱਖੀ ਵਿਹਾਰ ਹੁੰਦਾ ਹੈ। ਮਾਨਸਿਕ ਵਿਗਾੜ ਵਾਲਾ ਬੰਦਾ ਖਿਝ ਜਾਂ ਗੁੱਸੇ ਨਾਲ ਨਹੀਂ ਬਲਕਿ ਪਿਆਰ ਨਾਲ ਹੀ ਠੀਕ ਕੀਤਾ ਜਾ ਸਕਦਾ ਹੈ।

ਦੂਜੇ ਪਾਸੇ ਇਹ ਵੀ ਸਪਸ਼ਟ ਹੋ ਗਿਆ ਕਿ ਮਾਰ ਕੁਟਾਈ ਕਰਨ ਵਾਲੇ ਜਾਂ ਮਾੜੀ ਸ਼ਬਦਾਵਲੀ ਬੋਲਣ ਵਾਲੇ ਦੇ ਆਪਣੇ ਦਿਮਾਗ਼ ਅੰਦਰ ਨੁਕਸ ਹੁੰਦਾ ਹੈ। ਮੇਰੇ ਕਹਿਣ ਨੂੰ ਤਾਂ ਹੁਣ ਕੁਝ ਨਹੀਂ ਰਹਿ ਗਿਆ ਜਦੋਂ ਖੋਜਾਂ ਨੇ ਹੀ ਸਪਸ਼ਟ ਕਰ ਦਿੱਤਾ ਹੋਵੇ ਕਿ ਦੂਜੇ ਬੰਦੇ ਵਿਚ ਨੁਕਸ ਕੱਢਣ ਵਾਲੇ ਦੇ ਆਪਣੇ ਅੰਦਰ ਬਥੇਰੇ ਨੁਕਸ ਹੁੰਦੇ ਹਨ ਤੇ ਦੂਜੇ ਵਾਸਤੇ ਮਾੜੀ ਸ਼ਬਦਾਵਲੀ ਬੋਲਣ ਵਾਲਾ ਆਪ ਹੀ ਕੂੜੇ ਦਾ ਭਰਿਆ ਟਰੱਕ ਹੁੰਦਾ ਹੈ।

ਜਿਹੜੇ ਹਾਲੇ ਵੀ ਨਹੀਂ ਮੰਨਦੇ ਉਹ ਗੁਰਬਾਣੀ ਵਿੱਚੋਂ ਹੀ ਸਮਝ ਲੈਣ ਕਿ ਕਿਸੇ ਹੋਰ ਬਾਰੇ ਪੜਚੋਲ ਕਰਨ ਤੋਂ ਪਹਿਲਾਂ ਆਪਣੇ ਬੁੱਕਲ ਵਿਚ ਮੂੰਹ ਪਾ ਕੇ ਵੇਖ ਲੈਣਾ ਚਾਹੀਦਾ ਹੈ! •

• ਪ੍ਰੋ. ਧਰਮਜੀਤ ਸਿੰਘ ਮਾਨ
94784-60084

ਸੰਜਮ ਦੀ ਅਵਸਥਾ 'ਚ ਇਨਸਾਨ ਸ਼ਾਂਤ ਚਿੱਤ ਆਪਣੇ ਕੰਮ 'ਚ ਜੁੱਟਿਆ ਰਹਿੰਦਾ ਹੈ। ਹੌਲ਼ੀ-ਹੌਲ਼ੀ ਚਲਦਾ ਇਨਸਾਨ ਜ਼ਿੰਦਗੀ 'ਚ ਬਹੁਤ ਕੁਝ ਹਾਸਿਲ ਕਰ ਸਕਦਾ ਹੈ ਪਰ ਬੇਚੈਨ ਮਨ ਸਰੀਰ ਨੂੰ ਬੇਚੈਨ ਕਰ ਦਿੰਦਾ ਹੈ ਅਤੇ ਇਨਸਾਨ ਕੋਈ ਵੀ ਪ੍ਰਾਪਤੀ ਕਰਨ ਤੋਂ ਪੱਛੜ ਜਾਂਦਾ ਹੈ...

ਸੰਜਮ 'ਚੋਂ ਤਲਾਸ਼ਣੀ ਹੋਵੇਗੀ ਬੇਲਗਾਮ ਇੱਛਾਵਾਂ ਦੀ ਦਵਾ

ਮਹਾਤਮਾ ਬੁੱਧ ਮਨੁੱਖ ਦੀਆਂ ਬੇਲਗਾਮ ਇੱਛਾਵਾਂ ਨੂੰ ਉਸਦੇ ਦੁੱਖਾਂ ਦਾ ਮੂਲ ਕਾਰਨ ਦੱਸਦੇ ਹਨ। ਨਾ ਪੂਰੀਆਂ ਹੋਣ ਵਾਲੀਆਂ ਇਹ ਇੱਛਾਵਾਂ ਮਨੁੱਖੀ ਮਨ ਨੂੰ ਬੇਚੈਨ ਕਰਦੀਆਂ ਹਨ। ਮਨੁੱਖੀ ਸਰੀਰ ਅਤੇ ਮਾਨਸਿਕ ਹਾਲਾਤ 'ਤੇ ਬੇਚੈਨੀ ਦਾ ਬੇਹੱਦ ਬੁਰਾ ਪ੍ਰਭਾਵ ਪੈਂਦਾ ਹੈ ਜਦਕਿ ਸ਼ਾਂਤ ਅਤੇ ਟਿਕਾਊ ਮਨ ਚਿਹਰੇ ਨੂੰ ਚਮਕ ਅਤੇ ਸਰੀਰ ਨੂੰ ਤਾਕਤ ਦਿੰਦਾ ਹੈ। ਵਧੀ ਲਾਲਸਾ ਅਤੇ ਪੈਸੇ ਜੋੜਨ ਦੀ ਲੱਗੀ ਦੌੜ ਕਾਰਨ ਅੱਜ ਮਨੁੱਖੀ ਮਨ ਬੁਰੀ ਤਰ੍ਹਾਂ ਬੇਕਾਬੂ ਅਤੇ ਬੇਚੈਨ ਹੋ ਚੁੱਕਿਆ ਹੈ ਜਿਸ ਉੱਤੇ ਕਾਬੂ ਪਾਉਣਾ ਨਾਮੁਮਕਿਨ ਨਜ਼ਰ ਆ ਰਿਹਾ ਹੈ। ਹਾਲਾਤ ਇਹ ਹਨ ਕਿ ਜਿਸ ਕੋਲ ਖਾਣ ਲਈ ਘੱਟ ਹੈ ਅਤੇ ਪਹਿਨਣ ਲਈ ਥੋੜ੍ਹਾ ਹੈ ਉਸਦੀ ਕੋਸ਼ਿਸ਼ ਕੁਝ ਹੋਰ ਵਧੀਆ ਖਾਣ ਅਤੇ ਪਹਿਨਣ ਦੀ ਹੈ ਅਤੇ ਜਿਸ ਕੋਲ ਪੈਸਾ ਵੀ ਹੈ ਅਤੇ ਲੋਕਾਂ 'ਚ ਚੰਗੀ ਪਛਾਣ ਵੀ ਉਸ ਦੀ ਚਾਹਨਾਂ ਕੁੱਝ ਹੋਰ ਪੈਸੇ ਜੋੜ ਕੇ ਅਮੀਰਾਂ ਦੀ ਸੂਚੀ 'ਚ ਉਪਰਲਾ ਸਥਾਨ ਹਾਸਿਲ ਕਰਨ ਦੀ ਹੈ। ਇਹ ਸਿਲਸਿਲਾ ਮਨੁੱਖੀ ਜ਼ਿੰਦਗੀ ਦਾ ਇਕ ਹਿੱਸਾ ਬਣ ਚੁੱਕਿਆ ਹੈ ਜੋ ਉਸ ਦਾ ਮੌਤ ਤਕ ਖਹਿੜਾ ਨਹੀਂ ਛੱਡਦਾ।

ਅੱਜ ਕੱਲ੍ਹ ਦੀ ਤੇਜ਼ ਤਰਾਰ ਜ਼ਿੰਦਗੀ ਨੇ ਇਨਸਾਨ ਨੂੰ ਮਾਨਸਿਕ ਅਤੇ ਸਰੀਰਕ ਤੌਰ 'ਤੇ ਡਾਵਾਂਡੋਲ ਕਰ ਦਿੱਤਾ ਹੈ। ਰੋਜ਼ਾਨਾ ਹੁੰਦੇ ਕਤਲਾਂ ਅਤੇ ਝਗੜਿਆਂ ਦਾ ਮੁੱਖ ਕਾਰਨ ਬੇਚੈਨ ਮਨ ਹਨ ਜੋ ਚੈਨ ਨੂੰ ਤਲਾਸ਼ਣ ਦੀ ਕੋਸ਼ਿਸ਼ 'ਚ ਵੱਡੇ-ਵੱਡੇ ਗੁਨਾਹ ਕਰਦੇ ਹਨ ਅਤੇ ਗੁਨਾਹ ਕਰਨ ਤੋਂ ਬਾਅਦ ਆਪਣੇ ਕੀਤੇ 'ਤੇ ਪਛਤਾਉਂਦੇ ਹਨ। ਨਿਤਾਣਿਆਂ ਦੀ ਖੱਲ ਉਧੇੜ ਕੇ ਕਮਾਇਆ ਜਾ ਰਿਹਾ ਪੈਸਾ ਸਮਾਜ ਵਿਚਲੇ ਬੇਚੈਨ ਮਨਾਂ ਦੀ ਤਸਵੀਰ ਪੇਸ਼ ਕਰਦਾ ਹੈ। ਇਹ ਟੁੱਟਦੇ ਸੰਜਮ ਦਾ ਹੀ ਕਾਰਨ ਹੈ ਕਿ ਮਹਿੰਗੀਆਂ ਕਦਰਾਂ ਕੀਮਤਾਂ ਵਾਲੀ ਇਸ ਧਰਤੀ 'ਤੇ ਅੱਜ ਹਰ ਚੀਜ਼ ਨਿਲਾਮ ਹੋ ਰਹੀ ਹੈ। ਛੇਤੀ ਅਮੀਰ ਬਣਨ ਦੀ ਲਾਲਸਾ ਨੇ ਇਨਸਾਨ ਨੂੰ ਠੱਗੀਆਂ ਅਤੇ ਚੋਰੀਆਂ ਕਰਨ ਲਈ ਮਜਬੂਰ ਕਰ ਦਿੱਤਾ ਹੈ। ਮਨ ਦੀ ਭੁੱਖ ਕਾਰਨ ਬੇਚੈਨ ਹੋ ਚੁੱਕਿਆ ਇਨਸਾਨ ਸ਼ਾਇਦ ਜਾਨਵਰਾਂ ਤੋਂ ਕੁੱਝ ਸਿੱਖਿਆ ਲੈ ਕੇ ਸੰਜਮ ਦੀ ਪ੍ਰਾਪਤੀ ਕਰ ਸਕਦਾ ਹੈ। ਪੂਰੇ ਦਿਨ ਦਾ ਭੁੱਖਾ ਕੁੱਤਾ ਰੋਟੀ ਦੇ ਇਕ ਟੁੱਕ ਨਾਲ ਸਬਰ ਕਰ ਕੇ ਇਨਸਾਨ ਲਈ ਇਕ ਮਿਸਾਲ ਬਣਦਾ ਹੈ।

ਸ਼ੌਕ ਨਾਲ ਘਰਾਂ 'ਚ ਰੱਖੇ ਕੁੱਤੇ ਇਨਸਾਨ ਲਈ ਮਾਰਗ ਦਰਸ਼ਕ ਬਣ ਸਕਦੇ ਹਨ। ਜਿਸ ਦਰ ਤੋਂ ਰੋਟੀ ਮਿਲ ਜਾਵੇ ਕੁੱਤਾ ਦੂਜੇ ਦਿਨ ਉਸ ਦਰ 'ਤੇ ਆਸ ਨਾਲ ਜ਼ਰੂਰ ਆਉਂਦਾ ਹੈ ਪਰ ਉਹ ਆਪਣਾ ਸੰਜਮ ਨਹੀਂ ਟੁੱਟਣ ਦਿੰਦਾ। ਸੰਜਮ ਦੀ ਇਸ ਬੇਮਿਸਾਲ ਵਿਸ਼ੇਸ਼ਤਾ ਨੇ ਕੁੱਤੇ ਨੂੰ ਇਨਸਾਨ ਦਾ ਵਫ਼ਾਦਾਰ ਸਾਥੀ ਬਣਾ ਦਿੱਤਾ ਹੈ। ਜੇਕਰ ਇਹ ਸੰਜਮ ਮਨੁੱਖੀ ਵਿਵਹਾਰ ਦਾ ਹਿੱਸਾ ਬਣ ਜਾਵੇ ਤਾਂ ਇਹ ਦੁਨੀਆ ਸਵਰਗ ਬਣ ਸਕਦੀ ਹੈ। ਇਸ ਵਿਚ ਕੋਈ ਸ਼ੱਕ ਨਹੀਂ ਕਿ ਹਰ ਜਿਉਂਦਾ ਮਨੁੱਖ ਆਪਣੇ ਆਪ ਨੂੰ ਕਾਮਯਾਬੀ ਦੇ ਸਿਖਰਲੇ ਪਾਏਦਾਨ 'ਤੇ ਲਿਜਾਣ ਦੀ ਹਰ ਸੰਭਵ ਕੋਸ਼ਿਸ਼ ਕਰਦਾ ਹੈ ਪਰ ਹੱਦੋਂ ਵੱਧ ਲਾਲਸਾ ਅਤੇ ਲੋਭ ਨੇ ਇਸ ਕੋਸ਼ਿਸ਼ ਦੇ ਅਰਥ ਹੀ ਬਦਲ ਦਿੱਤੇ ਹਨ। ਵਕਤ ਦੇ ਹਿਸਾਬ ਨਾਲ ਇਨਸਾਨ ਨੂੰ ਜੋ ਕੁੱਝ ਮਿਲਿਆ ਹੈ ਉਸ ਵਿੱਚੋਂ ਹੀ ਖ਼ੁਸ਼ੀ ਅਤੇ ਸੰਤੁਸ਼ਟੀ ਨੂੰ ਤਲਾਸ਼ਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਔਖੇ ਸਮੇਂ 'ਚ ਚੰਗੇ ਦੀ ਆਸ ਰੱਖ ਕੇ ਅੱਗੇ ਵੱਧਣਾ ਚਾਹੀਦਾ ਹੈ ਪਰ ਸੰਜਮ ਨੂੰ ਬਰਕਰਾਰ ਰੱਖਣਾ ਬਹੁਤ ਜ਼ਰੂਰੀ ਹੈ।

ਸੰਜਮ ਨਾਲ ਬਤੀਤ ਕੀਤਾ ਸਮਾਂ ਇਨਸਾਨ ਨੂੰ ਦਿਮਾਗ਼ੀ ਅਤੇ ਸਰੀਰਕ ਤੌਰ 'ਤੇ ਚੈਨ ਦਿੰਦਾ ਹੈ। ਅੱਜ ਹਸਪਤਾਲਾਂ 'ਚ ਡਾਕਟਰਾਂ ਕੋਲ਼ ਮਰੀਜ਼ਾਂ ਦੀਆਂ ਲੱਗੀਆਂ ਲੰਬੀਆਂ ਲਾਈਨਾਂ 'ਚ ਜ਼ਿਆਦਾ ਗਿਣਤੀ ਮਾਨਸਿਕ ਤੌਰ 'ਤੇ ਬਿਮਾਰ ਲੋਕਾਂ ਦੀ ਹੈ। ਸਭ ਕੁਝ ਹੁੰਦੇ ਹੋਏ ਵੀ ਹੋਰ ਜ਼ਿਆਦਾ ਹੋਣ ਦੀ ਇੱਛਾ ਇਨਸਾਨ ਦੇ ਦਿਮਾਗ਼ ਨ

ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਸਬੰਧੀ ਸਾਰੇ ਪੋਲਿੰਗ ਬੂਥਾਂ 'ਤੇ ਲੱਗਣਗੇ ਵਿਸ਼ੇਸ਼ ਕੈਂਪ: ਪੂਨਮਦੀਪ ਕੌਰ

➢ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬੀ.ਐੱਲ.ਓਜ਼ ਵੱਲੋਂ ਵੋਟ ਦੀ ਜਾਂਚ, ਨਵੀਂ ਵੋਟ ਬਣਾਉਣ ਅਤੇ ਵੇਰਵਿਆਂ ਵਿੱਚ ਸੋਧ ਲਈ ਕੀਤੀ ਜਾਵੇਗੀ ਸਹਾਇਤਾ

➢ 12 ਨਵੰਬਰ ਤੋਂ 11 ਦਸੰਬਰ ਤੱਕ ਪ੍ਰਾਪਤ ਕੀਤੇ ਜਾਣਗੇ ਦਾਅਵੇ ਤੇ ਇਤਰਾਜ਼; ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 4 ਜਨਵਰੀ 2027 ਨੂੰ ਹੋਵੇਗੀ

ਸੰਗਰੂਰ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸੰਗਰੂਰ ਪੂਨਮਦੀਪ ਕੌਰ ਨੇ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਯੋਗਤਾ ਮਿਤੀ 1 ਜਨਵਰੀ 2027 ਦੇ ਆਧਾਰ 'ਤੇ ਫੋਟੋ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਦਾ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਅਤੇ ਵੋਟਰ ਸੂਚੀ ਵਿੱਚ ਦਰਜ ਵੇਰਵਿਆਂ ਦੀ ਜਾਂਚ ਜ਼ਰੂਰ ਕਰਨ ਅਤੇ ਲੋੜ ਅਨੁਸਾਰ ਨਿਰਧਾਰਿਤ ਫਾਰਮ ਭਰ ਕੇ ਇਸ ਪ੍ਰਕਿਰਿਆ ਦਾ ਲਾਭ ਲੈਣ।

ਪੂਨਮਦੀਪ ਕੌਰ ਨੇ ਦੱਸਿਆ ਕਿ 26 ਅਕਤੂਬਰ 2026 ਨੂੰ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਦੌਰਾਨ ਬੂਥ ਲੈਵਲ ਅਫ਼ਸਰਾਂ (ਬੀ.ਐੱਲ.ਓਜ਼) ਵੱਲੋਂ ਨਾਗਰਿਕਾਂ ਨੂੰ ਵੋਟਰ ਸੂਚੀ ਵਿੱਚ ਆਪਣੇ ਨਾਮ ਦੀ ਜਾਂਚ ਕਰਨ ਅਤੇ ਯੋਗ ਨਾਗਰਿਕਾਂ ਨੂੰ ਨਵੀਂ ਵੋਟ ਬਣਵਾਉਣ ਲਈ ਲੋੜੀਂਦੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਨਵੀਂ ਵੋਟ ਬਣਵਾਉਣ ਲਈ ਫਾਰਮ ਨੰਬਰ 6, ਵੋਟਰ ਸੂਚੀ ਵਿੱਚ ਦਰਜ ਵੇਰਵਿਆਂ ਦੀ ਸੋਧ ਲਈ ਫਾਰਮ ਨੰਬਰ 8 ਅਤੇ ਨਾਮ ਕੱਟਣ ਸਬੰਧੀ ਇਤਰਾਜ਼ ਲਈ ਫਾਰਮ ਨੰਬਰ 7 ਦੀ ਵਰਤੋਂ ਕੀਤੀ ਜਾ ਸਕਦੀ ਹੈ।

ਉਨ੍ਹਾਂ ਖ਼ਾਸ ਤੌਰ 'ਤੇ ਨੌਜਵਾਨਾਂ ਅਤੇ ਪਹਿਲੀ ਵਾਰ ਵੋਟ ਬਣਵਾਉਣ ਵਾਲੇ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਵਿੱਚ ਪਹੁੰਚ ਕੇ ਵੋਟਰ ਵਜੋਂ ਰਜਿਸਟ੍ਰੇਸ਼ਨ ਕਰਵਾਉਣ ਅਤੇ ਲੋਕਤੰਤਰ ਦੀ ਮਜ਼ਬੂਤੀ ਵਿੱਚ ਆਪਣਾ ਯੋਗਦਾਨ ਪਾਉਣ।

ਜ਼ਿਲ੍ਹਾ ਚੋਣ ਅਫ਼ਸਰ ਨੇ ਵਿਸ਼ੇਸ਼ ਸਰਸਰੀ ਸੁਧਾਈ ਦੀ ਸਮਾਂ-ਸਾਰਣੀ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਦਾ ਕੰਮ 2 ਨਵੰਬਰ 2026 ਤੱਕ ਮੁਕੰਮਲ ਕੀਤਾ ਜਾਣਾ ਹੈ। ਇਸ ਉਪਰੰਤ 12 ਨਵੰਬਰ 2026 ਨੂੰ ਫੋਟੋ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੇ ਖਰੜੇ ਸਬੰਧੀ ਦਾਅਵੇ ਅਤੇ ਇਤਰਾਜ਼ 12 ਨਵੰਬਰ ਤੋਂ 11 ਦਸੰਬਰ 2026 ਤੱਕ ਜ਼ਿਲ੍ਹੇ ਦੇ ਪੰਜ ਵਿਧਾਨ ਸਭਾ ਚੋਣ ਹਲਕਿਆਂ ਦੇ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਪ੍ਰਾਪਤ ਕੀਤੇ ਜਾਣਗੇ। ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਦਸੰਬਰ 2026 ਤੱਕ ਕੀਤਾ ਜਾਵੇਗਾ ਅਤੇ ਫੋਟੋ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 4 ਜਨਵਰੀ 2027 ਨੂੰ ਹੋਵੇਗੀ।

ਪੂਨਮਦੀਪ ਕੌਰ ਨੇ ਦੱਸਿਆ ਕਿ ਵੋਟਾਂ ਸਬੰਧੀ ਜਾਣਕਾਰੀ ਅਤੇ ਸਹਾਇਤਾ ਲਈ ਜ਼ਿਲ੍ਹਾ ਚੋਣ ਦਫ਼ਤਰ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿੱਚ 1950 ਟੋਲ ਫ੍ਰੀ ਨੰਬਰ ਨਾਲ ਸਬੰਧਤ ਹੈਲਪ ਡੈਸਕ ਸਥਾਪਿਤ ਕੀਤੇ ਗਏ ਹਨ। ਨਾਗਰਿਕ ਇਨ੍ਹਾਂ ਰਾਹੀਂ ਵੋਟਰ ਰਜਿਸਟ੍ਰੇਸ਼ਨ ਅਤੇ ਵੋਟਰ ਸੂਚੀਆਂ ਦੀ ਸੁਧਾਈ ਸਬੰਧੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਇਸ ਵਿਸ਼ੇਸ਼ ਸਰਸਰੀ ਸੁਧਾਈ ਦਾ ਉਦੇਸ਼ ਵੋਟਰ ਸੂਚੀਆਂ ਨੂੰ ਹੋਰ ਸਹੀ ਅਤੇ ਅੱਪਡੇਟ ਕਰਨਾ ਹੈ, ਤਾਂ ਜੋ ਸਾਰੇ ਯੋਗ ਨਾਗਰਿਕਾਂ ਦੇ ਨਾਮ ਵੋਟਰ ਸੂਚੀਆਂ ਵਿੱਚ ਦਰਜ ਹੋ ਸਕਣ ਅਤੇ ਕੋਈ ਵੀ ਯੋਗ ਨਾਗਰਿਕ ਆਪਣੇ ਵੋਟ ਦੇ ਅਧਿਕਾਰ ਤੋਂ ਵਾਂਝਾ ਨਾ ਰਹੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਿਤ ਸਮਾਂ-ਸਾਰਣੀ ਅਨੁਸਾਰ ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਅਤੇ ਚੋਣ ਅਮਲੇ ਨਾਲ ਸਹਿਯੋਗ ਕਰਨ।

ਨਵ ਦੁਰਗਾ ਪੂਜਨ ਸੰਮਤੀ ਵੱਲੋਂ 21ਵੇਂ ਅਸ਼ਟਮੀ ਕੰਨਿਆ ਪੂਜਨ ਸਮਾਗਮ ਦੀ ਸਮਾਪਤੀ ਮੌਕੇ ਮੂਰਤੀ ਵਿਸਰਜਨ

ਰੂਪਨਗਰ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਨਵ ਦੁਰਗਾ ਪੂਜਨ ਸੰਮਤੀ, ਗਿਆਨੀ ਜ਼ੈਲ ਸਿੰਘ ਨਗਰ, ਰੂਪਨਗਰ ਵੱਲੋਂ 21ਵੇਂ ਅਸ਼ਟਮੀ ਕੰਨਿਆ ਪੂਜਨ ਸਮਾਗਮ ਦੇ ਆਖਰੀ ਦਿਨ ਮੂਰਤੀ ਵਿਸਰਜਨ ਮੌਕੇ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਰਤੀ ਜਨਤਾ ਪਾਰਟੀ ਰੋਪੜ ਸਰਕਲ ਦੇ ਪ੍ਰਧਾਨ ਜਗਦੀਸ਼ ਚੰਦਰ ਕਾਜਲਾ ਅਤੇ ਐਡਵੋਕੇਟ ਅਭਿਮਨਿਊ ਸਿੰਘ ਰਾਣਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਮਹਾਂਮਾਈ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਸੰਮਤੀ ਦੇ ਪ੍ਰਬੰਧਕ ਅਨਿਲ ਕੁਮਾਰ ਸਿੰਘ ਵੱਲੋਂ ਐਡਵੋਕੇਟ ਅਭਿਮਨਿਊ ਸਿੰਘ ਰਾਣਾ ਅਤੇ ਸਰਕਲ ਪ੍ਰਧਾਨ ਜਗਦੀਸ਼ ਚੰਦਰ ਕਾਜਲਾ ਨੂੰ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੇ ਦੋਵਾਂ ਸ਼ਖ਼ਸੀਅਤਾਂ ਦੀ ਸਮਾਜ ਪ੍ਰਤੀ ਵਚਨਬੱਧਤਾ ਅਤੇ ਲੋਕ ਸੇਵਾ ਦੇ ਕਾਰਜਾਂ ਦੀ ਸ਼ਲਾਘਾ ਕੀਤੀ। ਅਨਿਲ ਕੁਮਾਰ ਸਿੰਘ ਨੇ ਐਡਵੋਕੇਟ ਅਭਿਮਨਿਊ ਸਿੰਘ ਰਾਣਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ। ਇਸ ਦੇ ਨਾਲ ਹੀ ਵਕਾਲਤ ਦੇ ਪੇਸ਼ੇ ਨਾਲ ਜੁੜੇ ਹੋਣ ਦੇ ਬਾਵਜੂਦ ਉਹ ਸਮਾਜਿਕ ਗਤੀਵਿਧੀਆਂ ਵਿੱਚ ਵੀ ਸਰਗਰਮੀ ਨਾਲ ਹਿੱਸਾ ਲੈਂਦੇ ਹਨ ਅਤੇ ਲੋਕਾਂ ਦੀ ਭਲਾਈ ਲਈ ਆਪਣੀ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਨੌਜਵਾਨਾਂ ਦਾ ਸਮਾਜ ਨਾਲ ਜੁੜ ਕੇ ਕੰਮ ਕਰਨਾ ਹੋਰਨਾਂ ਲਈ ਵੀ ਪ੍ਰੇਰਣਾ ਦਾ ਸਰੋਤ ਹੈ।

ਉਨ੍ਹਾਂ ਨੇ ਭਾਜਪਾ ਰੋਪੜ ਸਰਕਲ ਦੇ ਪ੍ਰਧਾਨ ਸ੍ਰੀ ਜਗਦੀਸ਼ ਚੰਦਰ ਕਾਜਲਾ ਦੀ ਵੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਸੰਗਠਨਾਤਮਕ ਜ਼ਿੰਮੇਵਾਰੀਆਂ ਦੇ ਨਾਲ ਨਾਲ ਧਾਰਮਿਕ ਅਤੇ ਸਮਾਜਿਕ ਸਮਾਗਮਾਂ ਵਿੱਚ ਵੀ ਸਰਗਰਮ ਭੂਮਿਕਾ ਨਿਭਾ ਰਹੇ ਹਨ। ਧਾਰਮਿਕ ਸੰਸਥਾਵਾਂ ਅਤੇ ਸਮਾਜਿਕ ਕਾਰਜਾਂ ਨਾਲ ਜੁੜੇ ਰਹਿਣਾ ਸਮਾਜ ਵਿੱਚ ਆਪਸੀ ਸਾਂਝ ਅਤੇ ਭਾਈਚਾਰਕ ਏਕਤਾ ਨੂੰ ਮਜ਼ਬੂਤ ਕਰਦਾ ਹੈ।

ਇਸ ਮੌਕੇ ਸ੍ਰੀ ਜਗਦੀਸ਼ ਚੰਦਰ ਕਾਜਲਾ ਨੇ ਸੰਮਤੀ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਤਾ ਰਾਣੀ ਦੀ ਕਿਰਪਾ ਸਾਰਿਆਂ 'ਤੇ ਬਣੀ ਰਹੇ। ਉਨ੍ਹਾਂ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਡੀ ਸੰਸਕ੍ਰਿਤੀ, ਪਰੰਪਰਾਵਾਂ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਨੇ ਸਮਾਗਮ ਦੇ ਸਫਲ ਆਯੋਜਨ ਲਈ ਸੰਮਤੀ ਦੇ ਸਮੂਹ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਸਮਾਜ ਵਿੱਚ ਸੇਵਾ, ਸਦਭਾਵਨਾ ਅਤੇ ਧਾਰਮਿਕ ਸਾਂਝ ਦੀ ਭਾਵਨਾ ਨੂੰ ਅੱਗੇ ਵਧਾਉਣ ਦੀ ਅਪੀਲ ਕੀਤੀ। ਸਮਾਗਮ ਦੌਰਾਨ ਸ੍ਰੀ ਅਨਿਲ ਕੁਮਾਰ ਸਿੰਘ, ਸ੍ਰੀ ਦਿਨੇਸ਼ ਕੁਮਾਰ, ਧਰਮਿੰਦਰ ਸਹੋਤਾ ਐਸ ਸੀ ਸੈੱਲ ਭਾਜਪਾ ਪ੍ਰਧਾਨ, ਸ੍ਰੀ ਸ਼ੰਭੂ ਯਾਦਵ, ਸ੍ਰੀ ਨਰੇਸ਼ ਕੁਮਾਰ, ਸ੍ਰੀ ਕਮਲੇਸ਼ ਕੁਮਾਰ, ਸ੍ਰੀ ਦੀਪਕ ਕੁਮਾਰ, ਸ੍ਰੀ ਨਿਰੰਜਨ, ਸ੍ਰੀ ਰਾਜੇਸ਼ ਕੁਮਾਰ, ਬੱਬਲੂ ਅਤੇ ਸ੍ਰੀ ਅਨਿਲ ਦਾਸ ਸਮੇਤ ਹੋਰ ਪਤਵੰਤੇ ਸੱਜਣ ਮੌਜੂਦ ਸਨ।

ਪੁਲਿਸ ਯਾਦਗਾਰੀ ਦਿਵਸ ਪੀ.ਏ.ਪੀ. ਹੈੱਡਕੁਆਰਟਰ ਵਿਖੇ ਮਨਾਇਆ ਗਿਆ; ਡੀਜੀਪੀ ਗੌਰਵ ਯਾਦਵ ਵੱਲੋਂ ਪੁਲਿਸ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ

ਪੰਜਾਬ ਪੁਲਿਸ ਦੇਸ਼ ਦੀ ਅਖੰਡਤਾ ਦੀ ਰਾਖੀ ਲਈ ਵਚਨਬੱਧ; 1,804 ਪੁਲਿਸ ਕਰਮਚਾਰੀਆਂ ਦੀ ਕੁਰਬਾਨੀ ਸਦਾ ਪ੍ਰੇਰਨਾ ਦਿੰਦੀ ਰਹੇਗੀ: ਡੀਜੀਪੀ ਗੌਰਵ ਯਾਦਵ

ਚੰਡੀਗੜ੍ਹ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਅੱਤਵਾਦੀਆਂ ਅਤੇ ਅਪਰਾਧੀਆਂ ਨਾਲ ਲੜਦਿਆਂ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਪੁਲਿਸ ਕਰਮਚਾਰੀਆਂ ਨੂੰ ਸਤਿਕਾਰ ਭੇਂਟ ਕਰਨ ਲਈ ਅੱਜ ਪੰਜਾਬ ਆਰਮਡ ਪੁਲਿਸ (ਪੀ.ਏ.ਪੀ.) ਹੈੱਡਕੁਆਰਟਰ, ਜਲੰਧਰ ਵਿਖੇ 67ਵਾਂ ਸੂਬਾ ਪੱਧਰੀ ਪੁਲਿਸ ਯਾਦਗਾਰੀ ਦਿਵਸ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ।

ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ਰਧਾਂਜਲੀ ਸਮਾਗਮ ਦੀ ਅਗਵਾਈ ਕੀਤੀ ਅਤੇ ਪੁਲਿਸ ਸ਼ਹੀਦ ਸਮਾਰਕ 'ਤੇ ਫੁੱਲਮਾਲਾਵਾਂ ਭੇਂਟ ਕੀਤੀਆਂ। ਇਸ ਮੌਕੇ ਉਨ੍ਹਾਂ ਨਾਲ ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਪ੍ਰਵੀਨ ਕੁਮਾਰ ਸਿਨਹਾ ਅਤੇ ਏਡੀਜੀਪੀ ਪੀਏਪੀ ਐੱਮ.ਐੱਫ. ਫਾਰੂਕੀ ਵੀ ਮੌਜੂਦ ਸਨ।

ਪੰਜਾਬ ਪੁਲਿਸ, ਜਿਸ ਨੇ ਜੰਗ, ਸ਼ਾਂਤੀ ਅਤੇ ਸੰਘਰਸ਼ਾਂ ਦੌਰਾਨ ਬੇਮਿਸਾਲ ਬਹਾਦਰੀ ਨਾਲ ਦੇਸ਼ ਦੀ ਸੇਵਾ ਕੀਤੀ ਹੈ, ਨੂੰ ਬੇਮਿਸਾਲ ਅਤੇ ਮਹਾਨ ਬਲ ਦੱਸਦਿਆਂ ਡੀਜੀਪੀ ਨੇ ਕਿਹਾ ਕਿ ਸਤੰਬਰ 1981 ਤੋਂ ਲੈ ਕੇ ਹੁਣ ਤੱਕ ਪੰਜਾਬ ਪੁਲਿਸ ਦੇ 1,804 ਬਹਾਦਰ ਜਵਾਨਾਂ ਨੇ ਡਿਊਟੀ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਹਨ, ਇਨ੍ਹਾਂ ਵਿੱਚ ਇਸ ਸਾਲ ਸ਼ਹੀਦ ਹੋਏ ਦੋ ਬਹਾਦਰ ਵੀ ਸ਼ਾਮਲ ਹਨ।

ਇਕੱਠ ਨੂੰ ਸੰਬੋਧਨ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ, ਇਨ੍ਹਾਂ ਬਹਾਦਰ ਸ਼ਹੀਦਾਂ ਦੀ ਬਦੌਲਤ ਹੀ ਅੱਜ ਅਸੀਂ ਸ਼ਾਂਤੀਪੂਰਨ ਮਾਹੌਲ ਵਿੱਚ ਸਾਹ ਲੈ ਰਹੇ ਹਾਂ। ਪੰਜਾਬ ਪੁਲਿਸ ਕੋਲ ਬਹਾਦਰੀ, ਨਿਰਸਵਾਰਥ ਸੇਵਾ ਅਤੇ ਅੱਤਵਾਦ ਨੂੰ ਜੜ੍ਹੋਂ ਖਤਮ ਕਰਨ ਦੇ ਦ੍ਰਿੜ ਸੰਕਲਪ ਦੀ ਇੱਕ ਸ਼ਾਨਦਾਰ ਵਿਰਾਸਤ ਹੈ। ਇਹ ਬਲ ਸਾਡੀਆਂ ਸਰਹੱਦਾਂ ਦੀ ਰਾਖੀ ਕਰਨ ਅਤੇ ਇਸ ਸਰਹੱਦੀ ਸੂਬੇ ਵਿੱਚ ਫਿਰਕੂ ਸਦਭਾਵਨਾ ਬਣਾਈ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਪੀਏਪੀ ਕੰਪਲੈਕਸ 'ਚ ਸਥਿਤ ਸ਼ਹੀਦ ਸਮਾਰਕ ਵਿਖੇ ਇੱਕ ਰਸਮੀ ਪਰੇਡ ਕਰਵਾਈ ਗਈ, ਜਿੱਥੇ ਕਮਾਂਡੈਂਟ ਵੱਲੋਂ ਪਿਛਲੇ ਸਾਲ ਦੌਰਾਨ ਸ਼ਹੀਦ ਹੋਏ ਸਾਰੇ ਜਵਾਨਾਂ ਦੇ ਨਾਮ ਪੜ੍ਹੇ ਗਏ। ਸਮਾਗਮ ਦੀ ਸਮਾਪਤੀ ਦੋ ਮਿੰਟ ਦਾ ਮੌਨ ਰੱਖ ਕੇ ਅਤੇ ਸ਼ਹੀਦਾਂ ਦੇ ਸਨਮਾਨ ਵਿੱਚ ਉੱਚ ਅਧਿਕਾਰੀਆਂ ਵੱਲੋਂ ਫੁੱਲ-ਮਾਲਾਵਾਂ ਭੇਟ ਕਰਕੇ ਕੀਤੀ ਗਈ।

ਸਮਾਗਮ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲਿਸ ਨੇ ਨਸ਼ਿਆਂ ਵਿਰੁੱਧ ਫੈਸਲਾਕੁੰਨ ਕਾਰਵਾਈ ਕੀਤੀ ਹੈ। ਉਨ੍ਹਾਂ ਦੱਸਿਆ ਕਿ 16 ਮਾਰਚ, 2022 ਤੋਂ ਲੈ ਕੇ ਹੁਣ ਤੱਕ ਐੱਨ.ਡੀ.ਪੀ.ਐੱਸ. ਐਕਟ ਤਹਿਤ 95,000 ਤੋਂ ਵੱਧ ਕੇਸ ਦਰਜ ਕੀਤੇ ਗਏ ਹਨ, ਜਿਸ ਦੇ ਨਤੀਜੇ ਵਜੋਂ 1,27,000 ਤੋਂ ਵੱਧ ਗ੍ਰਿਫ਼ਤਾਰੀਆਂ ਹੋਈਆਂ ਹਨ ਅਤੇ 7,260 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਗਈ ਹੈ।

ਨਾਰਕੋ ਤਸਕਰੀ ਬਾਰੇ ਡੀਜੀਪੀ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਨਸ਼ਾ ਤਸਕਰਾਂ ਦੀਆਂ 902 ਕਰੋੜ ਰੁਪਏ ਦੀਆਂ ਜਾਇਦਾਦ ਫ਼ਰੀਜ਼ ਕੀਤੀਆਂ ਹਨ। ਇਸ ਦੇ ਨਾਲ ਹੀ ਅਦਾਲਤਾਂ ਵਿੱਚ ਦੋਸ਼ ਸਿੱਧ ਕਰਨ ਦੀ ਦਰ 90 ਫ਼ੀਸਦ ਰਹੀ ਹੈ।

ਇਸ ਤੋਂ ਇਲਾਵਾ, ਅਪ੍ਰੈਲ 2022 ਵਿੱਚ ਸ਼ੁਰੂ ਕੀਤੇ ਗਏ ਲਗਾਤਾਰ ਗੈਂਗਸਟਰ-ਵਿਰੋਧੀ ਅਭਿਆਨਾਂ ਰਾਹੀਂ 1,288 ਸੰਗਠਿਤ ਅਪਰਾਧਿਕ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਗਿਆ ਹੈ ਅਤੇ 3,300 ਤੋਂ ਵੱਧ ਗੈਂਗ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਵੀਆਂ ਰਣਨੀਤਕ ਰੂਪ-ਰੇਖਾਵਾਂ ਬਾਰੇ ਦੱਸਦਿਆਂ ਡੀਜੀਪੀ ਨੇ ਦੱਸਿਆ ਕਿ ਇਹ ਮੁਹਿੰਮ ਹੁਣ ਤੀਬਰ 60 ਦਿਨਾਂ ਮਿਸ਼ਨ ਮੋਡ ਵਿੱਚ ਤਬਦੀਲ ਹੋ ਚੁੱਕੀ ਹੈ, ਜਿਸ ਵਿੱਚ ਸਾਰੇ ਨਿਸ਼ਾਨਬੱਧ ਨਸ਼ਾ ਪ੍ਰਭਾਵਿਤ ਖੇਤਰਾਂ 'ਤੇ ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਸਿਵਲ ਪ੍ਰਸ਼ਾਸਨ ਦੇ ਗਜ਼ਟਿਡ ਅਧਿਕਾਰੀਆਂ ਵੱਲੋਂ ਸਾਂਝੇ ਤੌਰ 'ਤੇ 24 ਘੰਟੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਬਹੁ-ਪੱਖੀ ਪਹੁੰਚ ਦਾ ਮੁੱਖ ਉਦੇਸ਼ ਭਾਈਚਾਰਕ ਸ਼ਮੂਲੀਅਤ ਅਤੇ ਨੌਜਵਾਨਾਂ ਲਈ ਖੇਡ ਦੇ ਮੈਦਾਨਾਂ ਜ਼ਰੀਏ ਇਨ੍ਹਾਂ ਸੰਵੇਦਨਸ਼ੀਲ ਖੇਤਰਾਂ ਨੂੰ ਸੁਰੱਖਿਅਤ ਕਰਨਾ ਹੈ।

ਸਰਕਾਰ ਦੀ ਸਮੁੱਚੀ ਪਹੁੰਚ ਅਤੇ ਭਵਿੱਖੀ ਰਣਨੀਤੀਆਂ ਬਾਰੇ ਡੀਜੀਪੀ ਨੇ ਦੱਸਿਆ ਕਿ ਇਸ ਵਿੱਚ ਵਿੱਤੀ ਨੈੱਟਵਰਕਾਂ ਨੂੰ ਤੋੜਨਾ, ਨਸ਼ਾ ਪ੍ਰਭਾਵਿਤ ਖੇਤਰਾਂ ਨੂੰ ਨਿਸ਼ਾਨਾ ਬਣਾਉਣਾ, 1600 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਨਾਲ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣਾ ਅਤੇ ਸੂਬੇ ਭਰ ਵਿੱਚ ਅਪਰਾਧਿਕ ਗਰੋਹਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਬਾਉਣ ਲਈ ਸਾਈਬਰ ਸੁਰੱਖਿਆ ਸਮਰੱਥਾਵਾਂ ਨੂੰ ਮਜ਼ਬੂਤ ਕਰਨਾ ਸ਼ਾਮਲ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਪੁਲਿਸ ਨੇ ਹੋਰਨਾਂ ਸੂਬਿਆਂ ਤੋਂ ਸਪਲਾਈ ਕੀਤੀਆਂ ਜਾ ਰਹੀਆਂ ਨਸ਼

ਤਿਉਹਾਰੀ ਸੀਜ਼ਨ ਵਿੱਚ ਖੁਰਾਕ ਸੁਰੱਖਿਆ ਨਿਗਰਾਨੀ ਮੁਹਿੰਮ ਤੇਜ਼ ਕਰੋ : ਆਰਤੀ ਸਿੰਘ ਰਾਓ

➢ ਹਰ ਜ਼ਿਲ੍ਹੇ ਵਿੱਚ 100-150 ਸਰਵੇਲੈਂਸ ਸੈਂਪਲ ਲੈਣ ਦੇ ਨਿਰਦੇਸ਼ ➢ ਜ਼ਿਲ੍ਹਾ ਪੱਧਰੀ ਵਿਸ਼ੇਸ਼ ਖੁਰਾਕ ਨਿਗਰਾਨੀ ਟੀਮਾਂ ਦਾ ਗਠਨ ਕਰੋ ➢ ਰਾਜ ਸਰਕਾਰ ਹਰ ਨਾਗਰਿਕ ਨੂੰ ਸੁਰੱਖਿਅਤ ਖਾਣ-ਪੀਣ ਦੀਆਂ ਵਸਤੂਆਂ ਉਪਲਬਧ ਕਰਵਾਉਣ ਲਈ ਵਚਨਬੱਧ

ਚੰਡੀਗੜ੍ਹ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਤਿਉਹਾਰੀ ਸੀਜ਼ਨ ਨੂੰ ਦੇਖਦੇ ਹੋਏ ਰਾਜ ਵਿੱਚ ਖੁਰਾਕ ਸੁਰੱਖਿਆ ਨਿਗਰਾਨੀ ਮੁਹਿੰਮ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਨੇ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ (ਖੁਰਾਕ ਅਤੇ ਔਸ਼ਧੀ ਪ੍ਰਸ਼ਾਸਨ) ਨੂੰ ਹਰ ਜ਼ਿਲ੍ਹੇ ਵਿੱਚ ਖਾਣ-ਪੀਣ ਦੀਆਂ ਵਸਤੂਆਂ ਦੇ 100-150 ਸਰਵੇਲੈਂਸ ਸੈਂਪਲ (ਨਮੂਨੇ) ਲੈਣ ਦੇ ਨਿਰਦੇਸ਼ ਦਿੱਤੇ ਹਨ।

ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਦੇ ਕਮਿਸ਼ਨਰ ਡਾ. ਮਨੋਜ ਕੁਮਾਰ ਨੇ ਦੱਸਿਆ ਕਿ ਸਿਹਤ ਮੰਤਰੀ ਨੇ ਰਾਜ ਭਰ ਵਿੱਚ ਖੁਰਾਕ ਸੁਰੱਖਿਆ ਨਿਗਰਾਨੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਦੇ ਜੋ ਨਿਰਦੇਸ਼ ਦਿੱਤੇ ਹਨ, ਉਨ੍ਹਾਂ ਦਾ ਮੁੱਖ ਮਨੋਰਥ ਆਮ ਜਨਤਾ ਨੂੰ ਸੁਰੱਖਿਅਤ, ਸ਼ੁੱਧ, ਮਿਆਰੀ ਅਤੇ ਮਿਲਾਵਟ ਰਹਿਤ ਖਾਣ-ਪੀਣ ਵਾਲੀਆਂ ਵਸਤੂਆਂ ਉਪਲਬਧ ਕਰਵਾਉਣਾ ਹੈ। ਵਿਸ਼ੇਸ਼ ਤੌਰ 'ਤੇ ਦਿਵਾਲੀ ਅਤੇ ਛੱਠ ਪੂਜਾ ਦੇ ਤਿਉਹਾਰੀ ਸੀਜ਼ਨ ਦੌਰਾਨ ਮਿਠਾਈਆਂ, ਦੁੱਧ ਅਤੇ ਦੁੱਧ ਦੇ ਉਤਪਾਦਾਂ ਦੀ ਵਧਦੀ ਖਪਤ ਨੂੰ ਧਿਆਨ ਵਿੱਚ ਰੱਖਦੇ ਹੋਏ ਖਾਣ-ਪੀਣ ਵਾਲੀਆਂ ਵਸਤੂਆਂ ਦੀ ਗੁਣਵੱਤਾ ਅਤੇ ਸੁਰੱਖਿਆ ਯਕੀਨੀ ਬਣਾਉਣ 'ਤੇ ਵਿਸ ਜ਼ੋਰ ਦਿੱਤਾ ਜਾ ਰਹਾ ਹੈ।

ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਤਹਿਤ ਹਰਿਆਣਾ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਪੱਤਰ ਲਿਖ ਕੇ ਕਿਹਾ ਗਿਆ ਹੈ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਦੀ ਦੇਖ-ਰੇਖ ਹੇਠ ਸਬੰਧਤ ਡੈਜ਼ਿਗਨੇਟਿਡ ਅਧਿਕਾਰੀ (ਫੂਡ ਸੇਫਟੀ) ਅਤੇ ਫੂਡ ਸੇਫਟੀ ਅਧਿਕਾਰੀਆਂ ਦੇ ਤਾਲਮੇਲ ਨਾਲ ਜ਼ਿਲ੍ਹਾ ਪੱਧਰੀ ਵਿਸ਼ੇਸ਼ ਫੂਡ ਸਰਵੇਲੈਂਸ ਟੀਮਾਂ ਦਾ ਗਠਨ ਕਰਨ। ਇਹ ਟੀਮਾਂ ਮੁੱਖ ਬਾਜ਼ਾਰਾਂ, ਮਿਠਾਈਆਂ ਦੀਆਂ ਦੁਕਾਨਾਂ, ਡੇਅਰੀਆਂ, ਦੁੱਧ ਵਿਕਰੇਤਾਵਾਂ ਅਤੇ ਹੋਰ ਫੂਡ ਬਿਜ਼ਨਸ ਅਦਾਰਿਆਂ ਵਿੱਚ ਨਿਰੀਖਣ ਅਤੇ ਸਰਵੇਲੈਂਸ ਸੈਂਪਲਿੰਗ ਕਰਨਗੀਆਂ, ਤਾਂ ਜੋ ਘਟੀਆ ਮਿਆਰ ਵਾਲੀਆਂ, ਮਿਲਾਵਟੀ ਅਤੇ ਅਸੁਰੱਖਿਅਤ ਖਾਣ-ਪੀਣ ਦੀਆਂ ਵਸਤੂਆਂ ਦੀ ਪਛਾਣ ਕੀਤੀ ਜਾ ਸਕੇ।

ਜ਼ਿਲ੍ਹਾ ਪੱਧਰੀ ਵਿਸ਼ੇਸ਼ ਨਿਗਰਾਨੀ ਟੀਮਾਂ ਨੂੰ ਨਿਯਮਤ ਰੂਪ ਵਿੱਚ ਫੂਡ ਸੇਫਟੀ ਅਧਿਕਾਰੀਆਂ ਵੱਲੋਂ ਲਏ ਜਾਣ ਵਾਲੇ ਸੈਂਪਲਾਂ ਤੋਂ ਇਲਾਵਾ ਪ੍ਰਤੀ ਜ਼ਿਲ੍ਹਾ 100 ਤੋਂ 150 ਸਰਵੇਲੈਂਸ ਖੁਰਾਕ ਸੈਂਪਲ ਲੈਣ ਦਾ ਟੀਚਾ ਦਿੱਤਾ ਗਿਆ ਹੈ। ਇਸ ਪਹਿਲਕਦਮੀ ਦਾ ਮਨੋਰਥ ਸੁਤੰਤਰ ਨਿਗਰਾਨੀ ਪ੍ਰਣਾਲੀ ਨੂੰ ਮਜ਼ਬੂਤ ਕਰਨਾ, ਵਧ ਤੋਂ ਵਧ ਬਾਜ਼ਾਰਾਂ ਨੂੰ ਮੁਹਿੰਮ ਦੇ ਘੇਰੇ ਵਿੱਚ ਲਿਆਉਣਾ ਅਤੇ ਰਾਜ ਭਰ ਵਿੱਚ ਖਾਣ-ਪੀਣ ਦੀਆਂ ਵਸਤੂਆਂ ਦੀ ਗੁਣਵੱਤਾ ਅਤੇ ਸੁਰੱਖਿਆ ਦੀ ਪ੍ਰਭਾਵਸ਼ਾਲੀ ਨਿਗਰਾਨੀ ਯਕੀਨੀ ਬਣਾਉਣਾ ਹੈ।

ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਮਿਠਾਈਆਂ, ਦੁੱਧ, ਪਨੀਰ, ਖੋਆ, ਘਿਓ ਅਤੇ ਹੋਰ ਆਮ ਵਰਤੋਂ ਵਾਲੀਆਂ ਖਾਣ-ਪੀਣ ਦੀਆਂ ਵਸਤੂਆਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।

ਡਾ. ਮਨੋਜ ਕੁਮਾਰ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਸਾਰੇ ਸਰਵੇਲੈਂਸ ਸੈਂਪਲ ਨਿਰਧਾਰਿਤ

ਪ੍ਰਕਿਰਿਆ ਅਨੁਸਾਰ ਲਏ ਜਾਣ, ਉਨ੍ਹਾਂ ਦਾ ਉਚਿਤ ਦਸਤਾਵੇਜ਼ੀਕਰਨ ਕੀਤਾ ਜਾਵੇ ਅਤੇ ਵਿਸ਼ਲੇਸ਼ਣ ਲਈ ਸਮੇਂ ਸਿਰ ਸਬੰਧਤ ਫੂਡ ਟੈਸਟਿੰਗ ਲੈਬਾਰਟਰੀਆਂ ਵਿੱਚ ਭੇਜਿਆ ਜਾਵੇ। ਲੈਬਾਰਟਰੀਆਂ ਤੋਂ ਪ੍ਰਾਪਤ ਵਿਸ਼ਲੇਸ਼ਣ ਰਿਪੋਰਟਾਂ ਦੀ ਨਿਯਮਤ ਨਿਗਰਾਨੀ ਕੀਤੀ ਜਾਵੇਗੀ ਅਤੇ ਨਿਰਧਾਰਿਤ ਮਾਪਦੰਡਾਂ ਅਨੁਸਾਰ ਨਾ ਪਾਏ ਜਾਣ ਵਾਲੇ ਸੈਂਪਲਾਂ ਦੇ ਮਾਮਲਿਆਂ ਵਿੱਚ ਨਿਯਮਾਂ ਅਨੁਸਾਰ ਤੁਰੰਤ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ।

ਉਨ੍ਹਾਂ ਦੱਸਿਆ ਕਿ ਫੂਡ ਸੇਫਟੀ ਪ੍ਰਣਾਲੀ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਦੇ ਉਦੇਸ਼ ਨਾਲ ਐੱਫ.ਡੀ.ਏ.(641) ਹੈੱਡਕੁਆਰਟਰ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਲੈਬਾਰਟਰੀਆਂ ਤੋਂ ਪ੍ਰਾਪਤ ਵਿਸ਼ਲੇਸ਼ਣ ਰਿਪੋਰਟਾਂ ਦੇ ਆਧਾਰ 'ਤੇ ਘਟੀਆ ਗੁਣਵੱਤਾ ਵਾਲੇ ਅਤੇ ਅਸੁਰੱਖਿਅਤ ਪਾਏ ਗਏ ਫੂਡ ਸੈਂਪਲਾਂ ਨਾਲ ਸਬੰਧਤ ਡਾਟਾ ਹਰ ਹਫ਼ਤੇ ਵਿਭਾਗ ਦੇ ਰਾਜ ਪੋਰਟਲ 'ਤੇ ਅੱਪਲੋਡ ਕੀਤਾ ਜਾਵੇ। ਇਸ ਵਿਵਸਥਾ ਨਾਲ ਸੈਂਪਲਾਂ ਦੀਆਂ ਵਿਸ਼ਲੇਸ਼ਣ ਰਿਪੋਰਟਾਂ, ਜ਼ਿਲ੍ਹਾ-ਵਾਰ ਪ੍ਰਗਤੀ ਅਤੇ ਕੀਤੀ ਗਈ ਰੈਗੂਲੇਟਰੀ ਤੇ ਇਨਫੋਰਸਮੈਂਟ ਕਾਰਵਾਈ ਦੀ ਵਿਵਸਥਿਤ ਨਿਗਰਾਨੀ ਯਕੀਨੀ ਹੋਵੇਗੀ। ਨਾਲ ਹੀ, ਆਮ ਜਨਤਾ ਵਿੱਚ ਖੁਰਾਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਵਿੱਚ ਵੀ ਮਦਦ ਮਿਲੇਗੀ।

ਡਾ. ਮਨੋਜ ਕੁਮਾਰ ਨੇ ਦੱਸਿਆ ਕਿ ਫੂਡ ਸੇਫਟੀ ਅਧਿਕਾਰੀਆਂ ਵੱਲੋਂ ਹਰਿਆਣਾ ਵਿੱਚ 1 ਅਪ੍ਰੈਲ 2026 ਤੋਂ 30 ਸਤੰਬਰ 2026 ਤੱਕ ਦੀ ਮਿਆਦ ਦੌਰਾਨ ਕੁੱਲ 1,239 ਇਨਫੋਰਸਮੈਂਟ (Enforcement) ਸੈਂਪਲ ਅਤੇ 1,189 ਸਰਵੇਲੈਂਸ (Surveillance) ਸੈਂਪਲ, ਅਰਥਾਤ ਕੁੱਲ 2,428 ਫੂਡ ਸੈਂਪਲ ਲਏ ਗਏ।

ਲੈਬਾਰਟਰੀ ਵਿਸ਼ਲੇਸ਼ਣ ਤੋਂ ਬਾਅਦ ਇਹਨਾਂ ਵਿੱਚੋਂ 232 ਇਨਫੋਰਸਮੈਂਟ ਸੈਂਪਲ ਅਤੇ 149 ਸਰਵੇਲੈਂਸ ਸੈਂਪਲ ਨਿਰਧਾਰਿਤ ਖੁਰਾਕ ਸੁਰੱਖਿਆ ਮਾਪਦੰਡਾਂ ਦੇ ਅਨੁਕੂਲ ਨਹੀਂ ਪਾਏ ਗਏ। ਇਹਨਾਂ ਮਾਮਲਿਆਂ ਵਿੱਚ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006 ਅਤੇ ਇਸਦੇ ਅਧੀਨ ਬਣਾਏ ਗਏ ਨਿਯਮਾਂ ਤੇ ਕਾਨੂੰਨਾਂ ਦੇ ਪ੍ਰਾਸੰਗਿਕ ਉਪਬੰਧਾਂ ਅਨੁਸਾਰ ਲੋੜੀਂਦੀ ਰੈਗੂਲੇਟਰੀ ਅਤੇ ਇਨਫੋਰਸਮੈਂਟ ਕਾਰਵਾਈ ਕੀਤੀ ਗਈ ਹੈ। ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਸਰਵੇਲੈਂਸ ਸੈਂਪਲਾਂ ਦੇ ਵਿਸ਼ਲੇਸ਼ਣ ਵਿੱਚ ਨਿਰਧਾਰਿਤ ਮਾਪਦੰਡਾਂ ਦੇ ਅਨੁਕੂਲ ਨਾ ਪਾਏ ਜਾਣ ਦੀ ਸਥਿਤੀ ਵਿੱਚ ਸਬੰਧਤ ਫੂਡ ਸੇਫਟੀ ਅਧਿਕਾਰੀ ਰਿਪੋਰਟ ਦੀ ਤੁਰੰਤ ਸਮੀਖਿਆ ਕਰਨਗੇ। ਜਿੱਥੇ ਲੋੜ ਹੋਵੇਗੀ, ਉੱਥੇ ਨਿਰਧਾਰਿਤ ਕਾਨੂੰਨੀ ਪ੍ਰਕਿਰਿਆ ਅਨੁਸਾਰ ਵੱਖਰੇ ਤੌਰ 'ਤੇ ਇਨਫੋਰਸਮੈਂਟ ਸੈਂਪਲ ਲੈ ਕੇ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006 ਦੇ ਉਪਬੰਧਾਂ ਤਹਿਤ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਇਸ ਪ੍ਰਕਿਰਿਆ ਦਾ ਮਨੋਰਥ ਖੁਰਾਕ ਸੁਰੱਖਿਆ ਸਬੰਧੀ ਉਲੰਘਣਾਵਾਂ 'ਤੇ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਕਾਰਵਾਈ ਯਕੀਨੀ ਬਣਾਉਣਾ ਹੈ।

ਉਨ੍ਹਾਂ ਕਿਹਾ ਕਿ ਵਿਭਾਗ ਇੱਕ ਮਜ਼ਬੂਤ ਫੂਡ ਸੇਫਟੀ ਨਿਗਰਾਨੀ ਪ੍ਰਣਾਲੀ, ਜ਼ਿਲ੍ਹਾ ਪ੍ਰਸ਼ਾਸਨ ਨਾਲ ਤਾਲਮੇਲ ਵਾਲੀ ਕਾਰਵਾਈ, ਲੈਬਾਰਟਰੀ ਰਿਪੋਰਟਾਂ ਦੀ ਨਿਯਮਤ ਸਮੀਖਿਆ ਅਤੇ ਫੂਡ ਸੇਫਟੀ ਕਾਨੂੰਨਾਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਰਾਹੀਂ ਜਨਤਕ ਸਿਹਤ ਦੀ ਰੱਖਿਆ ਲਈ ਵਚਨਬੱਧ ਹੈ। ਉਨ੍ਹਾਂ ਨੇ ਸਾਰੇ ਫੂਡ ਬਿਜ਼ਨਸ ਆਪਰੇਟਰਾਂ ਤੋਂ ਅਪੀਲ ਕੀਤੀ ਕਿ ਉਹ ਨਿਰਧਾਰਿਤ ਸਫ਼ਾਈ ਅਤੇ ਗੁਣਵੱਤਾ ਮਾਪਦੰਡਾਂ ਦੀ ਪਾਲਣਾ ਕਰਨ ਅਤੇ ਘਟੀਆ, ਮਿਲਾਵਟੀ ਜਾਂ ਅਸੁਰੱਖਿਅਤ ਖਾਣ-ਪੀਣ ਵਾਲੀਆਂ ਵਸਤੂਆਂ ਦਾ ਨਿਰਮਾਣ, ਭੰਡਾਰਨ, ਵੰਡ ਜਾਂ ਵਿਕਰੀ ਨਾ ਕਰਨ।

ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਆਮ ਜਨਤਾ ਤੋਂ ਵੀ ਅਪੀਲ ਕੀਤੀ ਕਿ ਉਹ ਖਾਣ-ਪੀਣ ਦੀਆਂ ਵਸਤੂਆਂ ਖਰੀਦਦੇ ਸਮੇਂ ਚੌਕਸ ਰਹਿਣ, ਭਰੋਸੇਯੋਗ ਸਰੋਤਾਂ ਤੋਂ ਹੀ ਖਾਣ-ਪੀਣ ਦੀ ਸਮੱਗਰੀ ਖਰੀਦਣ ਅਤੇ ਖੁਰਾਕ ਮਿਲਾਵਟ ਜਾਂ ਖੁਰਾਕ ਸੁਰੱਖਿਆ ਸਬੰਧੀ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਸੂਚਨਾ ਸਬੰਧਤ ਅਧਿਕਾਰੀਆਂ ਨੂੰ ਦੇਣ। ਰਾਜ ਸਰਕਾਰ ਪ੍ਰਭਾਵਸ਼ਾਲੀ ਨਿਗਰਾਨੀ, ਪਾਰਦਰਸ਼ਤਾ ਅਤੇ ਸਖ਼ਤ ਰੈਗੂਲੇਟਰੀ ਕਾਰਵਾਈ ਰਾਹੀਂ ਰਾਜ ਦੇ ਹਰੇਕ ਨਾਗਰਿਕ ਨੂੰ ਸੁਰੱਖਿਅਤ ਖਾਣ-ਪੀਣ ਦੀਆਂ ਵਸਤੂਆਂ ਉਪਲਬਧ ਕਰਵਾਉਣ ਲਈ ਵਚਨਬੱਧ ਹੈ।

ਬੱਚਿਆਂ ਵਿਰੁੱਧ ਹੁੰਦੇ ਅਪਰਾਧਾਂ ਨੂੰ ਲੈ ਕੇ ਰਾਜ ਸਰਕਾਰ ਦੀ ਹੈ 'ਜ਼ੀਰੋ ਟਾਲਰੈਂਸ' ਦੀ ਨੀਤੀ

ਚੰਡੀਗੜ੍ਹ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਸਰਕਾਰ ਰਾਜ ਵਿੱਚ ਬੱਚਿਆਂ ਵਿਰੁੱਧ ਹੁੰਦੇ ਕਿਸੇ ਵੀ ਕਿਸਮ ਦੇ ਅਪਰਾਧ ਨੂੰ ਲੈ ਕੇ 'ਜ਼ੀਰੋ ਟਾਲਰੈਂਸ' ਦੀ ਨੀਤੀ 'ਤੇ ਕੰਮ ਕਰ ਰਹੀ ਹੈ। ਬੱਚਿਆਂ ਦਾ ਜਿਨਸੀ ਸ਼ੋਸ਼ਣ ਕਰਨਾ ਜਾਂ ਕਰਵਾਉਣਾ, ਜਿਨਸੀ ਉਤਪੀੜਨ ਦੀ ਕੋਸ਼ਿਸ਼ ਕਰਨਾ ਜਾਂ ਕਰਵਾਉਣਾ ਅਤੇ ਅਸ਼ਲੀਲ ਸਮੱਗਰੀ ਲਈ ਬੱਚਿਆਂ ਦੀ ਵਰਤੋਂ ਕਰਨਾ ਜਾਂ ਕਰਵਾਉਣਾ 'ਲਿੰਗਕ ਅਪਰਾਧਾਂ ਤੋਂ ਬਾਲਕਾਂ ਦਾ ਸੁਰੱਖਿਆ ਐਕਟ, 2012 (POCSO ACT)Ó (2019 ਵਿੱਚ ਸੋਧਿਆ) ਦੇ ਤਹਿਤ ਗੰਭੀਰ ਅਪਰਾਧ ਦੀ ਸ਼੍ਰੇਣੀ ਵਿੱਚ ਆਉਂਦਾ ਹੈ।

ਇੱਕ ਸਰਕਾਰੀ ਬੁਲਾਰੇ ਨੇ ਇਸ ਐਕਟ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਦੋਂ ਇਹ ਅਪਰਾਧ ਬੱਚਿਆਂ ਦੇ ਸਰਪ੍ਰਸਤ, ਜਿਵੇਂ ਉਨ੍ਹਾਂ ਦੀ ਦੇਖਭਾਲ ਕਰਨ ਵਾਲੀ ਸੰਸਥਾ ਦਾ ਕੋਈ ਵਿਅਕਤੀ, ਲੋਕ ਸੇਵਕ, ਪੁਲਿਸ ਬਲ ਜਾਂ ਵਿਦਿਅਕ ਸੰਸਥਾ ਦੇ ਵਿਅਕਤੀ ਆਦਿ ਵੱਲੋਂ ਕੀਤਾ ਜਾਂਦਾ ਹੈ, ਤਾਂ ਉਸ ਨੂੰ ਨਿਰਧਾਰਿਤ ਪ੍ਰਸਥਿਤੀਆਂ ਵਿੱਚ ਘੱਟੋ-ਘੱਟ 20 ਸਾਲ ਦੀ ਕੈਦ ਜਾਂ ਫਾਂਸੀ (ਮੌਤ ਦੀ ਸਜ਼ਾ) ਤੱਕ ਦੀ ਸਜ਼ਾ ਦਿੱਤੀ ਜਾ ਸਕਦੀ ਹੈ।

ਇਸ ਤੋਂ ਇਲਾਵਾ, ਅਜਿਹੀਆਂ ਘਟਨਾਵਾਂ ਨੂੰ ਲੁਕਾਉਣਾ ਜਾਂ ਪੁਲਿਸ ਨੂੰ ਸੂਚਨਾ ਨਾ ਦੇਣਾ ਵੀ ਕਾਨੂੰਨਨ ਅਪਰਾਧ ਹੈ, ਜਿਸ ਵਿੱਚ 6 ਮਹੀਨੇ ਤੋਂ 1 ਸਾਲ ਤੱਕ ਦੀ ਕੈਦ ਦਾ ਸਖ਼ਤ ਪ੍ਰਬੰਧ ਕੀਤਾ ਗਿਆ ਹੈ।

ਉਨ੍ਹਾਂ ਨੇ ਹਰਿਆਣਾ ਦੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਪੀੜਤਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਬੱਚਿਆਂ ਨੂੰ ਲਿੰਗਕ ਅਪਰਾਧਾਂ ਤੋਂ ਪੂਰੀ ਸੁਰੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਮੁਫ਼ਤ ਮੈਡੀਕਲ ਸਹੂਲਤ, ਕਾਊਂਸਲਿੰਗ ਅਤੇ ਸੰਸਥਾਗਤ ਸੇਵਾਵਾਂ ਉਪਲਬਧ ਕਰਵਾਉਂਦੀ ਹੈ, ਜਦਕਿ ਇਸ ਦੌਰਾਨ ਬੱਚੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ।

ਬੁਲਾਰੇ ਨੇ ਆਮ ਜਨਤਾ ਤੋਂ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਬੱਚੇ ਨਾਲ ਇਸ ਤਰ੍ਹਾਂ ਦੀ ਘਟਨਾ ਦੀ ਜਾਣਕਾਰੀ ਮਿਲੇ, ਤਾਂ ਉਸ ਦੀ ਰਿਪੋਰਟ ਤੁਰੰਤ ਸਥਾਨਕ ਪੁਲਿਸ, ਚਾਈਲਡ ਹੈਲਪਲਾਈਨ ਨੰਬਰ 1098 ਜਾਂ 112, ਸਥਾਨਕ ਬਾਲ ਭਲਾਈ ਕਮੇਟੀ ਜਾਂ ਜ਼ਿਲ੍ਹਾ ਬਾਲ ਸੁਰੱਖਿਆ ਇਕਾਈ ਨੂੰ ਜ਼ਰੂਰ ਦਿਓ। ਨਾਗਰਿਕ ਇਸ ਸਬੰਧ ਵਿੱਚ ਵਧੇਰੇ ਜਾਣਕਾਰੀ ਲਈ ਵਿਭਾਗ ਦੀ ਅਧਿਕਾਰਤ ਵੈੱਬਸਾਈਟ wcdhry.gov.in 'ਤੇ ਵੀ ਸੰਪਰਕ ਕਰ ਸਕਦੇ ਹਨ।

ਸਿੰਚਾਈ ਨਾਲ ਜੁੜੀਆਂ ਲੰਬਿਤ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਕੀਤਾ ਜਾਵੇ ਹੱਲ : ਸ਼ਰੂਤੀ ਚੌਧਰੀ

ਚੰਡੀਗੜ੍ਹ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੀ ਸਿੰਚਾਈ ਅਤੇ ਜਲ ਸਰੋਤ ਮੰਤਰੀ ਸ਼੍ਰੀਮਤੀ ਸ਼ਰੂਤੀ ਚੌਧਰੀ ਨੇ ਅੱਜ ਇੱਥੇ ਚਰਖ਼ੀ ਦਾਦਰੀ ਅਤੇ ਭਿਵਾਨੀ ਜ਼ਿਲ੍ਹਿਆਂ ਵਿੱਚ ਸਿੰਚਾਈ ਨਾਲ ਜੁੜੀਆਂ ਸਮੱਸਿਆਵਾਂ, ਚੱਲ ਰਹੇ ਪ੍ਰੋਜੈਕਟਾਂ ਅਤੇ ਪ੍ਰਸਤਾਵਿਤ ਵਿਕਾਸ ਕਾਰਜਾਂ ਦੀ ਵਿਆਪਕ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਲੰਬਿਤ ਮਾਮਲਿਆਂ ਦਾ ਪਹਿਲ ਦੇ ਅਧਾਰ 'ਤੇ ਹੱਲ ਕਰਨ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਲਾਗੂ ਕਰਨ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।

ਸਿੰਚਾਈ ਅਤੇ ਜਲ ਸਰੋਤ ਮੰਤਰੀ ਨੇ ਐਲ.ਡਬਲਯੂ.ਐਸ. ਅਤੇ ਵਾਈ.ਡਬਲਯੂ.ਐਸ. ਸਰਕਲ, ਭਿਵਾਨੀ ਦੇ ਅਧਿਕਾਰੀਆਂ ਨਾਲ ਇੱਕ ਸਮੀਖਿਆ ਮੀਟਿੰਗ ਵਿੱਚ ਜੰਗਲਾਤ ਸਬੰਧੀ ਮਨਜ਼ੂਰੀਆਂ, ਪਾਣੀ ਦੀ ਚੋਰੀ ਰੋਕਣ, ਜ਼ਮੀਨ ਦੀ ਅਲਾਈਨਮੈਂਟ (ਸੈਰੇਖਣ) ਅਤੇ ਨਾਜਾਇਜ਼ ਕਬਜ਼ਿਆਂ ਨਾਲ ਜੁੜੇ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।

ਉਨ੍ਹਾਂ ਕਿਹਾ ਕਿ ਲੰਬਿਤ ਮਨਜ਼ੂਰੀਆਂ ਅਤੇ ਹੋਰ ਸਮੱਸਿਆਵਾਂ ਦਾ ਜਲਦੀ ਹੱਲ ਕੀਤਾ ਜਾਵੇ, ਤਾਂ ਜੋ ਵਿਕਾਸ ਕਾਰਜਾਂ ਵਿੱਚ ਬੇਲੋੜੀ ਦੇਰੀ ਨਾ ਹੋਵੇ ਅਤੇ ਪ੍ਰੋਜੈਕਟਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾ ਸਕੇ।

ਸ਼੍ਰੀਮਤੀ ਸ਼ਰੂਤੀ ਚੌਧਰੀ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਕੀਤੇ ਗਏ ਹੜ੍ਹ ਸੁਰੱਖਿਆ ਅਤੇ ਰੱਖ-ਰਖਾਅ ਕਾਰਜਾਂ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ। ਉਨ੍ਹਾਂ ਇਨ੍ਹਾਂ ਕਾਰਜਾਂ ਦੇ ਸਬੰਧ ਵਿੱਚ ਜ਼ਰੂਰੀ ਕਾਰਵਾਈ ਕਰਦਿਆਂ ਭਵਿੱਖ ਲਈ ਬਿਹਤਰ ਯੋਜਨਾ ਤਿਆਰ ਕਰਨ 'ਤੇ ਜ਼ੋਰ ਦਿੱਤਾ, ਤਾਂ ਜੋ ਹੜ੍ਹ ਸੁਰੱਖਿਆ ਨਾਲ ਸਬੰਧਤ ਕਾਰਜਾਂ ਦਾ ਸਮਾਂਬੱਧ ਢੰਗ ਨਾਲ ਅਮਲ ਹੋ ਸਕੇ ਅਤੇ ਸਿੰਚਾਈ ਢਾਂਚੇ ਦਾ ਪ੍ਰਭਾਵੀ ਰੱਖ-ਰਖਾਅ ਯਕੀਨੀ ਬਣਾਇਆ ਜਾ ਸਕੇ।

ਮੀਟਿੰਗ ਵਿੱਚ ਲੋਹਾਰੂ, ਭਿਵਾਨੀ, ਤੋਸ਼ਾਮ, ਬਵਾਨੀ ਖੇੜਾ ਅਤੇ ਬਾੜੜਾ ਵਿਧਾਨ ਸਭਾ ਹਲਕਿਆਂ ਵਿੱਚ ਸਿੰਚਾਈ ਨਾਲ ਸਬੰਧਤ ਲੰਬਿਤ ਸਮੱਸਿਆਵਾਂ, ਚੱਲ ਰਹੇ ਪ੍ਰੋਜ

ਵਿਸ਼ਵ ਆਇਓਡੀਨ ਦਿਵਸ ਮੌਕੇ ਸਿਹਤ ਮੰਤਰੀ ਨੇ ਲੋਕਾਂ ਨੂੰ ਕੀਤਾ ਜਾਗਰੂਕ

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਆਇਓਡੀਨ ਯੁਕਤ ਨਮਕ ਦੀ ਵਰਤੋਂ 'ਤੇ ਦਿੱਤਾ ਜ਼ੋਰ

ਪਟਿਆਲਾ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਵੱਲੋਂ ਮਹਾਵੀਰ ਧਰਮਸ਼ਾਲਾ, ਤ੍ਰਿਪੜੀ, ਪਟਿਆਲਾ ਵਿਖੇ ਵਿਸ਼ਵ ਆਇਓਡੀਨ ਡੈਫੀਸੈਂਸੀ ਡਿਸਾਡਰ ਪ੍ਰੀਵੈਂਸਨ ਦਿਵਸ ਮਨਾਇਆ ਗਿਆ। ਇਸ ਮੌਕੇ ਲੋਕਾਂ ਨੂੰ ਆਇਓਡੀਨ ਦੀ ਮਹੱਤਤਾ ਅਤੇ ਇਸ ਦੀ ਘਾਟ ਕਾਰਨ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਸਬੰਧੀ ਜਾਗਰੂਕ ਕਰਨ ਲਈ ਵਿਸ਼ੇਸ਼ ਜ਼ੋਰ ਦਿੱਤਾ ਗਿਆ।ਇਸ ਸਮਾਗਮ ਵਿੱਚ ਪੰਜਾਬ ਦੇ ਮਾਣਯੋਗ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਆਮ ਲੋਕਾਂ ਦੀ ਚੰਗੀ ਸਿਹਤ ਸਾਡੇ ਲਈ ਸਭ ਤੋਂ ਪ੍ਰਮੁੱਖ ਹੈ ਪੰਜਾਬ ਨੂੰ ਸਿਹਤਮੰਦ ਅਤੇ ਰੰਗਲਾ ਪੰਜਾਬ ਬਣਾਉਣਾ ਸਾਡਾ ਮੁੱਖ ਮਕਸਦ ਹੈ ਜਿਸ ਲਈ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਨਿਰੰਤਰ ਅਣਥੱਕ ਮਿਹਨਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦਿਵਸ ਦਾ ਮੁੱਖ ਉਦੇਸ਼ ਲੋਕਾਂ ਨੂੰ ਇਹ ਸੰਦੇਸ਼ ਦੇਣਾ ਹੈ ਕਿ ਆਇਓਡੀਨ ਦੀ ਉਚਿਤ ਮਾਤਰਾ ਮਾਂ ਦੀ ਸਿਹਤ, ਬੱਚਿਆਂ ਦੇ ਬਿਹਤਰ ਵਿਕਾਸ ਅਤੇ ਸਮੁੱਚੇ ਸਮਾਜ ਦੀ ਤੰਦਰੁਸਤੀ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਆਇਓਡੀਨ ਮਨੁੱਖੀ ਸਰੀਰ ਲਈ ਇੱਕ ਬਹੁਤ ਹੀ ਜ਼ਰੂਰੀ ਸੂਖਮ ਪੌਸ਼ਟਿਕ ਤੱਤ ਹੈ। ਇਹ ਥਾਇਰਾਇਡ ਹਾਰਮੋਨ ਬਣਾਉਣ ਲਈ ਲੋੜੀਂਦਾ ਹੈ, ਜੋ ਸਰੀਰ ਦੇ ਮੈਟਾਬੋਲਿਜ਼ਮ, ਬੱਚਿਆਂ ਦੇ ਸਰੀਰਕ ਵਿਕਾਸ ਅਤੇ ਦਿਮਾਗੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਆਇਓਡੀਨ ਦੀ ਘਾਟ ਕਾਰਨ ਗਿਲਡ਼ (ਗਲਗੰਡ), ਥਾਇਰਾਇਡ ਦੀ ਕਾਰਜਸ਼ੀਲਤਾ ਵਿੱਚ ਗੜਬੜ ਅਤੇ ਬੱਚਿਆਂ ਦੇ ਸਰੀਰਕ ਤੇ ਮਾਨਸਿਕ ਵਿਕਾਸ ਉੱਤੇ ਮਾੜੇ ਪ੍ਰਭਾਵ ਪੈ ਸਕਦੇ ਹਨ। ਹਰ ਪਰਿਵਾਰ ਤੱਕ ਆਇਓਡੀਨ ਯੁਕਤ ਨਮਕ ਦੀ ਪਹੁੰਚ ਯਕੀਨੀ ਬਣਾਉਣ ਦਾ ਟੀਚਾ ਰੱਖਦਾ ਹੈ। ਘਰੇਲੂ ਵਰਤੋਂ ਲਈ ਨਮਕ ਵਿੱਚ ਆਇਓਡੀਨ ਦੀ ਮਾਤਰਾ ਘੱਟੋ—ਘੱਟ 15 ਪਾਰਟਸ ਪਰ ਮਿਲੀਅਨ ਹੋਣੀ ਚਾਹੀਦੀ ਹੈ। ਰੋਜ਼ਾਨਾ ਭੋਜਨ ਵਿੱਚ ਉਚਿਤ ਮਾਤਰਾ ਵਾਲੇ ਆਇਓਡੀਨ ਯੁਕਤ ਨਮਕ ਦੀ ਵਰਤੋਂ ਆਇਓਡੀਨ ਦੀ ਘਾਟ ਨਾਲ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਦਾ ਇੱਕ ਸੌਖਾ ਅਤੇ ਕਿਫ਼ਾਇਤੀ ਤਰੀਕਾ ਹੈ।ਇਸ ਮੌਕੇ ਸਟੇਟ ਪ੍ਰੋਗਰਾਮ ਅਫਸਰ ਡਾ. ਵਸੁਧਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਗਰਭ ਅਵਸਥਾ ਦੌਰਾਨ ਆਇਓਡੀਨ ਦੀ ਘਾਟ ਹੋਣ ਨਾਲ ਗਰਭ ਵਿੱਚ ਪਲ ਰਹੇ ਬੱਚੇ ਦੇ ਦਿਮਾਗੀ ਅਤੇ ਨਰਵਸ ਸਿਸਟਮ ਦੇ ਵਿਕਾਸ *ਤੇ ਮਾੜਾ ਅਸਰ ਪੈ ਸਕਦਾ ਹੈ। ਬੱਚਿਆਂ ਵਿੱਚ ਇਸ ਦੀ ਘਾਟ ਸਿੱਖਣ ਦੀ ਸਮਰੱਥਾ, ਬੌਧਿਕ ਵਿਕਾਸ ਅਤੇ ਸਰੀਰਕ ਵਾਧੇ ਨੂੰ ਪ੍ਰਭਾਵਿਤ ਕਰ ਸਕਦੀ ਹੈ। ਬਾਲਗਾਂ ਵਿੱਚ ਇਸ ਕਾਰਨ ਥਾਇਰਾਇਡ ਸਬੰਧੀ ਸਮੱਸਿਆਵਾਂ ਅਤੇ ਗਿੱਲੜ (ਗਲਗੰਡ) ਹੋ ਸਕਦਾ ਹੈ।

ਇਨ੍ਹਾਂ ਬਿਮਾਰੀਆਂ ਦੀ ਰੋਕਥਾਮ ਲਈ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ, ਆਇਓਡੀਨ ਯੁਕਤ ਨਮਕ ਦੀ ਗੁਣਵੱਤਾ ਦੀ ਜਾਂਚ ਕਰਨਾ ਅਤੇ ਸਿਹਤ ਸਿੱਖਿਆ ਨੂੰ ਉਤਸ਼ਾਹਿਤ ਕਰਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਘਰਾਂ ਵਿੱਚ ਆਇਓਡੀਨ ਯੁਕਤ ਨਮਕ ਦੀ ਵਰਤੋਂ ਕਰਨ, ਇਸ ਨੂੰ ਸੁੱਕੇ ਅਤੇ ਢੱਕਣ ਵਾਲੇ ਡੱਬੇ ਵਿੱਚ ਰੱਖਣ ਅਤੇ ਨਮਕ ਦੀ ਵਰਤੋਂ ਸੀਮਤ ਮਾਤਰਾ ਵਿੱਚ ਕਰਨ।ਇਸ ਮੌਕੇ ਸਿਹਤ ਵਿਭਾਗ ਦੀ ਟੀਮ ਵੱਲੋਂ ਨਮਕ ਵਿਚ ਆਇਓਡੀਨ ਚੈਕ ਕਰਨ ਲਈ ਗਰਭਵਤੀ ਔਰਤਾਂ ਦੇ ਘਰ ਦੇ ਨਮਕ ਦੇ ਸੈਂਪਲ ਵੀ ਟੈਸਟ ਕੀਤੇ। ਇਸ ਮੌਕੇ ਸਿਵਲ ਸਰਜਨ ਪਟਿਆਲਾ ਡਾ. ਸੈਲੀ ਜੇਤਲੀ ਨੇ ਸਾਰੇ ਮਹਿਮਾਨਾ ਦਾ ਸਵਾਗਤ ਕੀਤਾ ਤੇ ਆਇਓਡੀਨ ਦੀ ਮਹੱਤਤਾ ਤੇ ਵਰਤੋਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਮੈਡੀਕਲ ਸੁਪਰਡੈਂਟ ਡਾ. ਵਿਕਾਸ ਗੋਇਲ, ਜਿਲ੍ਹਾ ਟੀਕਾਕਰਨ ਅਫਸਰ ਡਾ. ਕੁਸ਼ਲਦੀਪ ਕੌਰ, ਏ.ਐਚ.ਓ. ਡਾ. ਇੰਦਰਪ੍ਰੀਤ ਰੰਧਾਵਾ, ਸਟੇਟ ਟੈਕਨੀਕਲ ਅਫਸਰ ਡਾ. ਪਵਨਦੀਪ ਕੌਰ, ਐਸ.ਐਮ.ਓ. ਡਾ. ਪੁਨੀਤ ਕੌਰ, ਡਾ. ਨਿਧੀ, ਡਾ. ਨੰਦਿਨੀ, ਡਾ. ਅਨੁਦੀਪ ਕੌਰ, ਜਿਲ੍ਹਾ ਮਾਸ ਮੀਡੀਆਂ ਟੀਮ ਤੇ ਹੋਰ ਹਾਜ਼ਰ ਸਨ।

ਪਟਿਆਲਾ ਵਿਚ ਡਰੱਗਜ਼ ਕੰਟਰੋਲ ਵਿਭਾਗ ਦੀ ਵੱਡੀ ਕਾਰਵਾਈ

ਡਰੱਗਜ਼ ਕੰਟਰੋਲ ਅਧਿਕਾਰੀਆਂ ਨੇ ਪੁਲਿਸ ਨਾਲ ਮਿਲ ਕੇ 16 ਫਰਮਾਂ ਦੀ ਕੀਤੀ ਜਾਂਚ, 11 'ਚੋਂ ਡਰੱਗਜ਼ ਤੇ ਕਾਸਮੈਟਿਕ ਨਿਯਮਾਂ ਦੀਆਂ ਉਲੰਘਣਾਂ ਪਾਈਆਂ

ਪਟਿਆਲਾ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਡਰੱਗਜ਼ ਕੰਟਰੋਲ ਦਫ਼ਤਰ ਨੇ ਵੱਡੀ ਕਾਰਵਾਈ ਕਰਦਿਆਂ ਪੁਲਿਸ ਨਾਲ ਮਿਲ ਕੇ ਜ਼ਿਲ੍ਹੇ ਵਿਚ ਵੱਖ-ਵੱਖ ਮੈਡੀਕਲ ਸਟੋਰਾਂ ਅਤੇ ਫਰਮਾਂ ਦੀ ਜਾਂਚ ਕੀਤੀ ਹੈ। ਇਸ ਜਾਂਚ ਦੌਰਾਨ ਕਈ ਫਰਮਾਂ ਵਿਚ ਨਿਯਮਾਂ ਦੀ ਉਲੰਘਣਾ ਸਾਹਮਣੇ ਆਈ ਅਤੇ ਦਵਾਈਆਂ ਦੀ ਖਰੀਦ ਅਤੇ ਵਿੱਕਰੀ ਰਿਕਾਰਡ ਵਿਚ ਕਈ ਖਾਮੀਆਂ ਪਾਏ ਜਾਣ ਉੱਤੇ ਵਿਭਾਗ ਨੇ ਰਿਕਾਰਡ ਅਤੇ ਦਵਾਈਆਂ ਜ਼ਬਤ ਕੀਤੀਆਂ ਹਨ।

ਜੋਨਲ ਲਾਇਸੈਂਸਿੰਗ ਅਥਾਰਟੀ ਨਵਜੋਤ ਕੌਰ ਨੇ ਦੱਸਿਆ ਕਿ ਮਿਤੀ 16 ਅਕਤੂਬਰ ਤੋਂ 19 ਅਕਤੂਬਰ 2026 ਤੱਕ ਡਰੱਗਜ਼ ਕੰਟਰੋਲ ਅਧਿਕਾਰੀਆਂ ਨੇ ਪੁਲਿਸ ਨਾਲ ਮਿਲ ਕੇ 16 ਫਰਮਾਂ ਦੀ ਜਾਂਚ ਕੀਤੀ, ਜਿਸ ਵਿਚੋਂ 11 ਵਿਚ ਡਰੱਗਜ਼ ਅਤੇ ਕਾਸਮੈਟਿਕ ਨਿਯਮਾਂ ਦੀਆਂ ਉਲੰਘਣਾਂ ਪਾਈਆਂ ਗਈਆਂ। ਨਵਜੋਤ ਕੌਰ ਨੇ ਦੱਸਿਆ ਕਿ ਇਸ ਦੌਰਾਨ ਇਕ ਮੈਡੀਕਲ ਸਟੋਰ ਉੱਤੇ ਖਰੀਦ ਅਤੇ ਵਿੱਕਰੀ ਦੇ ਰਿਕਾਰਡ ਵਿਚ ਬੇਨਿਯਮੀਆਂ ਕਾਰਨ 1 ਤਰ੍ਹਾਂ ਦੀ ਦਵਾਈ ਜ਼ਬਤ ਕੀਤੀ ਅਤੇ ਇਸੇ ਤਰ੍ਹਾਂ ਗੁਪਤ ਸੂਚਨਾ ਤੇ ਆਧਾਰ 'ਤੇ ਡਰੱਗਜ਼ ਕੰਟਰੋਲ ਅਫ਼ਸਰ ਪਟਿਆਲਾ -1 ਅਤੇ ਡਰੱਗਜ਼ ਕੰਟਰੋਲ ਅਫ਼ਸਰ ਪਟਿਆਲਾ-4 ਨੇ ਥਾਣਾ ਕੋਤਵਾਲੀ ਦੇ ਐਸਐਚਓ ਨਾਲ ਮਿਲ ਕੇ ਪੰਜ ਫਰਮਾਂ ਦੀ ਜਾਂਚ ਕੀਤੀ।

ਇਸ ਦੌਰਾਨ ਇਕ ਮੈਡੀਕਲ ਸਟੋਰ ਤੋਂ ਖਰੀਦ-ਵੇਚ ਦੀ ਕਮੀ ਕਾਰਨ 900 ਗੋਲੀਆਂ ਜ਼ਬਤ ਕੀਤੀਆਂ ਗਈਆ, ਜਿਸਦੀ ਕੀਮਤ ਲਗਭਗ 13000 ਰੁਪਏ ਹੈ।

ਉਨ੍ਹਾਂ ਕਿਹਾ ਕਿ ਇੱਕ ਹੋਰ ਕਾਰਵਾਈ ਦੌਰਾਨ ਪਰਨੀਤ ਕੌਰ ਡਰੱਗਜ਼ ਕੰਟਰੋਲ ਅਫ਼ਸਰ ਪਟਿਆਲਾ-2 ਨੇ ਐਸਐਚਐਓ ਥਾਣਾ ਜ਼ੁਲਕਾਂ ਅਤੇ ਰੋਹੜ ਜਗੀਰ ਪੁਲਿਸ ਚੌਕੀ ਦੇ ਇੰਚਾਰਜ ਨਾਲ ਮਿਲ ਕੇ 4 ਫਰਮਾਂ ਦੀ ਜਾਂਚ ਕੀਤੀ। ਇਸ ਵਿਚ ਆਮ ਉਲੰਘਣਾਵਾਂ ਪਾਈਆਂ ਗਈਆਂ। ਇਸਤੋਂ ਇਲਾਵਾ ਇਕ ਕਲੀਨਿਕ ਤੋਂ ਟਰਾਮਾਡੋਲ ਦੀਆਂ ਗੋਲੀਆਂ ਵੀ ਮਿਲੀਆਂ ਜਿਸ ਕਾਰਨ ਕਲੀਨਿਕ ਦੇ ਮਾਲਕ ਖਿਲਾਫ਼ ਪੁਲਿਸ ਨੇ ਐਨਡੀਪੀਐਸ ਐਕਟ ਅਧੀਨ ਮੁਕੱਦਮਾ ਦਰਜ਼ ਕੀਤਾ ਹੈ।

ਜੋਨਲ ਲਾਇਸੈਂਸਿੰਗ ਅਥਾਰਟੀ ਨੇ ਦੱਸਿਆ ਕਿ ਇਸੇ ਤਰ੍ਹਾਂ ਪਿੰਡ ਮਸੀਂਗਣ ਵਿਖੇ ਕੀਤੀ ਕਾਰਵਾਈ ਦੌਰਾਨ ਇਕ ਮੈਡੀਕਲ ਸਟੋਰ ਤੋਂ 34123 ਰੁਪਏ ਦੀਆਂ 24 ਕਿਸਮ ਦੀਆਂ ਦਵਾਈਆਂ ਡਰੱਗਜ਼ ਐਂਡ ਕਾਸਮੈਟਿਕ ਐਕਟ ਦੀਆਂ ਧਾਰਾਵਾਂ 18 ਸੀ ਅਤੇ 18 ਏ ਤਹਿਤ ਜ਼ਬਤ ਕੀਤੀਆਂ ਗਈਆਂ। ਇਸ ਸਬੰਧੀ ਵਿੱਕਰੀ ਤੇ ਖਰੀਦ ਸਬੰਧੀ ਉਲੰਘਣਾਵਾਂ ਸਾਹਮਣੇ ਆਉਣ 'ਤੇ ਕਾਨੂੰਨੀ ਪ੍ਰਕ੍ਰਿਆ ਅਨੁਸਾਰ ਕਾਰਵਾਈ ਕੀਤੀ ਜਾ ਜਾਵੇਗੀ।

ਨਵਜੋਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਿਭਾਗ ਵੱਲੋਂ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਚੈਕਿੰਗ ਮੁਹਿੰਮ ਜਾਰੀ ਰਹੇਗੀ ਅਤੇ ਦਵਾਈਆਂ ਦੀ ਆੜ ਹੇਠ ਨਸ਼ਿਆਂ ਦਾ ਕਾਲਾ ਕਾਰੋਬਾਰ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

ਵਿਜੇ ਸ਼ਰਮਾ ਟਿੰਕੂ ਦੀ ਅਗਵਾਈ ਹੇਠ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ

ਮੋਰਿੰਡਾ, 26 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਰਾਮਲੀਲਾ ਕਮੇਟੀ ਮੋਰਿੰਡਾ ਵੱਲੋਂ ਪ੍ਰਧਾਨ ਵਿਜੇ ਸ਼ਰਮਾ ਟਿੰਕੂ ਦੀ ਅਗਵਾਈ ਹੇਠੇ ਰਾਮਲੀਲਾ ਗਰਾਊਂਡ ਮੋਰਿੰਡਾ ਵਿਖੇ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ। ਅੱਜ ਦੂਜੇ ਦਿਨ ਟੂਰਨਾਮੈਂਟ ਦਾ ਉਦਘਾਟਨ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਕੀਤਾ ਗਿਆ। ਉਦਘਾਟਨੀ ਸਮਾਰੋਹ ਦੌਰਾਨ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਦੀ ਤੇ ਨੇਕੀ ਦੀ ਜਿੱਤ ਦਾ ਪ੍ਰਤੀਕ ਤਿਉਹਾਰ ਦੁਸਹਿਰਾ ਬਹੁਤ ਹੀ ਪਵਿੱਤਰ ਤਿਉਹਾਰ ਹੈ ਅੱਜ ਦੇ ਦਿਨ ਸਾਨੂੰ ਸਾਰਿਆਂ ਨੂੰ ਸਬਕ ਲੈਣਾ ਚਾਹੀਦਾ ਹੈ ਕਿ ਨੇਕੀ ਦੀ ਹਮੇਸ਼ਾ ਜਿੱਤ ਹੁੰਦੀ ਹੈ ਕਿਸੇ ਨੂੰ ਵੀ ਕੋਈ ਮਾੜਾ ਕੰਮ ਨਹੀਂ ਕਰਨਾ ਚਾਹੀਦਾ ਉਹਨਾਂ ਕਿਹਾ ਕਿ ਅੱਜ ਪੰਜਾਬ ਅੰਦਰ ਨਸ਼ਿਆਂ ਦਾ ਬੋਲਬਾਲਾ ਇੰਨਾ ਵੱਧ ਗਿਆ ਹੈ ਕਿ ਅੱਜ ਇੱਕ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਉਹਨਾਂ ਕਿਹਾ ਕਿ ਨਸ਼ਿਆਂ ਦੇ ਮੁੱਦਿਆਂ ਨੂੰ ਉਭਾਰ ਕੇ ਹੀਂਦ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਅੰਦਰ ਨਸ਼ੇ ਵੱਧ ਗਏ ਹਨ।

ਉਹਨਾਂ ਕਿਹਾ ਕਿ ਖੇਡਾਂ ਸਾਡੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਬਹੁਤ ਵਧੀਆ ਉਪਰਾਲਾ ਹੈ ਉਹਨਾਂ ਰਾਮਲੀਲਾ ਕਮੇਟੀ ਪ੍ਰਬੰਧਕਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਪ੍ਰਬੰਧਕ ਹਰੇਕ ਸਾਲ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਖੇਡ ਟੂਰਨਾਮੈਂਟ ਕਰਵਾਉਂਦੇ ਹਨ। ? ਅੱਜ ਟੂਰਨਾਮੈਂਟ ਦੌਰਾਨ ਹੋਏ ਕਬੱਡੀ ਦੇ ਮੁਕਾਬਲਿਆਂ ਵਿੱਚ 70 ਕਿਲੋ ਵਜ਼ਨ ਦੀ ਕਬੱਡੀ ਵਿੱਚ ਮੌਲੀ ਵੈਦਵਾਨ ਨੇ ਪਹਿਲਾ, ਬਜਹੇੜੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਕ ਪਿੰਡ ਓਪਨ ਧਨੌਰੀ ਦੀ ਟੀਮ ਨੇ ਪਹਿਲਾ ਬਜਹੇੜੀ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਇਸੇ ਤਰ੍ਹਾਂ ਆਲ ਓਪਨ ਕਬੱਡੀ ਮੁਕਾਬਲੇ ਵਿੱਚ ਬਾਬਾ ਗਾਜੀ ਦਾਸ ਕਲੱਬ ਧਨੌਰੀ ਵੱਲੋਂ ਪਹਿਲਾ ਅਤੇ ਦਮਹੇੜੀ ਦੀ ਟੀਮ ਵੱਲੋਂ ਦੂਜਾ ਸਥਾਨ ਪ੍ਰਾਪਤ ਕੀਤਾ ਗਿਆ। ਇਸ ਟੂਰਨਾਮੈਂਟ ਦੌਰਾਨ ਬੈਸਟ ਜਾਫੀ ਦਾ ਇਨਾਮ ਗੁਰਸ਼ਿਮਰਨ ਸਿੰਘ ਨੰਨੂ ਧਨੌਰੀ ਨੂੰ ਦਿੱਤਾ ਗਿਆ ਅਤੇ ਵੈਸਟ ਰੇਡਰ ਦਾ ਇਨਾਮ ਅਮਨਦੀਪ ਸਿੰਘ ਅਮਨਾ ਨੂੰ ਦਿੱਤਾ ਗਿਆ। ਇਸ ਮੌਕੇ ਇਹ ਇਨਾਮਾਂ ਦੀ ਵੰਡ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਵਿਜੇ ਸ਼ਰਮਾ ਟਿੰਕੂ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਪੁੱਤਰ ਨਵਜੀਤ ਸਿੰਘ ਨਵੀ ਵੱਲੋਂ ਕੀਤੀ ਗਈ। ਟੂਰਨਾਮੈਂਟ ਉਪਰੰਤ ਮਸ਼ਹੂਰ ਦੋਗਾਣਾ ਜੋੜੀ ਦੀਪ ਢਿੱਲੋ ਅਤੇ ਜੈਸ਼ਮੀਨ ਜੱਸੀ ਵੱਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕਰਦਿਆਂ ਆਪਣੇ ਦੋਗਾਣਿਆਂ ਨਾਲ ਦਰਸ਼ਕਾਂ ਦਾ ਮਨ ਮੋਹਿਆ।

ਰੈਗੂਲਰ ਖੂਨਦਾਨੀਆਂ ਨੂੰ ਬੈਗ ਦੇ ਕੇ ਕੀਤਾ ਸਨਮਾਨਤ

ਪਟਿਆਲਾ, 26 ਅਕਤੂਬਰ
ਅਮਰਜੀਤ ਸਿੰਘ
-ਕੌਮੀ ਪੱਤ੍ਰਿਕਾ ਬਿਊਰੋ-

ਮਨੁੱਖਤਾ ਦੇ ਭਲੇ ਲਈ ਅਤੇ ਲੋੜਵੰਦ ਮਰੀਜ਼ਾਂ ਲਈ ਦੁਸਹਿਰੇ ਦੇ ਤਿਓਹਾਰ ਮਨਾਉਂਦੇ ਹੋਏ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 357ਵਾਂ ਰੈਗੂਲਰ ਖੂਨਦਾਨ ਕੈਂਪ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਖੇ ਲਗਾਇਆ ਗਿਆ ਜਿਸ ਦਾ ਰਸਮੀ ਉਦਘਾਟਨ ਕਰਮਜੀਤ ਸਿੰਘ ਖੇੜਕੀ ਨੇ ਖੁਦ ਖੂਨਦਾਨ ਕਰਕੇ ਕੀਤਾ। ਕੈਂਪ ਵਿਚ ਤਰਸੇਮ ਸਿੰਘ ਦੀਵਾਨਵਾਲਾ ਅਤੇ ਗੁਰਤੇਜ ਸਿੰਘ ਭੱਟੀਆਂ ਨੇ 59ਵੀਂ ਵਾਰ, ਅਵਤਾਰ ਸਿੰਘ ਬਲਬੇੜਾ ਨੇ 37ਵੀਂ ਵਾਰ, ਮਨਵਿੰਦਰ ਸਿੰਘ ਮਨੀ ਰਾਮਗੜ੍ਹ ਨੇ 29ਵੀਂ ਵਾਰ, ਰਵੀ ਕੁਮਾਰ ਪੰਜਾਬ ਨੈਸ਼ਨਲ ਬੈਂਕ ਨੇ 19ਵੀਂ ਵਾਰ, ਜਸਬੀਰ ਕੁਮਾਰ ਡੀਲਵਾਲ ਤੇ ਜੋਗਾ ਸਿੰਘ ਸਨੌਰ ਥੀਏਟਰ ਆਰਟਿਸਟ ਨੇ ਵੀ ਖੂਨਦਾਨ ਕੀਤਾ। ਸਾਰੇ ਖੂਨਦਾਨੀਆਂ ਨੂੰ ਗਮਛਾ ਅਤੇ ਰੈਗੂਲਰ ਖੂਨਦਾਨੀਆਂ ਤੇ ਪ੍ਰਚਾਰਕਾਂ ਨੂੰ ਦੋਸਤ ਸੰਸਥਾ ਵੱਲੋਂ ਦਿੱਤੇ ਬੈਗ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਬਲੱਡ ਬੈਂਕ ਵਿਚ ਖੂਨ ਦੀ ਭਾਰੀ ਕਮੀ ਚੱਲ ਰਹੀ ਹੈ, ਇਸ ਲਈ ਸਮੂਹ ਤੰਦਰੁਸਤ ਨੌਜਵਾਨਾਂ ਨੂੰ ਬਲੱਡ ਬੈਂਕ ਪਹੁੰਚ ਕੇ ਖੂਨਦਾਨ ਕਰਨਾ ਚਾਹੀਦਾ ਹੈ ਤਾਂ ਜੋ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਈ ਜਾ ਸਕੇ। ਉਨ੍ਹਾਂ ਕਿਹਾ ਕਿ 19 ਸਾਲ ਦੀ ਉਮਰ ਤੋਂ ਲੈ ਕੇ 65 ਸਾਲ ਤੱਕ ਖੂਨਦਾਨ ਕੀਤਾ ਜਾ ਸਕਦਾ ਹੈ। ਇਸ ਮੌਕੇ ਕੁਲਦੀਪ ਸਿੰਘ ਜੋਸਨ, ਬਲਬੀਰ ਸਿੰਘ ਸਨੌਰ, ਵਿਜੇ ਕੁਮਾਰ ਸ਼ਰਮਾ ਬੇਰੀ ਤੇ ਕਿਰਪਾਲ ਸਿੰਘ ਪੰਜੌਲਾ ਵੀ ਹਾਜ਼ਰ ਸਨ।

ਮਾਨ ਸਰਕਾਰ ਨੇ 180 ਈ.ਟੀ.ਟੀ. ਟੈੱਟ ਪਾਸ ਅਧਿਆਪਕਾਂ ਦੀ ਤਨਖਾਹ ਸਮਾਨਤਾ ਦੀ ਮੰਗ ਦਾ ਕੀਤਾ ਹੱਲ: ਚੀਮਾ

**ਚੰਡੀਗੜ੍ਹ, 26 ਅਕਤੂ

ਅੰਮ੍ਰਿਤਸਰ 'ਚ ਤਿਉਹਾਰਾਂ ਤੋਂ ਪਹਿਲਾਂ ਜਾਰੀ ਹੋਏ ਨਵੇਂ ਹੁਕਮ, ਪਟਾਕੇ ਚਲਾਉਣ ਦਾ ਸਮਾਂ ਹੋਇਆ ਨਿਧਾਰਿਤ

ਕੌਮੀ ਪੜ੍ਹਿਕਾ

ਅੰਮ੍ਰਿਤਸਰ 26 ਅਕਤੂਬਰ। ਅੰਮ੍ਰਿਤਸਰ ਦੇ ਵਧੀਕ ਜ਼ਿਲ੍ਹਾ ਮੈਜਿਸਟ?ਰੇਟ ਮੈਡਮ ਪੱਲਵੀ ਮਿਸ਼ਰਾ ਨੇ ਮਾਣਯੋਗ ਸੁਪਰੀਮ ਕੋਰਟ ਵੱਲੋਂ ਜਾਰੀ ਹੁਕਮਾਂ ਤਹਿਤ ਤਿਉਹਾਰਾਂ ਦੇ ਦਿਨਾਂ ਵਿੱਚ ਪਟਾਕੇ ਚਲਾਉਣ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹਨ। ਇਸ ਤਹਿਤ ਦੀਵਾਲੀ ਤੇ ਗੁਰਪੁਰਬ ਦੇ ਮੌਕੇ ਪਟਾਕਿਆਂ ਦੀ ਵਿਕਰੀ ਲਈ ਜ਼ਿਲ੍ਹੇ ਅੰਦਰ ਜਾਰੀ ਕੀਤੇ ਜਾਣ ਵਾਲੇ ਆਰਜ਼ੀ ਲਾਇਸੈਂਸ ਅਤੇ ਇਸ ਤੋਂ ਬਿਨ੍ਹਾਂ ਮਾਣਯੋਗ ਹਾਈ ਕੋਰਟ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਅੰਦਰ ਦੀਵਾਲੀ, ਭਗਵਾਨ ਵਾਲਮੀਕਿ ਪ੍ਰਗਟ ਦਿਵਸ, ਗੁਰਪੁਰਬ, ਕ੍ਰਿਸਮਿਸ ਤੇ ਨਵੇਂ ਸਾਲ ਵਾਲੇ ਦਿਨ ਪਟਾਕੇ ਚਲਾਉਣ ਲਈ ਸਮਾਂ ਵੀ ਨਿਰਧਾਰਤ ਕੀਤਾ ਗਿਆ ਹੈ। ਵਧੀਕ ਜ਼ਿਲ੍ਹਾ ਮੈਜਿਸਟ?ਰੇਟ ਨੇ ਦੱਸਿਆ ਕਿ ਪਾਬੰਦੀ ਸ਼ੁਦਾ ਪਟਾਕਿਆਂ ਦੀ ਵਿਕਰੀ ਦੀ ਮਨਾਹੀ ਹੈ ਕੇਵਲ ਗਰੀਨ ਪਟਾਕੇ ਜੋ ਕਿ ਲੀਥੀਅਮ, ਮਰਕਰੀ, ਆਰਸੈਨਿਕ, ਸਿੱਕਾ, ਬੇਰੀਅਮ ਸਾਲਟ ਆਦਿ ਤੋਂ ਬਿਨਾਂ ਬਣੇ ਹੋਣਗੇ, ਉਹ ਹੀ ਵੇਚੇ ਅਤੇ ਚਲਾਏ ਜਾ ਸਕਣਗੇ। ਉਨ੍ਹਾਂ ਦੱਸਿਆ ਕਿ ਮਾਣਯੋਗ ਸੁਪਰੀਮ ਕੋਰਟ ਵਲੋਂ ਸਿਵਲ ਰਿੱਟ ਪਟੀਸ਼ਨ ਨੰਬਰ 728 ਆਫ਼ 2015 ਵਿੱਚ ਮਿਤੀ 13-10-2018 ਨੂੰ ਦੀਵਾਲੀ, ਗੁਪਰਪੁਰਬ, ਕ੍ਰਿਸਮਿਸ ਅਤੇ ਨਵੇਂ ਸਾਲ ਦੇ ਮੌਕੇ ਪਟਾਕੇ ਚਲਾਉਣ ਲਈ ਦਿੱਤੀ ਗਈ ਛੋਟ ਤਹਿਤ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਹੀ ਪਟਾਕੇ ਚਲਾਏ ਜਾਣ। ਉਨ੍ਹਾਂ ਦੱਸਿਆ ਕਿ ਦੀਵਾਲੀ ਅਤੇ ਭਗਵਾਨ ਵਾਲਮੀਕਿ ਪ੍ਰਗਟ ਦਿਵਸ ਵਾਲੇ ਦਿਨ ਪਟਾਕੇ ਰਾਤ 8 ਵਜੇ ਤੋਂ ਰਾਤ 10 ਵਜੇ ਤੱਕ, ਗੁਰਪੁਰਬ ਵਾਲੇ ਦਿਨ ਸਵੇਰੇ 4 ਵਜੇ ਤੋਂ 5 ਵਜੇ ਤੱਕ ਅਤੇ ਰਾਤ ਨੂੰ 9 ਵਜੇ ਤੋਂ 10 ਵਜੇ ਤੱਕ ਪਟਾਕੇ ਚਲਾਏ ਜਾ ਸਕਦੇ ਹਨ। ਇਸੇ ਤਰ੍ਹਾਂ ਕ੍ਰਿਸਮਿਸ ਦੀ ਪੂਰਵ ਸੰਧਿਆ 'ਤੇ ਰਾਤ 11.55 ਤੋਂ ਅਗਲੀ ਸਵੇਰ 12.30 ਵਜੇ ਤੱਕ ਅਤੇ ਨਵੇਂ ਸਾਲ ਦੀ ਪੂਰਵ ਸੰਧਿਆ 'ਤੇ ਰਾਤ 11.55 ਤੋਂ ਅਗਲੀ ਸਵੇਰ 12.30 ਵਜੇ ਤੱਕ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ। ਇਸ ਸਮੇਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਕਿਸੇ ਵੀ ਤਰ੍ਹਾਂ ਦੇ ਪਟਾਕੇ ਚਲਾਉਣ 'ਤੇ ਪਾਬੰਦੀ ਹੋਵੇਗੀ ਅਤੇ ਉਲੰਘਣਾ ਕਰਨ ਵਾਲਿਆਂ ਵਿਰੁਧ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕੋਈ ਵੈਬਸਾਈਟ, ਈ ਕਾਮਰਸ ਸਾਈਟ ਆਦਿ ਪਟਾਕੇ ਨਹੀਂ ਵੇਚ ਸਕਣਗੇ। ਵਧੀਕ ਜ਼ਿਲ੍ਹਾ ਮੈਜਿਸਟ?ਰੇਟ ਨੇ ਹੋਰ ਕਿਹਾ ਕਿ ਵਿਆਹ ਸ਼ਾਦੀਆਂ ਦੇ ਸਮਾਗਮਾਂ ਸਮੇਂ ਪਟਾਕੇ ਆਦਿ ਚਲਾਉਣ ਲਈ ਮੈਰਿਜ ਪੈਲੇਸ ਮਾਲਕ ਵੱਲੋਂ ਇਸ ਸਬੰਧੀਂ ਲਾਇਸੈਂਸ ਲੈਣਾ ਲਾਜਮੀ ਹੋਵੇਗਾ

ਸਮਾਗਮਾਂ ਮੌਕੇ ਪਟਾਕਿਆਂ ਨੂੰ ਚਲਾਉਣ ਲਈ ਵੀ ਲਾਇਸੈਂਸ ਲੈਣਾ ਲਾਜਮੀ ਹੈ। ਇਸ ਦੌਰਾਨ ਜ਼ਿਲ੍ਹਾ ਮੈਜਿਸਟ?ਰੇਟ ਨੇ ਦੱਸਿਆ ਕਿ ਉਨ੍ਹਾਂ ਨੇ ਨਗਰ ਨਿਗਮ ਕਮਿਸ਼ਨਰ, ਐਸ.ਐਸ.ਪੀ., ਸਾਰੇ ਐਸ.ਡੀ.ਐਮਜ, ਕਾਰਜਕਾਰੀ ਇੰਜਨੀਅਰ ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਨੂੰ ਹਦਾਇਤਾਂ ਜਾਰੀ ਕਰਦਿਆਂ ਲੋੜੀਂਦੀ ਕਾਰਵਾਈ ਕਰਨ ਦੇ ਆਦੇਸ਼ ਜਾਰੀ ਕੀਤੇ ਗਏ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਮਾਣਯੋਗ ਸੁਪਰੀਮ ਕੋਰਟ ਅਤੇ ਪੰਜਾਬ ਤੇ ਹਰਿਆਣਾ ਉਚ ਅਦਾਲਤ ਦੇ ਹੁਕਮਾਂ ਮੁਤਾਬਕ ਹੀ ਆਮ ਲੋਕ ਪਟਾਕੇ ਕੇਵਲ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਹੀ ਚਲਾਉਣ। ਉਨ੍ਹਾਂ ਕਿਹਾ ਕਿ ਪਟਾਕਿਆਂ ਦੇ ਜਿੱਥੇ ਵਾਤਾਵਰਣ 'ਤੇ ਮਾੜੇ ਪ੍ਰਭਾਵ ਪੈਂਦੇ ਹਨ, ਉਥੇ ਹੀ ਇਨ੍ਹਾਂ ਦੀ ਆਵਾਜ ਤੇ ਪ੍ਰਦੂਸਨ ਦਾ ਮਨੁੱਖਾਂ ਦੇ ਨਾਲ-ਨਾਲ ਪਸ਼ੂ-ਪੰਛੀਆਂ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ, ਜਿਸ ਲਈ ਜਿੰਨ੍ਹਾ ਸੰਭਵ ਹੋ ਸਕੇ ਆਮ ਲੋਕ ਪਟਾਕੇ ਚਲਾਉਣ ਤੋਂ ਗੁਰੇਜ਼ ਕਰਨ।

ਪਰਵਿੰਦਰ ਝੋਟਾ ਕਤਲ ਕਾਂਡ: ਪਰਿਵਾਰ ਨੂੰ ਇਨਸਾਫ਼ ਮਿਲਣ ਤੱਕ ਭਾਜਪਾ ਸੰਘਰਸ਼ ਜਾਰੀ ਰੱਖੇਗੀ : ਕੇਵਲ ਸਿੰਘ ਢਿੱਲੋਂ

ਕੌਮੀ ਪੜ੍ਹਿਕਾ

ਚੰਡੀਗੜ੍ਹ 26 ਅਕਤੂਬਰ। ਮਾਨਸਾ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਨੌਜਵਾਨ ਸਮਾਜ ਸੇਵਕ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਦੇ ਵਿਰੋਧ ਵਿੱਚ ਕੀਤੇ ਗਏ ਪੰਜਾਬ ਬੰਦ ਦੌਰਾਨ ਭਾਰਤੀ ਜਨਤਾ ਪਾਰਟੀ ਵਲੋਂ ਵੀ ਭਰਵੀਂ ਸ਼ਮੂਲੀਅਤ ਕੀਤੀ ਗਈ। ਪਾਰਟੀ ਵਰਕਰਾਂ ਨੇ ਸਾਰੇ ਜ਼ਿਲ੍ਹਿਆਂ ਵਿੱਚ ਪੀੜਤ ਪਰਿਵਾਰ ਲਈ ਇਨਸਾਫ਼ ਦੀ ਮੰਗ ਉਠਾਈ। ਸੂਬੇ ਭਰ ਵਿੱਚ ਕੀਤੇ ਗਏ ਇਨ੍ਹਾਂ ਸਫ਼ਲ ਪ੍ਰਦਰਸ਼ਨਾਂ ਲਈ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਪੰਜਾਬ ਦੇ ਸਮੁੱਚੇ ਲੋਕਾਂ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦਾ ਇਹ ਸਮਰਥਨ ਦਰਸਾਉਂਦਾ ਹੈ ਕਿ ਪੰਜਾਬ ਹੁਣ ਨਸ਼ਿਆਂ ਵਿਰੁੱਧ ਇੱਕਜੁੱਟ ਹੋ ਚੁੱਕਾ ਹੈ। ਢਿੱਲੋਂ ਨੇ ਸਪੱਸ਼ਟ ਕਿਹਾ ਕਿ ਭਾਜਪਾ ਇਸ ਮਾਮਲੇ ਨੂੰ ਠੰਢਾ ਨਹੀਂ ਪੈਣ ਦੇਵੇਗੀ। ਪਾਰਟੀ ਇਸ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਲਗਾਤਾਰ ਉਠਾਉਂਦੀ ਰਹੇਗੀ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਮਿਲ ਸਕੇ। ਉਨ੍ਹਾਂ ਮੁੜ ਦੁਹਰਾਇਆ ਕਿ ਜਦੋਂ ਤੱਕ ਪੀੜਤ ਪਰਿਵਾਰ ਨੂੰ ਇਨਸਾਫ਼ ਨਹੀਂ ਮਿਲ ਜਾਂਦਾ, ਉਦੋਂ ਤੱਕ ਪਾਰਟੀ ਦਾ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਇਹ ਲੜਾਈ ਸਿਰਫ਼ ਇੱਕ ਪਰਿਵਾਰ ਦੀ ਨਹੀਂ, ਸਗੋਂ ਪੂਰੇ ਪੰਜਾਬ ਦੀ ਹੈ। ਮਾਨਸਾ ਵਿੱਚ ਹੱਤਿਆ ਦੇ ਮੁਲਜ਼ਮ ਨਸ਼ਾ ਵੇਚਣ ਵਾਲੇ ਕੈਮਿਸਟ ਦਾ ਘਰ ਅਤੇ ਮੈਡੀਕਲ ਸਟੋਰ ਢਾਹੁਣ ਦੀ ਸੂਬਾ ਸਰਕਾਰ ਦੀ ਕਾਰਵਾਈ 'ਤੇ ਵੀ ਢਿੱਲੋਂ ਨੇ ਤਿੱਖਾ ਵਿਅੰਗ ਕੀਤਾ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਦਿਖਾਵੇ ਦੀ ਕਾਰਵਾਈ ਹੈ। ਸੂਬੇ ਵਿੱਚ ਨਸ਼ਾ ਤਸਕਰ ਬੇਖ਼ੌਫ਼ ਘੁੰਮ ਰਹੇ ਹਨ। ਉਨ੍ਹਾਂ ਨੂੰ ਨਾ ਤਾਂ ਪੁਲਸ ਦਾ ਡਰ ਹੈ ਅਤੇ ਨਾ ਹੀ ਸਰਕਾਰ ਦਾ। ਸਰਕਾਰ ਨੇ ਨਸ਼ਿਆਂ ਨੂੰ ਖ਼ਤਮ ਕਰਨ ਦੇ ਸਿਰਫ਼ ਖੋਖਲੇ ਵਾਅਦੇ ਕੀਤੇ ਹਨ, ਪਰ ਜ਼ਮੀਨੀ ਪੱਧਰ 'ਤੇ ਕੁਝ ਨਹੀਂ ਕੀਤਾ। ਪੰਜਾਬ ਦੇ ਮੌਜੂਦਾ ਹਾਲਾਤ ਲਈ ਢਿੱਲੋਂ ਨੇ ਸਿੱਧੇ ਤੌਰ 'ਤੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਦੀ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਅਜਿਹਾ ਕਮਜ਼ੋਰ ਮੁੱਖ

ਮੰਤਰੀ ਨਹੀਂ ਚਾਹੀਦਾ, ਜੋ ਨਸ਼ਾ ਤਸਕਰਾਂ 'ਤੇ ਨੱਥ ਪਾਉਣ ਵਿੱਚ ਨਾਕਾਮ ਰਹੇ। ਭਗਵੰਤ ਮਾਨ ਨੂੰ ਨੈਤਿਕ ਜ਼ਿੰਮੇਵਾਰੀ ਲੈਂਦਿਆਂ ਆਪਣੇ ਅਹੁਦੇ ਤੋਂ ਖ਼ੁਦ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ। ਸੂਬਾ ਪ੍ਰਧਾਨ ਨੇ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਸੂਬੇ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਇਸ ਮੁੱਦੇ ਨੂੰ ਲੈ ਕੇ ਗੰਭੀਰ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ 31 ਦਸੰਬਰ, 2029 ਦੀ ਸਮਾਂ-ਸੀਮਾ ਤੈਅ ਕੀਤੀ ਹੈ ਅਤੇ ਪੰਜਾਬ ਵਿੱਚ ਭਜਾਪਾ ਦੀ ਸਰਕਾਰ ਬਣਨ ਉੱਤੇ ਦੋ ਸਾਲ ਵਿੱਚ ਨਸ਼ੇ ਨੂੰ ਜੜ੍ਹੋਂ ਪੁੱਟ ਦਿੱਤਾ ਜਾਵੇਗਾ।

'ਪੰਜਾਬ ਦੀਆਂ ਜੇਲ੍ਹਾਂ 'ਚੋਂ ਚੱਲ ਰਹੇ ਨਸ਼ਾ ਤਸਕਰੀ ਨੈੱਟਵਰਕ ਦੀ ਹੋਵੇ NIA ਜਾਂਚ', ਜਾਖੜ ਨੇ ਅਮਿਤ ਸ਼ਾਹ ਨੂੰ ਲਿਖੀ ਚਿੱਠੀ

ਕੌਮੀ ਪੜ੍ਹਿਕਾ

ਚੰਡੀਗੜ੍ਹ 26 ਅਕਤੂਬਰ। ਭਾਰਤੀ ਜਨਤਾ ਪਾਰਟੀ ਦੇ ਸਾਬਕਾ ਪੰਜਾਬ ਪ੍ਰਧਾਨ ਸੁਨੀਲ ਜਾਖੜ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਇਕ ਚਿੱਠੀ ਲਿਖ ਕੇ ਪੰਜਾਬ ਵਿਚ ਜੇਲ੍ਹਾਂ ਤੋਂ ਚੱਲ ਰਹੇ ਨਸ਼ਾ ਤਸਕਰੀ ਦੇ ਨੈੱਟਵਰਕ ਅਤੇ ਮਨੀ ਲਾਂਡਰਿੰਗ ਦੀ ਰਾਸ਼ਟਰੀ ਜਾਂਚ ਏਜੰਸੀ (©91) ਅਤੇ ਐਨਫੋਰਸਮੈਂਟ ਡਾਇਰੈਕਟੋਰੇਟ (54) ਤੋਂ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਜਾਖੜ ਨੇ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਪੰਜਾਬ ਵਿਚ ਨਸ਼ਿਆਂ ਦੀ ਸਮੱਸਿਆ ਨੂੰ ਠੱਲ੍ਹ ਪਾਉਣ ਵਿਚ ਨਾਕਾਮ ਰਹੀ ਹੈ। ਜਾਖੜ ਨੇ ਆਪਣੀ ਚਿੱਠੀ ਵਿਚ ਪਰਵਿੰਦਰ ਸਿੰਘ ਝੋਟਾ ਕਤਲਕਾਂਡ ਦਾ ਹਵਾਲਾ ਦਿੰਦਿਆਂ ਮਾਨਸਾ ਨਾਲ ਜੁੜੇ ਡਰੱਗ ਇੰਸਪੈਕਟਰ ਸ਼ੀਸ਼ਮ ਕੁਮਾਰ ਦੇ ਮਾਮਲੇ ਨੂੰ ਨਾਲ ਚੁੱਕਿਆ, ਜਿਸ ਨੂੰ ਪੰਜਾਬ ਪੁਲਸ ਨੇ ਸਾਲ 2024 ਵਿਚ ਗ੍ਰਿਫ਼ਤਾਰ ਕੀਤਾ ਸੀ। ਜਾਖੜ ਅਨੁਸਾਰ, ਗ੍ਰਿਫ਼ਤਾਰੀ ਦੌਰਾਨ ਇਸ ਡਰੱਗ ਇੰਸਪੈਕਟਰ ਕੋਲੋਂ ਕਰੋੜਾਂ ਰੁਪਏ ਦੀਆਂ ਚੱਲ-ਅਚੱਲ ਜਾਇਦਾਦਾਂ



ਬਰਾਮਦ ਹੋਈਆਂ ਸਨ, ਜਿਨ੍ਹਾਂ ਵਿਚ 24 ਬੈਂਕ ਖਾਤਿਆਂ 'ਚ 7.09 ਕਰੋੜ ਰੁਪਏ, ਦੋ ਬੈਂਕ ਲਾਕਰ, 1.49 ਕਰੋੜ ਰੁਪਏ ਨਕਦ, 260 ਗ੍ਰਾਮ ਸੋਨਾ, ਵਿਦੇਸ਼ੀ ਕਰੰਸੀ ਅਤੇ 2.40 ਕਰੋੜ ਰੁਪਏ ਦੀ ਅਚੱਲ ਜਾਇਦਾਦ ਸ਼ਾਮਲ ਸੀ। ਉਨ੍ਹਾਂ ਦੱਸਿਆ ਕਿ ਪੰਜਾਬ ਦੇ 47♦ ਕਿੰਗਪਿਨ ਵਜੋਂ ਕੰਮ ਕਰ ਰਿਹਾ ਸੀ ਅਤੇ ਨਸ਼ਿਆਂ ਦੀ ਵਿਕਰੀ ਨੂੰ ਸੁਚਾਰੂ ਬਣਾਉਂਦਾ ਸੀ। ਪੱਤਰ ਵਿਚ ਜ਼ਿਕਰ ਕੀਤਾ ਗਿਆ ਹੈ ਕਿ ਇਸ ਮਾਮਲੇ ਦੇ ਤਾਰ ਜੇਲ੍ਹਾਂ ਤੋਂ ਚੱਲਦੇ ਨੈੱਟਵਰਕ ਅਤੇ ਸਰਹੱਦ ਪਾਰ ਨਸ਼ਾ ਤਸਕਰੀ ਨਾਲ ਜੁੜੇ ਹੋਏ ਸਨ, ਜੋ ਕਿ ਸਿੱਧੇ ਤੌਰ 'ਤੇ ਮਨੀ ਲਾਂਡਰਿੰਗ ਨੇ ਖ਼ੁਦ ਮੰਨਿਆ ਸੀ ਕਿ ਇਹ ਡਰੱਗ ਇੰਸਪੈਕਟਰ ਜੇਲ੍ਹਾਂ ਵਿਚ ਬੰਦ ਤਸਕਰਾਂ ਦੇ ਗਿਰੋਹ ਦੇ ਹੋਈ ਧੋਖਾਧੜੀ ਦੇ ਮਾਮਲੇ 'ਚ ਉਨ੍ਹਾਂ ਦੀ ਕੰਪਨੀ ਅਤੇ ਐੱਮ. ਡੀ. ਬਾਰੇ ਗਲਤ, ਝੂਠੀਆਂ ਤੇ ਬੇਬੁਨਿਆਦ ਅਫ਼ਵਾਹਾਂ ਫੈਲਾ ਕੇ ਉਨ੍ਹਾਂ ਦੇ ਅਕਸ ਖ਼ਰਾਬ ਕਰਨ ਦੀ ਸਾਜ਼ਿਸ਼ ਰਚੀ ਸੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਕੰਪਨੀ ਅਤੇ ਮਾਲਕ 'ਤੇ ਲਗਾਏ ਗਏ ਸਾਰੇ ਦੋਸ਼ ਬੇਬੁਨਿਆਦ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਕੁਝ ਸ਼ਰਾਰਤੀ ਅਨਸਰਾਂ ਨੇ ਉਨ੍ਹਾਂ ਦੇ ਰੀਅਲ ਅਸਟੇਟ ਕਾਰੋਬਾਰ ਨੂੰ ਨੁਕਸਾਨ ਪਹੁੰਚਾਉਣ ਦੇ ਮਕਸਦ ਨਾਲ ਇਹ ਸਾਜ਼ਿਸ਼ ਜਾਣਬੁੱਝ ਕੇ ਰਚੀ ਸੀ। ਜ਼ਿਕਰਯੋਗ ਹੈ ਕਿ ਕੈਨੇਡਾ ਸਰਕਾਰ ਨੇ ਕੈਨੇਡੀਅਨ ਪਰਮਾਨੈਂਟ ਰੈਜ਼ੀਡੈਂਸੀ, ਕੈਨੇਡਾ ਸਿਟੀਜ਼ਨ ਅਤੇ ਨਿਵਾਸੀ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਕੁਝ ਸਾਲ ਪਹਿਲਾਂ ਓਸੈਪ ਗ੍ਰਾਂਟ ਦੀ ਸ਼ੁਰੂਆਤ ਕੀਤੀ ਸੀ। ਕੋਵਿਡ-19 ਦੌਰਾਨ ਵੀ ਆਨਲਾਈਨ ਕਲਾਸਾਂ ਲਈ ਕੈਨੇਡਾ ਸਰਕਾਰ ਨੇ ਇਸ ਸਕੀਮ ਨੂੰ ਮਨਜ਼ੂਰੀ ਦਿੱਤੀ ਸੀ। ਕੋਵਿਡ ਖ਼ਤਮ ਹੋਣ ਤੋਂ ਬਾਅਦ ਵੀ ਇਸ ਸਕੀਮ ਨੂੰ ਜਾਰੀ ਰੱਖਿਆ ਗਿਆ ਅਤੇ ਇਸ ਨੂੰ ਬੰਦ ਨਹੀਂ ਕੀਤਾ ਗਿਆ। ਜਿਸ 'ਚ ਕੈਨੇਡਾ ਵਿੱਚ ਰਹਿੰਦੇ ਕਈ ਵਿਦਿਆਰਥੀਆਂ ਨੇ ਇਸ ਸਕੀਮ ਦਾ ਲਾਭ ਉਠਾਇਆ। ਇਹ ਸਕੀਮ ਸਰਕਾਰ ਦੀਆਂ ਸ਼ਰਤਾਂ ਮੁਤਾਬਕ ਸਿਰਫ਼ ਡੋਮੈਸਟਿਕ (ਸਥਾਨਕ) ਵਿਦਿਆਰਥੀਆਂ ਨੂੰ ਹੀ ਦਿੱਤੀ ਜਾਂਦੀ ਸੀ, ਜਦਕਿ ਇੰਟਰਨੈਸ਼ਨਲ ਵਿਦਿਆਰਥੀਆਂ ਲਈ ਇਹ ਸਕੀਮ ਮਾਨਤਾ ਪ੍ਰਾਪਤ ਨਹੀਂ ਸੀ। ਕੁਝ ਸਮਾਂ ਪਹਿਲਾਂ ਕੈਨੇਡਾ ਸਰਕਾਰ ਨੇ ਕੁਝ ਪ੍ਰਾਈਵੇਟ ਕਾਲਜਾਂ ਦਾ ਆਡਿਟ ਕੀਤਾ, ਜਿਸ 'ਚ ਇਕ ਕਾਲਜ 'ਚ ਕਾਰੋਬਾਰੀ ਗੁਰਿੰਦਰ ਭੱਟੀ ਦਾ ਹਿੱਸਾ (ਸ਼ੇਅਰ) ਵੀ ਸੀ। ਕੈਨੇਡਾ ਸਰਕਾਰ ਨੇ ਆਡਿਟ ਦੌਰਾਨ ਕਈ ਕਾਲਜਾਂ 'ਚ ਖਾਮੀਆਂ ਪਾਈਆਂ ਅਤੇ ਸਰਕਾਰ ਨੇ ਲਗਭਗ 7 ਕਾਲਜਾਂ ਨੂੰ ਨੋਟਿਸ ਜਾਰੀ ਕੀਤਾ। ਜਿਸ 'ਚ ਸਿਰਫ਼ 'ਅਕੈਡਮਿਕ ਕਾਲਜ ਆਫ਼ ਲਰਨਿੰਗ' ਦੇ ਪ੍ਰਤੀਨਿਧੀ ਪੁਨੀਤ ਖੰਨਾ ਨੇ ਸਰਕਾਰ ਦੇ ਫ਼ੈਸਲੇ ਖ਼?ਲਾਫ਼ ਕੈਨੇਡਾ ਦੀ ਅਦਾਲਤ ਵਿੱਚ ਯਾਚਿਕਾ ਦਾਇਰ ਕਰਕੇ ਮਾਮਲੇ ਦੀ ਨਿਰਪੱਖ ਜਾਂਚ ਅਤੇ ਇਨਸਾਫ਼ ਦੀ ਮੰਗ ਕੀਤੀ, ਜਦੋਂਕਿ ਇਸ ਮਾਮਲੇ ਵਿੱਚ ਸਰਕਾਰ ਨੇ ਕਿਸੇ ਦਾ ਵੀ ਨਾਂ ਉਜਾਗਰ ਨਹੀਂ ਕੀਤਾ ਸੀ। ਜਿਸ ਤੋਂ ਬਾਅਦ ਕੁਝ ਸਾਜ਼ਿਸ਼ਕਰਤਾਵਾਂ ਨੇ ਇਸ ਮਾਮਲੇ 'ਚ ਰੀਅਲ ਅਸਟੇਟ ਕਾਰੋਬਾਰੀ ਗੁਰਿੰਦਰ ਭੱਟੀ ਨੂੰ ਬਦਨਾਮ ਕਰਨ ਦੀ ਸਾਜ਼ਿਸ਼ ਤਹਿਤ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਇਸ ਮਾਮਲੇ ਨੂੰ ਮਰੋੜ ਕੇ ਅਤੇ ਬਿਨਾਂ ਕਿਸੇ ਤੱਥਾਂ ਦੇ ਆਧਾਰ 'ਤੇ ਉਨ੍ਹਾਂ ਦੀਆਂ ਤਸਵੀਰਾਂ ਜੋੜ ਕੇ ਫ਼ਰਜ਼ੀ ਖ਼ਬਰਾਂ ਚਲਾ ਦਿੱਤੀਆਂ। ਦੋਸ਼ ਬੇਬੁਨਿਆਦ ਹੋਣ ਕਾਰਨ ਪੰਜਾਬ ਪੁਲਸ ਨੇ ਵੀ ਮਾਮਲੇ ਦੀ ਜਾਂਚ ਤੋਂ ਬਾਅਦ ਕੇਸ ਦਰਜ ਕਰ ਲਿਆ ਹੈ ਅਤੇ 119 ਸੋਸ਼ਲ ਮੀਡੀਆ ਲਿੰਕਾਂ ਨੂੰ ਐੱਫ਼. ਆਈ. ਆਰ. 'ਚ ਦਰਜ ਕਰਕੇ ਅੱਗੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਦੇਵੀ ਦੁਰਗਾ ਦੀ ਤਸਵੀਰ ਨਾਲ ਬਰਿਯਾਨੀ ਦੇ ਇਸ਼ਤਿਹਾਰ 'ਤੇ ਵਿਵਾਦ

ਕੋਲਕਾਤਾ 26 ਅਕਤੂਬਰ। ਪੱਛਮੀ ਬੰਗਾਲ ਦੇ ਹੁਗਲੀ ਜ਼ਿਲ੍ਹੇ ਵਿਚ ਬਰਿਯਾਨੀ ਦੀ ਇਕ ਦੁਕਾਨ ਦੇ ਇਸ਼ਤਿਹਾਰ ਵਿਚ ਦੇਵੀ ਦੁਰਗਾ ਦੀ ਤਸਵੀਰ ਨਾਲ ਮਾਸਾਹਾਰੀ ਪਕਵਾਨ ਦਿਖਾਏ ਜਾਣ 'ਤੇ ਵਿਵਾਦ ਖੜ੍ਹਾ ਹੋ ਗਿਆ ਹੈ। ਸਥਾਨਕ ਲੋਕਾਂ ਦੇ ਇਤਰਾਜ਼ ਤੋਂ ਬਾਅਦ ਭਾਜਪਾ ਦੇ ਸਥਾਨਕ ਵਿਧਾਇਕ ਨੇ ਇਸ਼ਤਿਹਾਰ ਨੂੰ ਤੁਰੰਤ ਹਟਾਉਣ ਦੀ ਮੰਗ ਕੀਤੀ ਹੈ ਅਤੇ ਦੋਸ਼ ਲਗਾਇਆ ਹੈ ਕਿ ਇਸ ਨਾਲ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਉੱਤਰਪਾੜਾ ਦੇ ਹਿੰਦਮੋਟਰ ਇਲਾਕੇ ਵਿਚ ਇਕ